ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 25 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੧੨ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਫੁੱਲਾਂ ਨਾਲ ਸਜਿਆ ਸ੍ਰੀ ਹੇਮਕੁੰਟ ਸਾਹਿਬ, ਖੁੱਲ੍ਹ ਗਏ ਕਿਵਾੜ



**ਸ੍ਰੀ ਹੇਮਕੁੰਟ ਸਾਹਿਬ, 24 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰਾਖੰਡ ਵਿਖੇ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਾਪਤ ਪ੍ਰਸਿੱਧ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸ਼ੁਰੂ ਹੋ ਗਈ ਹੈ। ਭਲਕੇ ਅਰਦਾਸ ਮਗਰੋਂ ਗੁਰਦੁਆਰਾ ਸਾਹਿਬ ਦੇ ਕਪਾਟ ਖੋਲ੍ਹ ਦਿੱਤੇ ਜਾਣਗੇ। ਦੱਸ ਦੇਈਏ ਕਿ ਕਿਵਾੜ ਖੁੱਲ੍ਹਣ ਦੀਆਂ ਤਿਆਰੀਆਂ ਪੂਰੀ ਤਰ੍ਹਾਂ ਨਾਲ ਮੁਕੰਮਲ ਹੋ ਗਈਆਂ ਹਨ। ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਨੂੰ ਸੋਹਣੇ ਫੁੱਲਾਂ ਨਾਲ ਸਜਾਇਆ ਗਿਆ ਹੈ। ਦੱਸ ਦੇਈਏ ਕਿ ਬੀਤੇ ਦਿਨੀਂ ਰਿਸ਼ੀਕੇਸ਼ ਤੋਂ 5 ਪਿਆਰਿਆਂ ਦੀ ਅਗਵਾਈ ਵਿਚ ਪਹਿਲਾ ਜਥਾ ਰਵਾਨਾ ਹੋ ਗਿਆ ਸੀ, ਜੋ ਗੋਬਿੰਦ ਘਾਟ ਅਤੇ ਗੋਬਿੰਦ ਧਾਮ ਤੋਂ ਚੱਲ ਕੇ ਭਲਕੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਪਹੁੰਚ ਜਾਵੇਗਾ। ਇਸ ਮੌਕੇ ਸੰਗਤਾਂ ਦਾ ਵੱਡਾ ਇਕੱਠ ਠਾਠਾਂ ਮਾਰਦਾ ਦਿਖਾਈ ਦੇਵੇਗਾ। ਦਰਬਾਰ ਸਾਹਿਬ 'ਚ ਪੰਜ ਪਿਆਰਿਆਂ ਦੀ ਅਗਵਾਈ ਵਿਚ ਕਪਾਟ ਖੁੱਲ੍ਹਣ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋਵੇਗਾ। ਇਸ ਮੌਕੇ ਸੁਖਮਨੀ ਦਾ ਪਾਠ ਅਤੇ ਸ਼ਬਦ ਕੀਰਤਨ ਕੀਤਾ ਜਾਵੇਗਾ।

### ਦਿੱਲੀ, ਹਰਿਆਣਾ ਸਣੇ ਇਨ੍ਹਾਂ ਸੂਬਿਆਂ 'ਚੋਂ ਸਾਹਮਣੇ ਆਏ ਨਵੇਂ ਕੇਸ, ਐਡਵਾਈਜ਼ਰੀ ਜਾਰੀ

# ਮੁੜ ਡਰਾਉਣ ਲੱਗਿਆ ਕੋਰੋਨਾ

**ਚੰਡੀਗੜ੍ਹ, 24 ਮਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੇ ਕਈ ਇਲਾਕਿਆਂ ਵਿੱਚ ਕੋਵਿਡ-19 ਦੇ ਮਾਮਲਿਆਂ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ, ਜਿਸ ਕਾਰਨ ਸਰਕਾਰਾਂ ਨੇ ਚਿੰਤਾ ਪ੍ਰਗਟ ਕੀਤੀ ਹੈ ਅਤੇ ਨਾਗਰਿਕਾਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਹੈ। ਇਸ ਦੌਰਾਨ, ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ, ਸਰਕਾਰ ਨੇ ਇੱਕ ਐਡਵਾਈਜ਼ਰੀ ਜਾਰੀ ਕੀਤੀ ਹੈ ਅਤੇ ਸਾਰੇ ਹਸਪਤਾਲਾਂ ਨੂੰ ਸੁਚੇਤ ਰਹਿਣ ਅਤੇ ਕੋਵਿਡ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਇਹ ਪਹਿਲੀ ਵਾਰ ਹੈ ਜਦੋਂ ਲਗਭਗ ਤਿੰਨ ਸਾਲਾਂ ਬਾਅਦ ਦਿੱਲੀ ਵਿੱਚ ਕੋਵਿਡ-19 ਦੇ ਮਾਮਲੇ ਸਾਹਮਣੇ ਆਏ ਹਨ। ਇਸ ਦੇ ਨਾਲ ਹੀ, ਗੁਜਰਾਤ, ਹਰਿਆਣਾ, ਕੇਰਲ ਅਤੇ ਕਰਨਾਟਕ ਸਮੇਤ ਕਈ ਰਾਜਾਂ ਵਿੱਚ ਕੋਵਿਡ-19 ਦੇ ਨਵੇਂ ਮਾਮਲੇ ਸਾਹਮਣੇ ਆਏ ਹਨ। ਦਿੱਲੀ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਜਾਰੀ ਇੱਕ ਐਡਵਾਈਜ਼ਰੀ ਵਿੱਚ, ਸਾਰੇ



ਹਸਪਤਾਲਾਂ ਨੂੰ ਬਿਸਤਰੇ, ਆਕਸੀਜਨ, ਦਵਾਈਆਂ ਅਤੇ ਟੀਕਿਆਂ ਦੀ ਉਪਲਬਧਤਾ ਲਈ ਤਿਆਰ ਰਹਿਣ ਲਈ ਕਿਹਾ ਗਿਆ ਹੈ। ਸ਼ੁੱਕਰਵਾਰ ਨੂੰ, ਸਿਹਤ ਮੰਤਰੀ ਪੰਕਜ ਸਿੰਘ ਨੇ ਕਿਹਾ ਕਿ ਵੀਰਵਾਰ ਤੱਕ, ਕੋਵਿਡ-19 ਦੇ 23 ਮਾਮਲੇ ਸਾਹਮਣੇ ਆਏ ਹਨ ਅਤੇ ਸਰਕਾਰ ਇਸ ਗੱਲ ਦੀ ਪੁਸ਼ਟੀ ਕਰ ਰਹੀ ਹੈ ਕਿ ਮਰੀਜ਼ ਦਿੱਲੀ ਦੇ ਵਸਨੀਕ ਹਨ ਜਾਂ ਸ਼ਹਿਰ ਤੋਂ ਬਾਹਰ ਯਾਤਰਾ ਕੀਤੀ ਹੈ। ਸਿਹਤ ਮੰਤਰੀ ਨੇ ਕਿਹਾ ਕਿ ਇਹ ਸਕਾਰਾਤਮਕ ਮਾਮਲੇ ਨਿੱਜੀ ਲੈਬਾਂ ਦੁਆਰਾ ਰਿਪੋਰਟ ਕੀਤੇ ਗਏ ਹਨ ਅਤੇ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਵੇਰੀਐਂਟ ਵਿੱਚ ਆਮ ਇਨਫਲੂਐਂਜ਼ਾ ਵਰਗੇ ਲੱਛਣ ਹਨ। ਦਿੱਲੀ ਸਰਕਾਰ ਦੇ ਸਿਹਤ ਮੰਤਰੀ ਪੰਕਜ ਸਿੰਘ ਨੇ ਅੱਜ ਤੱਕ ਨਾਲ ਗੱਲਬਾਤ ਵਿੱਚ ਕਿਹਾ ਕਿ ਅੱਜ ਅਸੀਂ ਦਿੱਲੀ ਦੇ ਸਾਰੇ ਹਸਪਤਾਲਾਂ ਦੇ ਮੈਡੀਕਲ ਸੁਪਰਡੈਂਟਾਂ ਨਾਲ ਇੱਕ ਮੀਟਿੰਗ ਕੀਤੀ ਹੈ, ਜਿਸ ਵਿੱਚ ਹਸਪਤਾਲਾਂ ਨੂੰ ਕੋਵਿਡ ਨਾਲ ਲੜਨ ਲਈ ਸਾਰੀਆਂ ਤਿਆਰੀਆਂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਭਾਵੇਂ ਉਹ ਆਕਸੀਜਨ ਬੈੱਡ ਹੋਣ ਜਾਂ ਆਕਸੀਜਨ ਕੰਸਨਟ੍ਰੇਟਰ।

## ਪਾਕਿਸਤਾਨ ਵਿੱਚ ਕੋਰੋਨਾ ਦਾ ਕਹਿਰ ਸ਼ੁਰੂ, ਕਰਾਚੀ ਵਿੱਚ 4 ਲੋਕਾਂ ਦੀ ਹੋਈ ਮੌਤ

ਚੀਨ ਦੇ ਕਰੀਬੀ ਦੋਸਤ ਪਾਕਿਸਤਾਨ ਵਿੱਚ ਕੋਰੋਨਾ ਨੇ ਆਪਣੇ ਰੰਗ ਦਿਖਾਉਣੇ ਸ਼ੁਰੂ ਕਰ ਦਿੱਤੇ ਹਨ। ਪਿਛਲੇ 15 ਦਿਨਾਂ ਦੇ ਅੰਦਰ ਕਰਾਚੀ ਵਿੱਚ ਕੋਵਿਡ-19 ਕਾਰਨ ਘੱਟੋ-ਘੱਟ ਚਾਰ ਲੋਕਾਂ ਦੀ ਮੌਤ ਹੋ ਗਈ ਹੈ। ਸਥਾਨਕ ਮੀਡੀਆ ਦੇ ਅਨੁਸਾਰ ਮਰਨ ਵਾਲਿਆਂ ਵਿੱਚੋਂ ਜ਼ਿਆਦਾਤਰ ਬਜ਼ੁਰਗ ਲੋਕ ਸਨ, ਜਿਨ੍ਹਾਂ ਦੀ ਇਮਿਊਨ ਸਿਸਟਮ ਕਮਜ਼ੋਰ ਸੀ ਅਤੇ ਜੋ ਪਹਿਲਾਂ ਹੀ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਤੋਂ ਪੀੜਤ ਸਨ। ਖ਼ਬਰਾਂ ਅਨੁਸਾਰ ਸਾਰੀਆਂ ਮੌਤਾਂ ਆਗਾ ਖਾਨ ਯੂਨੀਵਰਸਿਟੀ ਹਸਪਤਾਲ ਵਿੱਚ ਹੋਈਆਂ। ਇਸ ਹਸਪਤਾਲ ਵਿੱਚ ਵੱਡੀ ਗਿਣਤੀ ਵਿੱਚ ਕੋਵਿਡ-19 ਮਰੀਜ਼ ਦਾਖਲ ਹੋ ਰਹੇ ਹਨ। ਸਿਹਤ ਮਾਹਿਰਾਂ ਦਾ ਕਹਿਣਾ ਹੈ ਕਿ ਗਰਮੀਆਂ ਵਿੱਚ ਕੋਰੋਨਾ ਦੇ ਮਾਮਲਿਆਂ ਵਿੱਚ ਵਾਧਾ ਅਸਾਧਾਰਨ ਹੈ। ਛੂਤ ਦੀਆਂ ਬਿਮਾਰੀਆਂ ਦੇ ਮਾਹਰ ਪ੍ਰੋਫੈਸਰ ਡਾ: ਸਈਦ ਫੈਸਲ ਮਹਿਮੂਦ ਨੇ ਕਿਹਾ ਕਿ ਹਸਪਤਾਲ ਵਿੱਚ ਕੋਵਿਡ ਮਰੀਜ਼ਾਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ। ਉਨ੍ਹਾਂ ਕਿਹਾ, 'ਅਸੀਂ ਦੇਖ ਰਹੇ ਹਾਂ ਕਿ ਕੋਵਿਡ-19 ਦੇ ਮਰੀਜ਼ ਹਰ ਰੋਜ਼ ਹਸਪਤਾਲਾਂ ਵਿੱਚ ਦਾਖਲ ਹੋ ਰਹੇ ਹਨ।' ਮੌਜੂਦਾ ਲਹਿਰ ਨੂੰ "ਅਜੀਬ" ਦੱਸਦਿਆਂ ਡਾ. ਮਹਿਮੂਦ ਨੇ ਕਿਹਾ ਕਿ ਸਾਹ ਦੀ ਬਿਮਾਰੀ ਹੋਣ ਕਰਕੇ ਸਰਦੀਆਂ ਦੇ ਮਹੀਨਿਆਂ ਦੌਰਾਨ ਕੋਵਿਡ ਦੀ ਲਾਗ ਆਮ ਤੌਰ 'ਤੇ ਜ਼ਿਆਦਾ ਹੁੰਦੀ ਹੈ ਪਰ ਕਰਾਚੀ ਵਿੱਚ ਦਿਨ ਦਾ ਤਾਪਮਾਨ ਅਜੇ ਵੀ 40 ਡਿਗਰੀ ਸੈਲਸੀਅਸ ਤੋਂ ਵੱਧ ਹੋਣ ਦੇ ਬਾਵਜੂਦ ਪਾਕਿਸਤਾਨ ਵਿੱਚ ਕੋਵਿਡ ਦੇ ਮਾਮਲੇ ਵੱਧ ਰਹੇ ਹਨ। ਡਾ: ਮਹਿਮੂਦ ਨੇ ਕਿਹਾ, 'ਇਹ ਫਲੂ ਵਰਗਾ ਇਨਫੈਕਸ਼ਨ ਹੈ ਅਤੇ ਇਸਦੇ ਮਾਮਲੇ ਆਮ ਤੌਰ 'ਤੇ ਸਰਦੀਆਂ ਵਿੱਚ ਵੱਧ ਜਾਂਦੇ ਹਨ।'



## ਉੱਤਰ ਪ੍ਰਦੇਸ਼ ਦੇ ਪੀਲੀਭੀਤ 'ਚ ਧਰਮ ਪਰਿਵਰਤਨ ਦੇ ਮਾਮਲੇ ਦੀ ਪੜਤਾਲ ਲਈ SGPC ਭੇਜੇਗੀ ਪੜਤਾਲੀਆ ਟੀਮ

**ਚੰਡੀਗੜ੍ਹ, 24 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਪੀਲੀਭੀਤ 'ਚ ਸਿੱਖ ਭਾਈਚਾਰੇ ਦੇ ਕੁਝ ਲੋਕਾਂ ਵੱਲੋਂ ਧਰਮ ਪਰਿਵਰਤਨ ਕਰਨ ਦੇ ਸਾਹਮਣੇ ਆਏ ਮਾਮਲੇ 'ਤੇ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗਹਿਰੀ ਚਿੰਤਾ ਪ੍ਰਗਟਾਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕਿਸੇ ਵੀ ਧਰਮ ਦੇ ਪੈਰੋਕਾਰਾਂ ਦਾ ਲਾਲਚ ਦੇ ਕੇ ਜਬਰਦਸਤੀ ਧਰਮ ਤਬਦੀਲ ਕਰਵਾਉਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਮਿਲ ਰਹੀ ਜਾਣਕਾਰੀ ਅਨੁਸਾਰ ਭਾਰਤ ਨੇਪਾਲ ਦੇ ਸਰਹੱਦੀ ਖੇਤਰ ਅੰਦਰ ਕੁਝ ਪਿੰਡਾਂ ਵਿਚ ਵੱਸਦੇ ਪਰਿਵਾਰਾਂ ਨੂੰ ਦਬਾਅ, ਲਾਲਚ ਤੇ ਬਿਮਾਰੀ ਦੇ ਇਲਾਜ ਦੇ ਝੂਠੇ ਵਾਅਦਿਆਂ ਦੁਆਰਾ ਅਗਿਆਨਤਾ ਤੇ ਭਰਮਜਾਲ ਦੇ ਤਹਿਤ ਗੁਮਰਾਹ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਭਾਵੇਂ ਬਹੁਤ ਸਾਰੇ ਪਰਿਵਾਰਾਂ ਨੇ ਧਰਮ ਤਬਦੀਲੀ ਜਿਹੀ ਕਿਸੇ ਵੀ ਗੱਲ ਤੋਂ ਇਨਕਾਰ ਕੀਤਾ ਹੈ, ਪਰੰਤੂ ਮਾਮਲੇ ਦੀ ਸੰਜੀਦਗੀ ਨੂੰ ਦੇਖਦਿਆਂ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਮਿਸ਼ਨ ਉੱਤਰ ਪ੍ਰਦੇਸ਼ ਦੇ ਇੰਚਾਰਜ ਦੀ ਅਗਵਾਈ ਹੇਠ ਪ੍ਰਚਾਰਕ ਸਿੰਘਾਂ ਦੀ ਇਕ ਟੀਮ ਭੇਜੀ ਜਾ ਰਹੀ ਹੈ, ਜੋ ਮਾਮਲੇ ਦੀ ਪੜਤਾਲ ਕਰਕੇ ਮੁਕੰਮਲ ਰਿਪੋਰਟ ਸ਼੍ਰੋਮਣੀ ਕਮੇਟੀ ਨੂੰ ਭੇਜੇਗੀ। ਉਨ੍ਹਾਂ ਸਰਕਾਰਾਂ ਨੂੰ ਵੀ ਕਿਹਾ ਕਿ ਅਜਿਹੇ ਲੋਭ, ਲਾਲਚ ਦੇ ਕੇ ਧਰਮ ਪਰਿਵਰਤਨ ਦੀਆਂ ਹਰਕਤਾਂ ਕਰਨ ਵਾਲੇ ਲੋਕਾਂ ਖਿਲਾਫ਼ ਕਾਰਵਾਈ ਕੀਤੀ ਜਾਵੇ।



## ਸਿੱਧੂ ਮੂਸੇਵਾਲਾ ਕਤਲ ਮਾਮਲੇ 'ਚ ਗਵਾਹ ਦਾ ਦੇਹਾਂਤ, ਅਦਾਲਤ 'ਚ ਪੇਸ਼ੀ ਵਾਲੇ ਦਿਨ ਹੀ ਹੋਈ ਮੌਤ

**ਚੰਡੀਗੜ੍ਹ, 24 ਮਈ (ਆਵਾਜ਼ਿ ਕੌਮ ਬਿਊਰੋ)**-ਸਿੱਧੂ ਮੂਸੇਵਾਲਾ ਕਤਲ ਮਾਮਲੇ 'ਚ ਗਵਾਹ ਅਤੇ ਉਸ ਵੇਲੇ ਦੇ ਥਾਣਾ ਸਿਟੀ ਮਾਨਸਾ-1 ਦੇ ਮੁਖੀ ਅੰਗਰੇਜ ਸਿੰਘ ਦਾ ਬੀਤੀ ਰਾਤ ਨੂੰ ਦੇਹਾਂਤ ਹੋ ਗਿਆ। ਉਹ ਕਰੀਬ ਦੋ ਵਰ੍ਹੇ ਪਹਿਲਾਂ ਆਪਣੀ ਨੌਕਰੀ ਤੋਂ ਸੇਵਾਮੁਕਤ ਹੋ ਚੁੱਕੇ ਸਨ ਅਤੇ ਕਿਸੇ ਗੰਭੀਰ ਬੀਮਾਰੀ ਤੋਂ ਪੀੜਤ ਸਨ। ਉਨ੍ਹਾਂ ਨੇ ਸ਼ੁੱਕਰਵਾਰ ਨੂੰ ਮਾਨਸਾ ਅਦਾਲਤ ਵਿੱਚ ਪੇਸ਼ ਹੋਣਾ ਸੀ ਪਰ ਉਸੇ ਦਿਨ ਬਿਮਾਰੀ ਕਾਰਨ ਉਨ੍ਹਾਂ ਦੀ ਮੌਤ ਦੀ ਖ਼ਬਰ ਆਈ। ਤੁਹਾਨੂੰ ਦੱਸ ਦੇਈਏ ਕਿ 29 ਮਈ 2022 ਨੂੰ ਮਾਨਸਾ ਦੇ ਜਵਾਹਰਕੇ ਵਿੱਚ ਸਿੱਧੂ ਮੂਸੇਵਾਲਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਲਾਰੈਂਸ ਗੈਂਗ ਨੇ ਇਸਦੀ ਜ਼ਿੰਮੇਵਾਰੀ ਲਈ। ਉਸ ਸਮੇਂ ਸਬ ਇੰਸਪੈਕਟਰ ਅੰਗਰੇਜ਼ ਸਿੰਘ ਮਾਨਸਾ ਦੇ ਸਿਟੀ-1 ਥਾਣੇ ਦੇ ਇੰਚਾਰਜ ਸਨ। ਹਾਲਾਂਕਿ, ਜਾਂਚ ਸ਼ੁਰੂ ਕਰਨ ਤੋਂ ਬਾਅਦ ਉਹ ਬਿਮਾਰੀ ਕਾਰਨ ਸੇਵਾਮੁਕਤ ਹੋ ਗਏ। ਉਸਦਾ ਪੁੱਤਰ ਵੀ ਪੰਜਾਬ ਪੁਲਿਸ ਵਿੱਚ ਹੈ।

## ਰਮਨ ਅਰੋੜਾ ਅਦਾਲਤ 'ਚ ਹੋਏ ਪੇਸ਼, ਮਿਲਿਆ 5 ਦਿਨਾਂ ਦਾ ਰਿਮਾਂਡ

**ਜਲੰਧਰ, 24 ਮਈ (ਆਵਾਜ਼ਿ ਕੌਮ ਬਿਊਰੋ)**-ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਨੂੰ ਵਿਜੀਲੈਂਸ ਨੇ ਅਦਾਲਤ ਵਿੱਚ ਪੇਸ਼ ਕੀਤਾ ਹੈ। ਅਦਾਲਤ ਨੇ ਰਮਨ ਅਰੋੜਾ ਨੂੰ ਪੰਜ ਦਿਨਾਂ ਦੇ ਰਿਮਾਂਡ 'ਤੇ ਭੇਜਿਆ ਹੈ। ਪਹਿਲਾਂ ਉਨ੍ਹਾਂ ਨੂੰ ਸਵੇਰੇ 11 ਵਜੇ ਪੇਸ਼ ਕਰਨ ਸੀ ਪਰ ਕਿਸੇ ਕਾਰਨ ਉਹ ਪੇਸ਼ ਨਹੀਂ ਹੋ ਸਕੇ, ਜਿਸ ਤੋਂ ਬਾਅਦ ਹੁਣ ਕਰੀਬ ਤਿੰਨ ਵਜੇ ਪੇਸ਼ ਕੀਤਾ ਗਿਆ। ਦੱਸ ਦਈਏ ਕਿ ਪੁਲਿਸ ਨੇ 10 ਦਿਨਾਂ ਦਾ ਰਿਮਾਂਡ ਮੰਗਿਆ ਸੀ ਪਰ ਪੰਜ ਦਿਨਾਂ ਦਾ ਹੀ ਰਿਮਾਂਡ ਹਾਸਲ ਹੋਇਆ।



**ਫਸ ਸਕਦੇ ਨੇ MLA ਰਮਨ ਅਰੋੜਾ ਦੇ ਕਈ ਨਜ਼ਦੀਕੀ ਰਿਸ਼ਤੇਦਾਰ, ਵਿਜੀਲੈਂਸ ਕੱਸੇਗੀ ਸ਼ਿਕੰਜਾ :** 'ਆਪ' ਵਿਧਾਇਕ ਰਮਨ ਅਰੋੜਾ ਨੂੰ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਮਾਮਲਿਆਂ ਨੂੰ ਲੈ ਕੇ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਹੁਣ ਆਉਣ ਵਾਲੇ ਕੁਝ ਦਿਨਾਂ ਵਿਚ ਰਮਨ ਅਰੋੜਾ ਦੇ 3-4 ਨਜ਼ਦੀਕੀ ਰਿਸ਼ਤੇਦਾਰਾਂ ਖ਼ਿਲਾਫ਼ ਵੀ ਕਾਰਵਾਈ ਹੋਣ ਦੇ ਆਸਾਰ ਬਣ ਗਏ ਹਨ। ਵਿਜੀਲੈਂਸ ਅਧਿਕਾਰੀਆਂ ਵੱਲੋਂ ਹੁਣ ਵਿਧਾਇਕ ਰਮਨ ਅਰੋੜਾ ਤੋਂ ਪੁੱਛਗਿੱਛ ਕੀਤੀ ਜਾਵੇਗੀ। ਵਿਜੀਲੈਂਸ ਨੂੰ ਪਤਾ ਹੈ ਕਿ ਵਿਧਾਇਕ ਦੇ ਕਿਹੜੇ-ਕਿਹੜੇ ਰਿਸ਼ਤੇਦਾਰ ਇਸ ਭ੍ਰਿਸ਼ਟਾਚਾਰ ਦੇ ਸਕੈਂਡਲਾਂ ਵਿਚ ਸ਼ਾਮਲ ਸਨ। ਰਮਨ ਅਰੋੜਾ ਨਾਲ ਕੌਣ-ਕੌਣ ਸੌਦੇ ਕਰਵਾਉਂਦਾ ਸੀ, ਇਸ ਦੀਆਂ ਪਰਤਾਂ ਆਉਣ ਵਾਲੇ ਦਿਨਾਂ ਵਿਚ ਖੁੱਲ੍ਹਣੀਆਂ ਸ਼ੁਰੂ ਹੋ ਜਾਣਗੀਆਂ। ਇਹ ਵੀ ਕਿਹਾ ਜਾ ਰਿਹਾ ਹੈ ਕਿ ਭ੍ਰਿਸ਼ਟਾਚਾਰ ਨੂੰ ਲੈ ਕੇ ਜਿਸ ਤਰ੍ਹਾਂ ਨਾਲ ਸਰਕਾਰ ਨੇ ਸਖ਼ਤੀ ਵਿਖਾਈ ਹੈ, ਉਸ ਨੂੰ ਵੇਖਦੇ ਹੋਏ ਹੁਣ ਰਮਨ ਅਰੋੜਾ ਦੇ ਰਿਸ਼ਤੇਦਾਰਾਂ ਦਾ ਬਚਣਾ ਵੀ ਸੰਭਵ ਨਹੀਂ ਹੈ। ਰਮਨ ਅਰੋੜਾ ਦੇ ਨਜ਼ਦੀਕੀ ਰਿਸ਼ਤੇਦਾਰਾਂ ਵਿਚ ਉਸ ਦੀ ਗ੍ਰਿਫ਼ਤਾਰੀ ਤੋਂ ਬਾਅਦ ਡਰ ਪੈਦਾ ਹੋ ਗਿਆ ਹੈ ਅਤੇ ਉਹ ਆਪਣਾ ਬਚਾਅ ਕਰਨ ਲਈ ਇੱਧਰ-ਉਧਰ ਦੌੜ ਰਹੇ ਹਨ। ਵਿਜੀਲੈਂਸ ਵੱਲੋਂ ਹੁਣ ਇਸ ਸਾਰੇ ਕਾਂਡ ਵਿਚ ਡੂੰਘਾਈ ਵਿਚ ਜਾ ਕੇ ਸਾਰੀਆਂ ਪਰਤਾਂ ਖੋਲ੍ਹੀਆਂ ਜਾਣਗੀਆਂ। ਰਮਨ ਅਰੋੜਾ ਦਾ ਨੈਕਸਸ ਸਿਰਫ਼ ਜਲੰਧਰ ਨਗਰ ਨਿਗਮ ਤੱਕ ਹੀ ਫੈਲਿਆ ਹੋਇਆ ਨਹੀਂ ਸੀ, ਸਗੋਂ ਪੁਲਸ, ਪ੍ਰਸ਼ਾਸਨ ਅਤੇ ਹੋਰ ਵਿਭਾਗਾਂ ਵਿਚ ਵੀ ਵਿਧਾਇਕ ਨੇ ਆਪਣਾ ਪੂਰਾ ਜਾਲ ਫੈਲਾਇਆ ਹੋਇਆ ਸੀ। ਵਿਧਾਇਕ ਨੇ ਆਪਣੇ ਹਲਕੇ ਵਿਚ ਪਹਿਲਾਂ ਤਾਂ ਆਪਣੀ ਮਨਪਸੰਦ ਦੇ ਪੁਲਸ ਅਧਿਕਾਰੀਆਂ ਦੀਆਂ ਤਾਇਨਾਤੀਆਂ ਕਰਵਾਈਆਂ। ਉਨ੍ਹਾਂ ਦੇ ਨਜ਼ਦੀਕੀ ਇਕ ਏ. ਸੀ. ਪੀ. ਦਾ ਨਾਂ ਵੀ ਸਾਹਮਣੇ ਆ ਰਿਹਾ ਹੈ। ਰਮਨ ਅਰੋੜਾ ਪੁਲਸ ਵਿਚ ਕਥਿਤ ਤੌਰ 'ਤੇ ਐੱਫ਼. ਆਈ. ਆਰ. ਦਰਜ ਕਰਵਾਉਣ ਵਿਚ ਵੀ ਉਕਤ ਪੁਲਸ ਅਧਿਕਾਰੀ ਦਾ ਸਾਥ ਲੈਂਦੇ ਰਹੇ ਹਨ। ਇਸ ਬਾਰੇ ਵੀ ਵਿਜੀਲੈਂਸ ਵੱਲੋਂ ਜਾਂਚ ਕੀਤੀ ਜਾਵੇਗੀ। ਭ੍ਰਿਸ਼ਟਾਚਾਰ ਦੇ ਦੋਸ਼ਾਂ ਵਿਚ ਗ੍ਰਿਫ਼ਤਾਰ ਕੀਤੇ ਵਿਧਾਇਕ ਰਮਨ ਅਰੋੜਾ ਦੇ ਕਿੱਸੇ ਹੁਣ ਖੁੱਲ੍ਹ ਕੇ ਸਾਹਮਣੇ ਆਉਣ ਲੱਗੇ ਹਨ। ਰਮਨ ਅਰੋੜਾ ਦੀ ਗ੍ਰਿਫ਼ਤਾਰੀ ਤੋਂ ਬਾਅਦ ਹੁਣ ਕਪੂਰਥਲਾ ਚੌਂਕ ਵਿਚ ਸਥਿਤ ਇਕ ਨਿੱਜੀ ਹਸਪਤਾਲ ਦਾ ਮਾਮਲਾ ਵੀ ਜਾਂਚ ਦੇ ਘੇਰੇ ਵਿਚ ਹੈ। ਲਗਭਗ 9 ਸਾਲ ਪਹਿਲਾਂ ਕਪੂਰਥਲਾ ਚੌਂਕ ਵਿਚ ਸਥਿਤ ਨਿੱਜੀ ਹਸਪਤਾਲ ਦੀ ਪਾਰਕਿੰਗ ਨੂੰ ਲੈ ਕੇ ਵੀ ਇਸੇ ਤਰ੍ਹਾਂ ਦਾ ਵਿਵਾਦ ਹੋਇਆ ਸੀ।

## ਰਾਜਾ ਵੜਿੰਗ ਦਾ ਸੁਨੀਲ ਜਾਖੜ ਨੂੰ ਚੈਲੇਂਜ, ਜਾਖੜ ਸਾਹਬ ਦੇ ਖ਼ਿਲਾਫ ਅਬੋਹਰ ਤੋਂ ਲੜਾਂਗਾ ਚੋਣ, ਜੇ ਹਾਰ ਗਿਆ ਤਾਂ...





**ਚੰਡੀਗੜ੍ਹ, 24 ਮਈ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੂੰ ਸਿੱਧਾ ਚੈਲੇਂਜ ਕੀਤਾ ਹੈ। ਰਾਜਾ ਵੜਿੰਗ ਨੇ ਅਬੋਹਰ ਤੋਂ ਚੋਣ ਲੜਨ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਉਹ ਅਬੋਹਰ ਤੋਂ ਚੋਣ ਹਾਰ ਗਏ ਤਾਂ ਉਹ ਪ੍ਰਧਾਨਗੀ ਅਸਤੀਫਾ ਦੇ ਦੇਣਗੇ, ਜੇਕਰ ਜਾਖੜ ਚੋਣਾਂ ਹਾਰਦੇ ਹਨ ਤਾਂ ਕੀ ਉਹ ਅਸਤੀਫਾ ਦੇਣਗੇ। ਵੜਿੰਗ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਿਆ- ਮੈਂ ਸੁਨੀਲ ਜਾਖੜ ਸਾਹਿਬ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਆਪਣੇ ਭਤੀਜੇ ਸੰਦੀਪ ਜਾਖੜ, ਜੋ ਕਿ ਅਬੋਹਰ ਤੋਂ ਇੰਡੀਅਨ ਨੈਸ਼ਨਲ ਕਾਂਗਰਸ ਦੀ ਟਿਕਟ 'ਤੇ ਚੁਣੇ ਗਏ ਹਨ, ਨੂੰ ਪੰਜਾਬ ਵਿਧਾਨ ਸਭਾ ਤੋਂ ਅਸਤੀਫਾ ਦਿਵਾਉਣ ਅਤੇ ਇੱਥੋਂ ਭਾਜਪਾ ਦੀ ਟਿਕਟ 'ਤੇ ਚੋਣ ਲੜਨ। ਮੈਂ ਕਾਂਗਰਸ ਉਮੀਦਵਾਰ ਦੇ ਤੌਰ 'ਤੇ ਜਾਖੜ ਸਾਹਿਬ ਦੇ ਵਿਰੁੱਧ ਲੜਾਂਗਾ। ਰਾਜਾ ਵੜਿੰਗ ਦਾ ਸੁਨੀਲ ਜਾਖੜ ਨੂੰ ਚੈਲੇਂਜ, ਜਾਖੜ ਸਾਹਬ ਦੇ ਖ਼ਿਲਾਫ ਅਬੋਹਰ ਤੋਂ ਲੜਾਂਗਾ ਚੋਣ, ਜੇ ਹਾਰ ਗਿਆ ਤਾਂ... ਜੇਕਰ ਮੈਂ ਹਾਰ ਜਾਂਦਾ ਹਾਂ ਤਾਂ ਮੈਂ ਕਾਂਗਰਸ ਦੇ ਸੂਬਾ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿਆਂਗਾ ਅਤੇ ਜੇਕਰ ਉਹ ਹਾਰ ਜਾਂਦੇ ਹਨ ਤਾਂ ਕੀ ਉਹ ਭਾਜਪਾ ਪੰਜਾਬ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦੇਣਗੇ। ਉਮੀਦ ਹੈ ਕਿ ਜਾਖੜ ਸਾਹਿਬ ਚੁਣੌਤੀ ਨੂੰ ਸਵੀਕਾਰ ਕਰਨਗੇ। ਮੈਂ ਉਨ੍ਹਾਂ ਨੂੰ ਸਿਰਫ਼ ਚੁਣੌਤੀ ਹੀ ਨਹੀਂ ਦੇ ਰਿਹਾ ਹਾਂ, ਸਗੋਂ ਉਨ੍ਹਾਂ ਨੂੰ ਉਹ ਉੱਚ ਨੈਤਿਕ ਆਧਾਰ ਵੀ ਦੇ ਰਿਹਾ ਹਾਂ ਜਿਸ ਨੂੰ ਅਪਨਾਉਣ ਦਾ ਉਨ੍ਹਾਂ ਨੂੰ ਹਮੇਸ਼ਾ ਸ਼ੌਂਕ ਰਿਹਾ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**
**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ - 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

**ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ**

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2025 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਵੀਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ੁੱਕਰਵਾਰ | ਜੱਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਸ਼ਨੀਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਐਤਵਾਰ | ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਸੋਮਵਾਰ | ਸੱਦਾਰੰਗ | ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਮੰਗਲਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਵੀਰਵਾਰ | ਬਾਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ੁੱਕਰਵਾਰ | ਭਲਾਈਪੁਰ ਪੁਰਬਾ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਸ਼ਨੀਵਾਰ | ਗੁ: ਕੰਧ ਸਾਹਿਬ ਬਟਾਲਾ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਮੰਗਲਵਾਰ | ਸੂਸਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਬੁੱਧਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਵੀਰਵਾਰ | ਚੌਣੇ | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ੁੱਕਰਵਾਰ | ਨਵਾਂ ਪਿੰਡ | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਸ਼ਨੀਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਐਤਵਾਰ | ਧਰਮੂਚੱਕ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਮੰਗਲਵਾਰ | ਉੱਦੋ ਨੰਗਲ ਖੁਰਦ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਬੁੱਧਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਵੀਰਵਾਰ | ਢਪਈਆ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ੁੱਕਰਵਾਰ | ਵੀਲਾ/ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਸ਼ਨੀਵਾਰ | ਬੁਤਾਲਾ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਐਤਵਾਰ | ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ; ਚੌਧਰੀਵਾਲ | ਸ਼ਾਮ 7 ਤੋਂ 9 ਵਜੇ ਤੱਕ |
| 26 ਮਈ | ਸੋਮਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਬੁੱਧਵਾਰ | ਗੁ: ਰਾਮ ਥੰਮਣ ਸਾਹਿਬ ਮਨੇਸ਼ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਵੀਰਵਾਰ | ਮੈਹਣੀਆ ਕੁਹਾਰਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ੁੱਕਰਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਸ਼ਨੀਵਾਰ | ਚਾਟੀਵਿੰਡ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 95171-76191, 84376-91626**



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ



ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ



ਆਵਾਜ਼ਿ ਕੌਮ AWAZE QAUM
International Newspaper & WEB TV

ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਏ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਮਹੰਤ ਜਸਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਭਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰ-ਏ-ਪੰਜਾਬ ਅਕਾਲੀ ਦਲ
ਭਾਈ ਮੋਹਕਮ ਸਿੰਘ ਜੀ ਦਮਦਮੀ ਟਕਸਾਲ ਵਾਲੇ
ਭਾਈ ਮੁਖਤਿਆਰ ਸਿੰਘ ਜੀ ਮੁਖੀ ਦਮਦਮੀ ਟਕਸਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬੂਟਾ ਸਿੰਘ ਰਣਸੀਂਹ ਸ਼ੇਰ-ਏ-ਪੰਜਾਬ ਅਕਾਲੀ ਦਲ
ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ
ਜਥੇਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ
ਸ. ਤਰਸੇਮ ਸਿੰਘ (ਪਿਤਾ ਜੀ) ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ
ਭਾਈ ਬਲਵਿੰਦਰ ਸਿੰਘ ਜੋਕ ਅਧਿਕਾਰ ਲਹਿਰ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸਿੰਘ ਸਾਹਿਬ ਗਿਆਨੀ ਜਸਬੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਜਥੇਦਾਰ ਬਾਬਾ ਹਰੀ ਸਿੰਘ ਜੀ ਹਰੀ ਸਿੰਘ ਨਲੂਆ ਦਲ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਸਿੰਘ ਸਾਹਿਬ ਗਿਆਨੀ ਜਸਬੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਕੈਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਅਰਬਾਂ ਖਰਬਾਂ ਵਾਲੇ
ਜਥੇਦਾਰ ਬਾਬਾ ਕੁਲਵਿੰਦਰ ਸਿੰਘ ਜੀ ਚਮਕੌਰ ਸਾਹਿਬ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# GURDWARA BABA SANG JI SMETHWICK, BIRMINGHAM

# 6TH - 8TH JUNE




**Naujawan Sewak Sabha Birmingham UK**

**COMMEMORATING THE SHAHEEDI DIVAS OF DHAN DHAN SRI GURU ARJAN DEV MAHARAJ JI AND ALL SHAHEEDS OF JUNE 1984**

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR

**Sunday 8th June 2025 (12PM)**

ਆਵਾਜ਼ਿ ਕੌਮ AWAZE QAUM International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**

Design & Printed by Star Signs & Displays - 0121 572 0909

IT IS WITH OUR DEEPEST SORROW, THAT WE WOULD LIKE TO INFORM YOU OF THE PASSING OF

# Mr Teja Singh Sandhu

Husband of the late Mrs Kulwant Kaur Sandhu



ਆਵਾਜ਼ਿ ਕੌਮ AWAZE QAUM International Newspaper & WEB TV

## on Friday 16th May 2025

You are welcome to pay respects at 511 Brook Lane, B13 0BU on Saturday 24th May 2025 and Sunday 25th May 2025 between 10.30am-7pm

## Funeral Service Details:

## Tuesday May 27th 2025

Arrival of the hearse at residence: 10.15am
Departure of cortège: 11.00am

**511 Brook Lane, Kings Heath, B13 0BU**

Cremation service at 11.30am

**Robin Hood Cemetery, Streetsbrook Road, Shirley, B90 3NL**

Bhog Ceremony at Guru Nanak Gurdwara: 12.30pm, Hall 2, First Floor

**629-631, Stratford Road, Birmingham, B11 4LS**

To attend virtually: https://watch.obitus.com
Username duja7937
Password 192142

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਦਿਹਾੜਾ ਗੁਰਤਾ ਗੱਦੀ ਪਾਤਸ਼ਾਹੀ ਛੇਵੀਂ

☛ ਗੁਰਿਆਈ ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ। ☛ ਜੋੜਾ ਮੇਲਾ ਪਾਤਸ਼ਾਹੀ ਛੇਵੀਂ ਪਿੰਡ ਸੁਰਸਿੰਘ ਅੰਮ੍ਰਿਤਸਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 24 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਚਪੈਹਿਰਾ ਸਾਹਿਬ ਦਾ ਪਾਠ ਹਰ ਐਤਵਾਰ ਹੁੰਦਾ ਹੈ।

ਐਤਵਾਰ 25 ਮਈ 2025 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਗੁਰਮੀਤ ਸਿੰਘ ਸੁਹਰ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ
☛ ਸਟਾਲ ਵੀ ਲੱਗੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ। ☛ ਸ਼ੇਅਰ ਜ਼ਰੂਰ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




## ਸੱਦਾ ਪੱਤਰ

**ਅਕਾਲੀ ਦਲ ਬਚਾਉਣਾ ਹੈ , ਪੰਥ ਦੀ ਝੋਲੀ ਪਾਉਣਾ ਹੈ**

**ਪੰਥਕ ਇਕੱਤਰਤਾ**

29 ਮਈ , 2025 ਦਿਨ ਵੀਰਵਾਰ
ਸਮਾਂ - ਸ਼ਾਮ 5 ਵਜੇ
SCO ਨੰਬਰ 23 , ਕਬੀਰ ਪਾਰਕ ਮਾਰਕਿਟ
ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਹਮਣੇ
**ਸ੍ਰੀ ਅੰਮ੍ਰਿਤਸਰ ਸਾਹਿਬ**

ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ

**ਗਿਆਨੀ ਹਰਪ੍ਰੀਤ ਸਿੰਘ** (ਜੱਥੇਦਾਰ ਸਾਹਿਬਾਨ)
**ਬੀਬੀ ਸਤਵੰਤ ਕੌਰ** (ਮੈਂਬਰ, ਪੰਜ ਮੈਂਬਰੀ ਕਮੇਟੀ)
**ਅਜੇਪਾਲ ਸਿੰਘ ਬਰਾੜ** (ਪ੍ਰਧਾਨ ਮਿਸਲ ਸਤਲੁਜ)
**ਦਵਿੰਦਰ ਸਿੰਘ ਸੇਖੋਂ** (ਜਰਨਲ ਸਕੱਤਰ, ਮਿਸਲ ਸਤਲੁਜ)
**ਪਰਮਪਾਲ ਸਿੰਘ ਸਭਰਾ** (ਸਿੱਖ ਅਲਾਇੰਸ)

ਮਿਸਲ ਸਤਲੁਜ

ਆਪ ਜੀ ਨੂੰ ਬੇਨਤੀ ਹੈ ਕਿ ਇਸ ਪੰਥਕ ਇਕੱਠ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਬੀਬੀ ਜਸਮੀਤ ਕੌਰ ਛੀਨਾ 98559-73085
ਹੁਸਨਦੀਪ ਸਿੰਘ ਗਿੱਲ 98882-80432
ਜਗਤਾਰ ਸਿੰਘ ਗਿੱਲ 98763-41981

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਸਵਾਰੀ ਸੰਗਤ ਜੀਓ,**
**ਵਾਹਿਗੁਰੂ ਜੀ ਕਾ ਖਾਲਸਾ**
**ਵਾਹਿਗੁਰੂ ਜੀ ਕਈ ਫਤਿਹ ਜੀ**

ਸਮੂਹ ਸੰਗਤ ਨੂੰ ਬੇਨਤੀ ਹੈ ਜੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਸ਼ੁਰੂ ਹੋਈ ਭਰਤੀ ਦੀ ਮਹਿੰਮ ਨੂੰ ਮਾਝੇ ਵਿੱਚ ਜ਼ੋਰ- ਸ਼ੋਰ ਨਾਲ ਚਲਾਉਣ ਲਈ ਮਿਤੀ 29 ਮਈ ਨੂੰ ਮਿਸਲ ਸਤਲੁਜ ਵੱਲੋਂ ਮਿਸਲ ਦੇ ਦਫ਼ਤਰ, ਕਬੀਰ ਪਾਰਕ ਮਾਰਕੀਟ ਵਿੱਚ ਸ਼ਾਮ 4 ਵਜੇ ਤੋਂ 7 ਵਜੇ ਤੱਕ ਇੱਕ ਪੰਥਕ ਇਕੱਠ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਆਪ ਸਭ ਨੂੰ ਹੁੰਮ -ਹੁਮਾ ਕੇ ਪਹੁੰਚਣ ਦੀ ਅਪੀਲ ਹੈ ਜੀ, ਆਪ ਜੀਆਂ ਦੀ ਹਾਜ਼ਰੀ ਇਸ ਨਵੇਂ ਬਣ ਰਹੇ ਅਕਾਲੀ ਦਲ ਨੂੰ ਪੰਥਕ ਕਦਰਾਂ ਕੀਮਤਾਂ ਤੇ ਪੂਰਾ ਉਤਰਨ ਲਈ ਅਤੇ ਅਸਮਾਨ ਦੀਆਂ ਬੁਲੰਦੀਆਂ ਨੂੰ ਛੂਹਣ ਵਿੱਚ ਅਤਿਅੰਤ ਸਹਾਈ ਹੋਵੇਗੀ। ਆਸ ਕਰਦੇ ਹਾਂ ਹਰੇਕ ਮਾਈ - ਭਾਈ ਜੋ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੂੰ ਸਮਰਪਿਤ ਹੈ ਅਤੇ ਸਿੱਖੀ ਸਿਧਾਂਤਾਂ ਤੇ ਡਟ ਕੇ ਪਹਿਰਾ ਦੇਣ ਦਾ ਇੱਛੁਕ ਹੈ ਜਰੂਰ ਹੀ ਇਸ ਸਮਾਗਮ ਵਿੱਚ ਦਰਸ਼ਣ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

--✶ ਧੰਨਵਾਦ ਸਹਿਤ ✶--

**ਸੇਵਾਦਾਰ : ਜਸਮੀਤ ਕੌਰ ਛੀਨਾ**

9855973085

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ

**ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ**

**ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ**



ਜਦੋਂ ਵੀ ਪੰਥ ਦੇ ਸਿਰਮੌਰ ਸ਼ਹੀਦ, ਸੁਯੋਗ ਅਗਵਾਈ, ਗੁਰਬਾਣੀ ਦੇ ਅਦਬ ਸਤਿਕਾਰ, ਕੌਮੀ ਹੱਕਾਂ, ਸਿੱਖਾਂ ਦੀ ਆਜ਼ਾਦੀ ਜਾਂ ਖ਼ਾਲਸਾ ਰਾਜ ਦੀ ਗੱਲ ਚੱਲਦੀ ਹੈ ਤਾਂ ਵਿਸ਼ੇਸ਼ ਤੌਰ 'ਤੇ ਹਰ ਸਿੱਖ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਾਮ ਲੈ ਕੇ ਸੰਗਤਾਂ ਨੂੰ ਪ੍ਰੇਰਿਤ ਕਰਦਾ ਹੈ, ਉਨ੍ਹਾਂ ਮਹਾਨ ਮਹਾਂਪੁਰਖਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖ਼ਾਲਸਾ ਰੋਡੇ ਵਿਖੇ ਹਰ ਸਾਲ ਦੀ ਤਰ੍ਹਾਂ ਬਹੁਤ ਉਤਸ਼ਾਹ ਸਹਿਤ 2 ਜੂਨ 2025 ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸਬੰਧ ਵਿੱਚ ਬਹੁਤ ਵੱਡੇ ਪੱਧਰ ਤੇ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਕਰਵਾਏ ਜਾ ਰਹੇ ਹਨ, ਸੋ ਵੱਡੇ ਪ੍ਰਬੰਧ ਕਰਨ ਲਈ ਆਪ ਸੰਗਤਾਂ ਦੇ ਸਹਿਯੋਗ ਦੀ ਬਹੁਤ ਲੋੜ ਹੈ, ਆਪ ਜੀ ਥੋੜ੍ਹੇ ਵਿਚੋਂ ਥੋੜ੍ਹਾ ਅਤੇ ਬਹੁਤੇ ਵਿਚੋਂ ਬਹੁਤਾ ਸਹਿਯੋਗ ਤਿਲ ਫੁੱਲ ਮਾਇਆ ਸਹਿਤ ਕਰਨ ਦੀ ਕ੍ਰਿਪਾਲਤਾ ਕਰਨੀ ਜੀ, ਵਾਹਿਗੁਰੂ ਜੀ ਸਭ ਨੂੰ ਚੜ੍ਹਦੀਕਲਾ ਵਿੱਚ ਰੱਖਣ, ਸਿੱਧੀ ਸੇਵਾ ਭੇਜਣ ਲਈ ਗੁਰਦੁਆਰਾ ਸੰਤ ਖ਼ਾਲਸਾ (ਜਨਮ ਅਸਥਾਨ, ਸੰਤ ਭਿੰਡਰਾਂਵਾਲੇ) ਪਿੰਡ ਰੋਡੇ ਦਾ ਬੈਂਕ ਖ਼ਾਤਾ ਨੰਬਰ ਹੈ :

**PUNJAB NATIONAL BANK BAGHA PURANA**

**DISTRICT MOGA PUNJAB, INDIA-142038**

**A/C - 1747102100000016 GURDWARA SANT KHALSA**

**JANAM ASTHAN SANT GIANI JARNAIL SINGH JI**

**IFSC:PUNB0063710, SWIFTPUNBINBBLIA**

**ਸਿਰਫ਼ ਸੰਤਾਂ ਦਾ ਨਾਮ ਹੀ ਨਾ ਵਰਤੀਏ, ਸਗੋਂ ਉਨ੍ਹਾਂ ਦੇ ਜਨਮ ਦਿਨ ਦੇ ਮਹਾਨ ਸਮਾਗਮ ਵਿੱਚ ਸ਼ਾਮਿਲ ਹੋਈਏ, ਮਾਇਆ ਦਾ ਸਹਿਯੋਗ ਦਿੰਦੇ ਹੋਏ ਤਨ, ਮਨ ਕਰਕੇ ਸਮਰਪਿਤ ਹੁੰਦਿਆਂ ਉਨ੍ਹਾਂ ਦਾ ਉਪਦੇਸ਼ ਵੀ ਕਮਾਈਏ**

ਆਵਾਜ਼ਿ ਕੌਮ AWAZE QAUM International Newspaper & WEB TV


GURDWARA BABA SANG JI
SHUKRANA
ARDAS
PROGRAMME
FROM ALL PRABANDHAKA AND
SEVADAR
GURDWARA BABA SANG JI
SMETHWICK
ARAMBH SRI AKHAND
PATH SAHIB
FRIDAY 23RD MAY 2025
10.30AM
BHOG SRI AKHAND PATH SAHIB
SUNDAY
25TH MAY 2025 10.00AM
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA BABA SANG JI,
7-9 ST PAUL'S ROAD, SMETHWICK, B66 1EE
FOR MORE INFO CONTACT: 0121 558 2681





# ਆਧੁਨਿਕ ਯੁੱਗ ਵਿੱਚ ਸੰਤੁਲਿਤ ਖ਼ੁਰਾਕ ਦੀ ਭੂਮਿਕਾ

ਮੌਜੂਦਾ ਯੁੱਗ ਤੇਜ਼ ਗਤੀ ਵਾਲੀ ਜੀਵਨ ਸ਼ੈਲੀ ਅਤੇ ਖ਼ੁਰਾਕ ਦੇ ਵਿਕਲਪਾਂ ਨਾਲ ਭਰਿਆ ਹੋਇਆ ਹ। ਸੰਤੁਲਿਤ ਖ਼ੁਰਾਕ ਨੂੰ ਬਣਾਈ ਰੱਖਣ ਦੀ ਮਹੱਤਤਾ ਕਦੇ ਵੀ ਇੰਨੀ ਜ਼ਰੂਰੀ ਨਹੀਂ ਸੀ। ਜਦੋਂ ਸਮਾਜ ਮੋਟਾਪਾ, ਮਧੁਮੇਹ, ਅਤੇ ਹੋਰ ਜੀਵਨ ਸ਼ੈਲੀ ਨਾਲ ਸਬੰਧਤ ਬਿਮਾਰੀਆਂ ਦੇ ਵੱਧ ਰਹੀਆ ਦਰਾਂ ਨਾਲ ਜੂਝ ਰਿਹਾ ਹੈ ਤੰਦਰੁਸਤ ਜੀਵਨ ਲਈ ਇੱਕ ਚੰਗੀ ਪੋਸ਼ਣਾਤਮਕ ਪਹੁੰਚ ਦੀ ਲੋੜ ਨੂੰ ਸਿਹਤ ਵਿਸ਼ਾ ਮਾਹਰ ਵਧੇਰੇ ਜ਼ੋਰ ਦੇ ਰਹੇ ਹਨ।

ਇੱਕ ਸੰਤੁਲਿਤ ਖ਼ੁਰਾਕ ਜਿਸ ਵਿੱਚ ਸਹੀ ਪ੍ਰਮਾਣਾਂ ਵਿੱਚ ਵੱਖ-ਵੱਖ ਖ਼ੁਰਾਕਾਂ ਦਾ ਸ਼ਾਮਿਲ ਹੋਣਾ, ਸਰੀਰ ਨੂੰ ਉਹਨਾਂ ਜ਼ਰੂਰੀ ਪੋਸ਼ਕ


ਆਵਾਜ਼ਿ ਕੌਮ AWAZE QAUM
International Newspaper & WEB TV


ਤੱਤਾਂ ਨੂੰ ਪ੍ਰਦਾਨ ਕਰਨ ਲਈ ਜ਼ਰੂਰੀ ਹੈ ਜੋ ਇਹਨਾਂ ਨੂੰ ਢੰਗ ਨਾਲ ਕੰਮ ਕਰਨ ਲਈ ਲੋੜੀਂਦੇ ਹਨ। ਇਸ ਵਿੱਚ ਕਾਰਬੋਹਾਈਡਰੇਟ, ਪ੍ਰੋਟੀਨ, ਚਰਬੀ, ਵਿਟਾਮਿਨ ਅਤੇ ਖਣਿਜ ਸ਼ਾਮਿਲ ਹਨ। ਵਿਸ਼ਵ ਸਿਹਤ ਸੰਸਥਾ (WHO) ਦੇ ਅਨੁਸਾਰ ਇੱਕ ਸਿਹਤਮੰਦ ਖ਼ੁਰਾਕ ਸਾਰੇ ਕਿਸਮਾਂ ਦੇ ਪੋਸ਼ਣ ਦੀ ਘਾਟ ਨੂੰ ਰੋਕਣ ਵਿੱਚ ਸਹਾਇਕ ਹੋ ਸਕਦੀ ਹੈ, ਨਾਲ ਹੀ ਦਿਲ ਦੀ ਬਿਮਾਰੀ, ਸਟ੍ਰੋਕ, ਮਧੁਮੇਹ ਅਤੇ ਕੁਝ ਕੈਂਸਰ ਵਰਗੀਆਂ ਗੈਰ ਸੰਚਾਰੀ ਬਿਮਾਰੀਆਂ ਨੂੰ ਵੀ ਰੋਕ ਸਕਦੀ ਹੈ।

**ਆਧੁਨਿਕ ਚੁਣੌਤੀ**

ਅੱਜ ਦੇ ਦੁਨੀਆ ਵਿੱਚ ਸੁਵਿਧਾ ਅਕਸਰ ਪੋਸ਼ਣ ਤੋਂ ਉੱਪਰ ਹੁੰਦੀ ਹੈ। ਫਾਸਟ ਫੂਡ, ਚਾਈਨੀਜ, ਪ੍ਰਕਿਰਿਆਸ਼ੀਲ ਨਾਸ਼ਤੇ ਅਤੇ ਤਿਆਰ-ਖਾਣ ਵਾਲੀਆਂ ਭੋਜਨਾਂ ਦੀਆਂ ਵੱਧ ਰਹੀਆਂ ਦਰਾਂ ਨੇ ਇਸਨੂੰ ਆਸਾਨ ਬਣਾ ਦਿੱਤਾ ਹੈ ਕਿ ਲੋਕ ਬਿਨਾਂ ਪੋਸ਼ਣਾਤਮਕ ਮੁੱਲ ਦਾ ਵਿਚਾਰ ਕੀਤੇ ਇੱਕ ਤੇਜ਼ ਨਾਸ਼ਤਾ ਚੁਣ ਸਕਦੇ ਹਨ। ਨੈਸ਼ਨਲ ਇੰਸਟਿਟਿਊਟ ਆਫ ਹੈਲਥ ਦੁਆਰਾ ਕੀਤੇ ਇੱਕ ਹਾਲੀਆ ਸਰਵੇਖਣ ਵਿੱਚ ਪਤਾ ਲੱਗਿਆ ਕਿ ਲਗਭਗ 70% ਲੋਕ ਹਫਤੇ ਵਿੱਚ ਘੱਟੋ-ਘੱਟ ਇੱਕ ਵਾਰ ਫਾਸਟ ਫੂਡ ਖਾਉਂਦੇ ਹਨ ਜਿਸ ਵਿੱਚ ਬਹੁਤ ਸਾਰੇ ਲੋਕ ਸਮੇਂ ਦੀ ਘਾਟ ਨੂੰ ਆਪਣੇ ਚੋਣਾਂ ਦਾ ਮੁੱਖ ਕਾਰਨ ਦੱਸਦੇ ਹਨ।




ਹੈਲਥੀ ਲਿਵਿੰਗ ਇੰਸਟੀਟਿਊਟ ਦੀ ਪੋਸ਼ਣ ਵਿਸ਼ਾ ਮਾਹਰ ਡਾ. ਐਮਲੀ ਚੈਨ ਚਿਤਾਵਨੀ ਦਿੰਦੀ ਹੈ ਕਿ ਇਹ ਖ਼ੁਰਾਕੀ ਆਦਤਾਂ ਗੰਭੀਰ ਨਤੀਜੇ ਪੈਦਾ ਕਰ ਸਕਦੀਆਂ ਹਨ। "ਜਦੋਂ ਲੋਕ ਸੁਵਿਧਾ ਨੂੰ ਪੋਸ਼ਣ 'ਤੇ ਤਰਜੀਹ ਦਿੰਦੇ ਹਨ, ਤਾਂ ਉਹ ਅਕਸਰ ਜ਼ਰੂਰੀ ਵਿਟਾਮਿਨ ਅਤੇ ਖਣਿਜਾਂ ਤੋਂ ਮਹਰੂਮ ਰਹਿੰਦੇ ਹਨ," । "ਇਹ ਸਭ ਕੁਝ ਉਰਜਾ ਦੇ ਪੱਧਰ ਤੋਂ ਲੈ ਕੇ ਪ੍ਰਤਿਰੋਧੀ ਕਾਰਜ ਤੱਕ ਪ੍ਰਭਾਵਿਤ ਕਰ ਸਕਦਾ ਹੈ।"

**ਸੰਤੁਲਿਤ ਖ਼ੁਰਾਕ ਦੇ ਫਾਇਦੇ**

ਇੱਕ ਸੰਤੁਲਿਤ ਖ਼ੁਰਾਕ ਨਾ ਸਿਰਫ਼ ਸਿਹਤਮੰਦ ਵਜ਼ਨ ਨੂੰ ਬਣਾਈ ਰੱਖਣ ਵਿੱਚ ਮਦਦ ਕਰਦੀ ਹੈ ਪਰ ਇਹ ਸਮੂਹਿਕ ਸਰੀਰਕ ਅਤੇ ਮਾਨਸਿਕ ਸਿਹਤ ਨੂੰ ਵੀ ਸਮਰਥਨ ਦਿੰਦੀ ਹੈ। ਅਧਿਐਨ ਦਰਸਾਉਂਦੇ ਹਨ ਕਿ ਉਹ ਲੋਕ ਜੋ ਫਲਾਂ, ਸਬਜ਼ੀਆਂ, ਪੂਰੇ ਅਨਾਜ, ਪਤਲੇ ਪ੍ਰੋਟੀਨ ਅਤੇ ਸਿਹਤਮੰਦ ਚਰਬੀਆਂ ਦਾ ਵੱਖਰਾ ਖਾਣਾ ਖਾਉਂਦੇ ਹਨ ਉਹ ਉੱਚ ਊਰਜਾ ਪੱਧਰ ਅਤੇ ਸੁਧਰੇ ਮਨੋਭਾਵ ਦੀ ਰਿਪੋਰਟ ਕਰਦੇ ਹਨ। ਇਸ ਤੋਂ ਇਲਾਵਾ ਐਸੀ ਖ਼ੁਰਾਕਾਂ ਨੂੰ ਬਿਹਤਰ ਗਿਆਨਾਤਮਕ ਕਾਰਜ ਅਤੇ ਮਾਨਸਿਕ ਸਿਹਤ ਦੇ ਰੋਗਾਂ ਦੇ ਘੱਟ ਖ਼ਤਰੇ ਨਾਲ ਜੋੜਿਆ ਗਿਆ ਹੈ।

ਉਪਰੰਤ ਵੱਖ-ਵੱਖ ਖ਼ੁਰਾਕਾਂ ਨੂੰ ਸ਼ਾਮਿਲ ਕਰਨ ਨਾਲ ਅੰਤੜੀਆਂ ਦੀ ਸਿਹਤ ਨੂੰ ਵੀ ਸੁਧਾਰਿਆ ਜਾ ਸਕਦਾ ਹੈ। ਨਿਊਟ੍ਰਿਸ਼ਨਲ ਸਾਇੰਸ ਜਰਨਲ ਵਿੱਚ ਪ੍ਰਕਾਸ਼ਿਤ ਹਾਲੀਆ ਖੋਜ ਦੇ ਅਨੁਸਾਰ, ਫਲਾਂ ਅਤੇ ਸਬਜ਼ੀਆਂ ਵਿੱਚ ਫਾਈਬਰ ਨਾਲ ਭਰੀਆਂ ਵੱਖ-ਵੱਖ ਖ਼ੁਰਾਕਾਂ ਦਾ ਉਪਯੋਗ ਲਾਭਦਾਇਕ ਬੈਕਟੀਰੀਆ ਦੇ ਵਾਧੇ ਨੂੰ ਉਤਸ਼ਾਹਿਤ ਕਰਦਾ ਹੈ, ਜੋ ਪਚਾਉਣ ਅਤੇ ਪ੍ਰਤਿਰੋਧੀ ਕਾਰਜ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

**ਸੰਤੁਲਨ ਪ੍ਰਾਪਤ ਕਰਨ ਲਈ ਕਾਰਗਰ ਸੁਝਾਅ**

ਸਿਹਤ ਵਿਸ਼ਾ ਮਾਹਰ ਸੰਤੁਲਿਤ ਖ਼ੁਰਾਕ ਪ੍ਰਾਪਤ ਕਰਨ ਲਈ ਕਈ ਰਣਨੀਤੀਆਂ ਦੀ ਸਿਫਾਰਸ਼ ਕਰਦੇ ਹਨ:

1. ਭੋਜਨ ਯੋਜਨਾ ਬਣਾਉਣਾ: ਭੋਜਨ ਦੀ ਯੋਜਨਾ ਬਣਾਉਣ ਲਈ ਸਮਾਂ ਲੈਣਾ ਲੋਕਾਂ ਨੂੰ ਸਿਹਤਮੰਦ ਚੋਣਾਂ ਕਰਨ ਵਿੱਚ ਮਦਦ ਕਰ ਸਕਦਾ ਹੈ ਅਤੇ ਆਖਰੀ ਮਿੰਟ ਦੀ ਅਸਿਹਤ ਚੋਣਾਂ ਤੋਂ ਬਚਾ ਸਕਦਾ ਹੈ।

2. ਸਾਵਧਾਨ ਖਾਣਾ: ਭੁੱਖ ਦੇ ਸੰਕੇਤਾਂ 'ਤੇ ਧਿਆਨ ਦੇਣਾ ਅਤੇ ਭੋਜਨ ਦਾ ਆਨੰਦ ਲੈਣਾ ਬਿਹਤਰ ਖ਼ੁਰਾਕੀ ਚੋਣਾਂ ਵੱਲ ਲੈ ਜਾ ਸਕਦਾ ਹੈ ਅਤੇ ਓਵਰਈਟਿੰਗ ਨੂੰ ਰੋਕ ਸਕਦਾ ਹੈ।

3. ਪੂਰੇ ਖ਼ੁਰਾਕਾਂ ਨੂੰ ਸ਼ਾਮਿਲ ਕਰਨਾ: ਪ੍ਰਕਿਰਿਆਸ਼ੀਲ ਵਿਕਲਪਾਂ ਦੇ ਬਦਲੇ ਪੂਰੇ ਖ਼ੁਰਾਕਾਂ ਨੂੰ ਤਰਜੀਹ ਦੇਣਾ ਪੋਸ਼ਕ ਤੱਤਾਂ ਦੇ ਪ੍ਰਾਪਤੀ ਨੂੰ ਮਹੱਤਵਪੂਰਕ ਤੌਰ 'ਤੇ ਸੁਧਾਰ ਸਕਦਾ ਹੈ।

4. ਹਾਈਡਰੇਟ ਰਹਿਣਾ: ਕਾਫੀ ਪਾਣੀ ਪੀਣਾ ਸਮੂਹਿਕ ਸਿਹਤ ਲਈ ਜ਼ਰੂਰੀ ਹੈ ਅਤੇ ਅਕਸਰ ਬੇਕਾਰ ਨਾਸ਼ਤੇ ਨੂੰ ਰੋਕ ਸਕਦਾ ਹੈ।

5. ਆਪਣੇ ਆਪ ਤੋਂ ਸਿੱਖਣਾ: ਭੋਜਨ ਲੇਬਲ ਅਤੇ ਪੋਸ਼ਣ ਜਾਣਕਾਰੀ ਨੂੰ ਸਮਝਣਾ ਲੋਕਾਂ ਨੂੰ ਜਾਣਕਾਰੀ ਵਾਲੀਆਂ ਖ਼ੁਰਾਕੀ ਚੋਣਾਂ ਕਰਨ ਲਈ ਪ੍ਰੇਰਿਤ ਕਰ ਸਕਦਾ ਹੈ।

ਸਿਹਤ ਦੇ ਵਿਸ਼ਿਆਂ ਉੱਪਰ ਗੱਲਬਾਤ ਵਿਕਸਤ ਹੁੰਦੀ ਜਾ ਰਹੀ ਹੈ, ਇਹ ਬਹੁਤ ਜ਼ਰੂਰੀ ਹੈ ਕਿ ਵਿਅਕਤੀ, ਸਮਾਜ ਅਤੇ ਨੀਤੀ ਨਿਰਮਾਤਾ ਪੋਸ਼ਣ ਸਿੱਖਿਆ ਅਤੇ ਸਿਹਤਮੰਦ ਖ਼ੁਰਾਕ ਦੇ ਵਿਕਲਪਾਂ ਤੱਕ ਪਹੁੰਚ 'ਤੇ ਧਿਆਨ ਕੇਂਦ੍ਰਿਤ ਕਰਨ। ਇੱਕ ਐਸੇ ਵਾਤਾਵਰਨ ਨੂੰ ਉਤਸ਼ਾਹਿਤ ਕਰਕੇ ਜੋ ਸੰਤੁਲਿਤ ਖਾਣ-ਪੀਣ ਦੀ ਆਦਤਾਂ ਨੂੰ ਪ੍ਰੋਤਸਾਹਿਤ ਕਰਦਾ ਹੈ, ਸਮਾਜ ਡਾਇਟ-ਸੰਬੰਧੀ ਬਿਮਾਰੀਆਂ ਦੇ ਵੱਧ ਰਹੇ ਦਰ ਨਾਲ ਮੁਕਾਬਲਾ ਕਰ ਸਕਦਾ ਹੈ ਅਤੇ ਸਭ ਲਈ ਇੱਕ ਸਿਹਤਮੰਦ ਭਵਿੱਖ ਨੂੰ ਉਭਾਰ ਸਕਦਾ ਹੈ।



ਆਧੁਨਿਕ ਯੁੱਗ ਵਿੱਚ ਜਿੱਥੇ ਜਾਣਕਾਰੀ ਭਰਪੂਰ ਹੈ ਪਰ ਸਮਾਂ ਸੀਮਿਤ ਹੈ, ਜਾਣਬੁੱਝ ਕੇ ਖ਼ੁਰਾਕੀ ਚੋਣਾਂ ਨਾ ਕਰਨਾ ਨਾ ਸਿਰਫ਼ ਇਕ ਵਿਅਕਤੀਗਤ ਜ਼ਿੰਮੇਵਾਰੀ ਹੈ—ਇਹ ਇਕ ਸਮੁੱਚੀ ਜ਼ਿੰਮੇਵਾਰੀ ਹੈ ਜੋ ਭਵਿੱਖ ਦੀਆਂ ਸਿਹਤਮੰਦ ਪੀੜ੍ਹੀਆਂ ਵਾਸਤੇ ਰਾਹ ਤਿਆਰ ਕਰ ਸਕਦੀ ਹੈ।

**-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ**

### ਸੇਂਟ ਸੋਲਜ਼ਰ ਸਕੂਲ ਚ "ਮਾਂ ਦਿਵਸ" ਮਨਾਇਆ ਗਿਆ ਦਿਵਸ ਨੂੰ ਸਮਰਪਿਤ ਬੱਚਿਆਂ ਨੇ

# "ਸਭਨਾ ਕਾ ਮਾ ਪਿਓ ਆਪ ਹੈ" ਸ਼ਬਦ ਗਾ ਕੇ ਸਭ ਨੂੰ ਗੁਰਬਾਣੀ ਦੇ ਰੰਗ 'ਚ ਰੰਗ







**ਜੰਡਿਆਲਾ ਗੁਰੂ 24 ਮਈ( ਕੁਲਵੰਤ ਸਿੰਘ ਵਿਰਦੀ** )-ਅੱਜ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਮਾਂ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਮਾਂ ਦਿਵਸ ਸਾਰੇ ਬੱਚਿਆਂ ਅਤੇ ਓਹਨਾ ਦੀਆਂ ਮਾਵਾਂ ਲਈ ਇੱਕ ਖਾਸ ਦਿਨ ਸੀ ਕਿਉਂਕਿ ਇਹ ਪਿਆਰ ਅਤੇ ਸਨੇਹ ਦੇ ਸਦੀਵੀ ਬੰਧਨ ਦਾ ਜਸ਼ਨ ਮਨਾਉਂਦਾ ਹੈ ।ਸਾਡੇ ਇਸ ਸਮਾਗਮ ਦੀ ਖਾਸੀਅਤ ਇਹ ਸੀ ਕਿ ਜਿੱਥੇ ਮਾਂਵਾ ਦੇ ਸਨੇਹ ਪਿਆਰ ਅਤੇ ਮਮਤਾ ਦੀ ਮਹਾਨਤਾ ਨੂੰ ਦਰਸਾਇਆ ਗਿਆ ਉਥੇ ਬੱਚਿਆਂ ਦੇ ਪਿਤਾ ਦੀ ਮਿਹਨਤ ਅਤੇ ਤਿਆਗ ਦੀ ਵੀ ਪ੍ਰਸ਼ੰਸਾ ਕੀਤੀ ਗਈ ਕਿਉਂਕਿ ਬੱਚਿਆਂ ਦੇ ਬੇਹਤਰ ਵਿਕਾਸ ਲਈ ਮਾਤਾ ਅਤੇ ਪਿਤਾ ਦੋਨਾਂ ਦਾ ਅਹਿਮ ਯੋਗਦਾਨ ਹੁੰਦਾ ਹੈ । ਇਸ ਸਮਾਗਮ ਵਿੱਚ ਕਿੰਡਰਗਾਰਟਨ ਸੈਕਸ਼ਨ ਦੇ ਛੋਟੇ ਛੋਟੇ ਬੱਚਿਆਂ ਨੇ ਸ਼ਾਨਦਾਰ ਗਰੁੱਪ ਡਾਂਸ ਵੰਨਗੀਆਂ ਪੇਸ਼ ਕੀਤੀਆਂ । ਸਮਾਗਮ ਦੀ ਸ਼ੁਰੂਆਤ ਵਿੱਚ ਛੋਟੇ ਛੋਟੇ ਬੱਚਿਆਂ ਨੇ "ਸਭਨਾ ਕਾ ਮਾ ਪਿਓ ਆਪ ਹੈ" ਸ਼ਬਦ ਗਾ ਕੇ ਸਭ ਨੂੰ ਗੁਰਬਾਣੀ ਦੇ ਰੰਗ ਵਿੱਚ ਰੰਗ ਦਿੱਤਾ। ਉਪਰੰਤ ਪਲੇਅਪੈਨ ਨੇ ਛੋਟੇ ਛੋਟੇ ਬੱਚਿਆਂ ਨੇ "ਮਾਏ ਤੂੰ ਰੱਬ ਦਾ ਰੁੱਤਬਾ" ਗੀਤ ਤੇ ਗਰੁੱਪ ਡਾਂਸ ਕਰਕੇ ਆਪਣੀਆਂ ਮਾਵਾਂ ਪ੍ਰਤੀ ਅਪਨਾ ਪਿਆਰ ਪ੍ਰਗਟ ਕੀਤਾ ਉਪਰੰਤ ਯੂ.ਕੇ.ਜੀ. ਅਤੇ ਐਲ.ਕੇ.ਜੀ. ਦੇ ਬੱਚਿਆਂ ਨੇ ਕ੍ਰਮਵਾਰ "ਮੇਰੀ ਪਿਆਰੀ ਅੰਮੀ" ਗੀਤ ਤੇ ਤੇ ਡਾਂਸ ਕਰਕੇ ਇਸ ਸਮਾਗਮ ਨੂੰ ਹੋਰ ਚਾਰ ਚੰਦ ਲਾ ਦਿੱਤੇ ਉਪਰੰਤ ਬੱਚਿਆਂ ਨੇ "ਮੇਰੀ ਮਾਂ ਮੁਝ ਕੋ ਤੇਰੀ ਦੁਆ ਚਾਹੀਏ" ਗੀਤ ਗਾ ਕੇ ਆਪਣੀਆਂ ਮਾਂਵਾ ਪ੍ਰਤੀ ਪਿਆਰ ਪ੍ਰਗਟਾਇਆ । ਉਪਰੰਤ ਪਹਿਲੀ ਅਤੇ ਦੂਜੀ ਕਲਾਸ ਦੇ ਬੱਚਿਆਂ ਨੇ "ਪਾਪਾ ਕਹਿਤੇ ਹੈ ਬੜਾ ਨਾਮ ਕਰੇਗਾ" ਅਤੇ "ਐਹ ਦਿਲ ਲਾਇਆ ਹੈ ਬਹਾਰ" ਗਾਣਿਆਂ ਤੇ ਸ਼ਾਨਦਾਰ ਡਾਂਸ ਪੇਸ਼ ਕੀਤਾ । ਇਸ ਸਮਗਮ ਦੀ ਖਾਸਇਅਤ ਇਹ ਰਹੀ ਕਿ ਬੱਚਿਆਂ ਦੀਆਂ ਮਾਂਵਾ ਅਤੇ ਪਿਤਾ ਨੂੰ ਵੱਖ ਵੱਖ ਮਨੋਰੰਜਕ ਗੇਮਜ਼ ਖਿਡਾਈਆਂ ਗਈਆਂ ਅਤੇ ਉਹਨਾਂ ਨੂੰ "ਮੈਗਨੀਫਿਕੇਂਟ ਸਮਾਈਲ", ਮੈਟੀਕਿਊਲਸ ਪ੍ਰਫੋਰਮਰ", "ਬੈਸਟ ਆਊਟਫਿੱਟ", ਗਲੀਮਿੰਗ ਸਟਾਰ", ਇਨਡਿਅਰਿੰਗ", "ਬੈਸਟ ਕੱਪਲ" ਅਤੇ "ਸੁਪਰ ਡੈਡ" ਆਦਿ ਦੇ ਟੈਗ ਨਾਲ ਸਨਮਾਨਿਤ ਕੀਤਾ ਗਿਆ । ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ੍ਰੀ ਨਰੇਸ਼ ਪਾਠਕ, (ਮੈਂਬਰ ਆਫ ਸੁਬੋਰਡੀਨੇਂਟ ਸਰਵਸੀਸਜ਼ ਸਿਲੈਕਸ਼ ਬੋਰਡ ਪੰਜਾਬ) ਅਤੇ ਉਹਨਾਂ ਦੀ ਧਰਮਪਤਨੀ ਸ੍ਰੀਮਤੀ ਲਵਲੀਨ ਪਾਠਕ ਅਤੇ ਸ. ਸਰਬਜੀਤ ਸਿਮਘ ਡਿੰਪੀ, ਸ਼ਹਿਰੀ ਪ੍ਰਧਾਨ, ਆਮ ਆਦਮੀ ਪਾਰਟੀ ਅਤੇ ਉਹਨਾਂ ਦੀ ਧਰਮਪਤਨੀ ਸ੍ਰੀਮਤੀ ਜਤਿੰਦਰ ਕੌਰ ਜੀ ਵਿਸ਼ੇਸ਼ ਤੌਰ ਤੇ ਪਹੁੰਚੇ । ਉਹਨਾਂ ਨੇ ਆਪਣੇ ਸ਼ਬਦਾਂ ਰਾਹੀ ਸਕੂਲ ਦੇ ਸਟਾਫ ਅਤੇ ਬੱਚਿਆਂ ਦੀ ਖੂਬ ਤਾਰੀਫ ਕੀਤੀ ।ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਮਹਿਮਾਨਾ ਅਤੇ ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕੀਤਾ ।ਇਸ ਮੌਕੇ ਤੇ ਸਕੂਲ ਦੀ ਵਾਇਸਿ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ ਅਤੇ ਨਿਲਾਕਸ਼ੀ ਗੁਪਤਾ, ਸਕੂਲ ਸਟਾਫ ਅਤੇ ਬੱਚੇ ਹਾਜਿਰ ਰਹੇ।

### ਟਕਸਾਲੀ ਅਕਾਲੀ ਆਗੂ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ ਦੇ

# ਅਕਾਲ ਚਲਾਣੇ ਪਿੱਛੋਂ ਸੈਂਕੜੇ ਸੇਜ਼ਲ ਅੱਖਾਂ ਦੀ ਹਾਜ਼ਰੀ ਵਿਚ ਅੰਤਿਮ ਵਿਦਾਇਗੀ





**ਚੌਕ ਮਹਿਤਾ, 24 ਮਈ( ਬਾਬਾ ਸੁਖਵੰਤ ਸਿੰਘ ਚੰਨਣਕੇ** )-ਅਕਾਲੀ ਦਲ ਅੰਮ੍ਰਿਤਸਰ ਦਿਹਾਤੀ ਤੋਂ ਸਾਬਕਾ ਜਨਰਲ ਸਕੱਤਰ ਹਲਕਾ ਮਜੀਠਾ ਤੋਂ ਟਕਸਾਲੀ ਆਗੂ ਅਤੇ ਉਘੇ ਕਾਰੋਬਾਰੀ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ ਜੋ ਪਿਛਲੇ ਦਿਨਾਂ ਤੋਂ ਬਿਮਾਰ ਚਲ ਰਹੇ ਸਨ ਅਤੇ ਅੱਜ ਉਹ ਅਕਾਲ ਚਲਾਣਾ ਕਰ ਗਏ੍ ਜਥੇਦਾਰ ਤਰਲੋਚਨ ਸਿੰਘ ਮੱਤੇਵਾਲ 91 ਵਰ੍ਹੇ ਦੇ ਸਨ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਵਿਚ ਅਹਿਮ ਅਸਥਾਨ ਰੱਖਦੇ ਸਨ ਬਿਕਰਮ ਸਿੰਘ ਮਜੀਠੀਆ ਦੇ੍ ਬਹੁਤ ਨਜ਼ਦੀਕੀ ਸਨ੍ ਅੱਜ ਉਨ੍ਹਾਂ ਦੇ ਅਕਾਲ ਚਲਾਣੇ ਪਿੱਛੋਂ ਸੇਕੜੇ ਸਿਜਲ ਅੱਖਾਂ ਦੀ ਹਾਜ਼ਰੀ ਵਿਚ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ, ਜਿਸ ਦੌਰਾਨ ਸੀਨੀਅਰ ਅਕਾਲੀ ਆਗੂਆਂ ਤੇ ਇਲਕੇ ਦੇ ਮੋਹਤਬਰਾਂ ਵੱਲੋ ਵਿੱਛੜੀ ਰੂਹ ਨੂੰ ਸਰਧਾਂਜਲੀ ਦਿੱਤੀ੍ ਅੰਤਿਮ ਸੰਸਕਾਰ ਦੌਰਾਨ ਉਨ੍ਹਾਂ ਦੇ ਪੁੱਤਰ ਸਤਿੰਦਰਪਾਲ ਸਿੰਘ ਮੱਤੇਵਾਲ, ਮਨਿੰਦਰ ਸਿੰਘ ਮੱਤੇਵਾਲ ਤੇ ਜਗਜੀਤ ਸਿੰਘ ਵੱਲੋ ਚਿਤਾ ਨੂੰ ਅਗਨੀ ਦਿਖਾਈ੍ ਇਆ ਮੌਕੇ ਪਹੁੰਚੇ ਆਗੂਆਂ ਵਿਚ ਹੋਰਨਾਂ ਤੋਂ ਇਲਵਾ ਸੁਖਵਿੰਦਰ ਸਿੰਘ ਗੋਲਡੀ ਸਿਆਸੀ ਸਲਾਹਕਾਰ ਬਿਕਰਮ ਸਿੰਘ ਮਜੀਠੀਆ, ਗੁਰਪ੍ਰੀਤ ਸਿੰਘ ਮੱਤੇਵਾਲ ਭਤੀਜਾ, ਪਰਮਬੀਰ ਸਿੰਘ ਮੱਤੇਵਾਲ, ਪ੍ਰਿੰਸੀਪਲ ਮਾਈ ਭਾਗੋ ਕਾਲਜ, ਡਾ. ਕੁਲਦੀਪ ਸਿੰਘ ਮੱਤੇਵਾਲ, ਪ੍ਰੋ੍ਫ ਸਤਬੀਰ ਸਿੰਘ ਮੱਤੇਵਾਲ, ਕੋਸਲਰ ਨਵਪ੍ਰੀਤ ਸਿੰਘ ਅੰਮ੍ਰਿਤਸਰ, ਸੁਖਦੇਵ ਸਿੰਘ ਮੱਤੇਵਾਲ, ਸਵਿੰਦਰ ਸਿੰਘ ਸਾਬਕਾ ਸਰਪੰਚ ਚੋਗਾਵਾਂ, ਹਰਜਿੰਦਰ ਸਿੰਘ ਜੋੜੀਆਂ, ਸੋਹਣ ਸਿੰਘ, ਅਮਰੀਕ ਸਿੰਘ, ਪੰਚ ਮੰਗਤਾ ਸਿੰਘ, ਦਲਜੀਤ ਸਿੰਘ ਮੱਤੇਵਾਲ, ਸੁਲੱਖਣ ਸਿੰਘ, ਗੁਰਨਾਮ ਸਿੰਘ ਰਾਜੂ ਸਮੇਤ ਵੱਡੀ ਗਿਣਤੀ ਵਿਚ ਮੋਹਤਬਰ ਆਗੂ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਸ਼ਤਾਬਦੀਆਂ ਸਬੰਧੀ ਇਸ਼ਤਿਹਾਰ 'ਚ ਸ੍ਰੀ ਦਰਬਾਰ ਸਾਹਿਬ ਦੀ ਤਸਵੀਰ ਨਾਲ ਛੇੜਛਾੜ ਸਿੱਖ ਭਾਵਨਾਵਾਂ ਨਾਲ ਖਿਲਵਾੜ- ਐਡਵੋਕੇਟ ਧਾਮੀ



**ਨਵੀਂ ਦਿੱਲੀ, 24 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਸ਼ਤਾਬਦੀਆਂ ਬਾਰੇ ਸੁਝਾਅ ਲੈਣ ਲਈ ਜਾਰੀ ਕੀਤੇ ਗਏ ਇਸ਼ਤਿਹਾਰ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਵਰਤੀ ਗਈ ਤਸਵੀਰ ਨੂੰ ਕੰਪਿਊਟਰ ਤਕਨੀਕ ਨਾਲ ਵਿਗਾੜਨ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਦੀ ਇਹ ਹਰਕਤ ਸਿੱਖ ਭਾਵਨਾਵਾਂ ਨਾਲ ਵੱਡਾ ਖਿਲਵਾੜ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਨਾਲ ਸਬੰਧਤ ਕੋਈ ਵੀ ਤਸਵੀਰ ਛਾਪਣ ਤੋਂ ਪਹਿਲਾਂ ਸਰਕਾਰ ਨੂੰ ਸ਼੍ਰੋਮਣੀ ਕਮੇਟੀ ਨਾਲ ਸੰਪਰਕ ਜ਼ਰੂਰ ਕਰਨਾ ਚਾਹੀਦਾ ਸੀ। ਐਡਵੋਕੇਟ ਧਾਮੀ ਨੇ ਆਖਿਆ ਕਿ ਸ੍ਰੀ ਦਰਬਾਰ ਸਾਹਿਬ ਸਿੱਖਾਂ ਦੀ ਆਸਥਾ ਦਾ ਕੇਂਦਰ ਹੈ ਅਤੇ ਵਿਸ਼ਵ ਭਰ ਦੇ ਸਿੱਖ ਆਪਣੇ ਮਨਾਂ ਅੰਦਰ ਇਸ ਪਾਵਨ ਅਸਥਾਨ ਦੇ ਸਰੂਪ ਨੂੰ ਵਸਾ ਕੇ ਰੱਖਦੇ ਹਨ। ਇਸ ਦੀ ਏਆਈ ਤਕਨੀਕ ਨਾਲ ਬਣਾਈ ਗਈ ਗਲਤ ਤਸਵੀਰ ਵਿਚ ਨਾ ਸਿਰਫ਼ ਸਿੱਖਾਂ ਦੀ ਸ਼ਰਧਾ ਅਤੇ ਆਸਥਾ ਨਾਲ ਹੀ ਖਿਲਵਾੜ ਕੀਤਾ ਗਿਆ ਹੈ, ਬਲਕਿ ਸਿੱਖਾਂ ਦੀ ਆਤਮਾ ਵਿਚ ਵੱਸੇ ਸ੍ਰੀ ਦਰਬਾਰ ਸਾਹਿਬ ਦੀ ਰੂਹਾਨੀ ਆਭਾ ਨੂੰ ਵੀ ਖੰਡਤ ਕਰਨ ਦੀ ਵੀ ਕੋਝੀ ਹਰਕਤ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਦੇ ਇਸ ਜੀਵਨ ਦੇਣ ਵਾਲੇ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਇੰਟਰਨੈੱਟ ਉੱਤੇ ਸੈਂਕੜੇ ਤਸਵੀਰਾਂ ਮਿਲਣ ਦੇ ਬਾਵਜੂਦ ਵੀ ਕੰਪਿਊਟਰ ਦੁਆਰਾ ਛੇੜਛਾੜ ਕਰਕੇ ਇਸ ਨੂੰ ਵਿਗਾੜਨ ਦੀ ਹਰਕਤ ਬੇਹੱਦ ਦੁਖਦਾਈ ਹੈ, ਜਿਸ ਬਾਰੇ ਸਰਕਾਰ ਸਪੱਸ਼ਟ ਕਰੇ ਅਤੇ ਤੁਰੰਤ ਮੁਆਫ਼ੀ ਮੰਗੇ।

ਐਡਵੋਕੇਟ ਧਾਮੀ ਨੇ ਆਖਿਆ ਕਿ ਸ਼ਤਾਬਦੀਆਂ ਦੇ ਸਮਾਗਮ ਮਨਾਉਣੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੀ ਹੀ ਜ਼ੁੰਮੇਵਾਰੀ ਹੈ, ਜਦਕਿ ਸਰਕਾਰ ਦਾ ਫ਼ਰਜ਼ ਗੁਰੂ ਸਾਹਿਬ ਨਾਲ ਸਬੰਧਤ ਸ਼ਹਿਰਾਂ ਦੇ ਵਿਕਾਸ ਕਾਰਜ ਕਰਨੇ, ਸੜਕੀ ਢਾਂਚਾ ਵਿਕਸਤ ਕਰਨਾ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨਾਲ ਵਿਚਾਰ-ਵਟਾਂਦਰਾ ਕਰਕੇ ਢੁੱਕਵੀਆਂ ਯਾਦਗਾਰਾਂ ਸਥਾਪਤ ਕਰਨਾ ਹੈ।

# ਹਠੂਰ 'ਚ 11ਵਾਂ ਸ਼ਾਨਦਾਰ ਸਿੱਖੀ ਸੰਭਾਲ ਕੈਂਪ 1 ਜੂਨ ਤੋਂ 15 ਜੂਨ ਤੱਕ : ਖਾਲਸਾ

### ਭੈਣਾਂ ਵੀਰਾਂ ਲਈ ਦੁਮਾਲਾ, ਦਸਤਾਰ ਅਤੇ ਗੁਰਮਤਿ ਦੀ ਸਿਖਲਾਈ



ਹਠੂਰ/ਜਗਰਾਉਂ -(ਵਰਿਆਮ ਹਠੂਰ) ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਘੱਲੂਘਾਰੇ ਦੇ ਸਮੂਹ ਸ਼ਹੀਦ ਸਿੰਘਾਂ ਸਿੰਘਣੀਆਂ ਦੀ ਯਾਦ ਵਿੱਚ 11ਵਾਂ ਸਿੱਖੀ ਸੰਭਾਲ ਕੈਂਪ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਵਿਖੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਅਤੇ ਕੈਲੇਫੋਰਨੀਆਂ ਗੱਤਕਾ ਦਲ ਯੂ ਐੱਸ ਏ ਵੱਲੋਂ ਸਮੂਹ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 1 ਜੂਨ ਤੋਂ ਲੈ ਕੇ 15 ਜੂਨ ਤੱਕ ਲਗਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਗੁਰਜਿੰਦਰ ਸਿੰਘ ਖਾਲਸਾ ਯੂ ਐੱਸ ਏ, ਅਤੇ ਕਥਾਵਾਚਕ ਭਾਈ ਗੁਰਜੰਟ ਸਿੰਘ ਖ਼ਾਲਸਾ ਰਸੂਲਪੁਰ ਵਾਲਿਆਂ ਨੇ ਕਿਹਾ ਕਿ ਸਿੱਖੀ ਸੰਭਾਲ ਕੈਂਪ ਵਿੱਚ ਭੈਣਾਂ, ਵੀਰਾਂ, ਬੱਚਿਆਂ ਲਈ ਦੁਮਾਲਾ, ਦਸਤਾਰ ਦੀ ਸਿਖਲਾਈ, ਅਤੇ ਗੁਰਮਤਿ ਦੀ ਸਿਖਲਾਈ ਦਿੱਤੀ ਜਾਵੇਗੀ, ਉਨ੍ਹਾਂ ਅੱਗੇ ਕਿਹਾ ਕਿ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਸਮੇਂ ਸਮੇਂ ਨਾਲ ਉਪਰਾਲੇ ਕੀਤੇ ਜਾ ਰਹੇ ਹਨ। ਤਾਂ ਜੋ ਬੱਚਿਆਂ ਦਾ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ। ਅੰਤ ਵਿੱਚ ਉਨ੍ਹਾਂ ਕਿਹਾ ਕਿ ਬੀਬੀਆਂ ਭੈਣਾਂ ਵੀ ਆਪਣੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਆਪਣਾ ਅਹਿਮ ਰੋਲ ਅਦਾ ਕਰਨ, ਤੇ ਬੱਚਿਆਂ ਨੂੰ ਲੱਗ ਰਹੇ ਸਿੱਖੀ ਸੰਭਾਲ ਕੈਂਪ ਵਿੱਚ ਭੇਜਣ ਤਾਂ ਜੋ ਬੱਚਿਆਂ ਨੂੰ ਗੁਰੂ ਸਹਿਬਾਨਾਂ ਦੇ ਪਾਏ ਪੂਰਨਿਆਂ ਤੇ ਚੱਲਣ ਲਈ ਤੇ ਸਿੱਖਿਆ ਦੇਣ ਲਈ ਆਪਣਾ ਬਣਦਾ ਯੋਗਦਾਨ ਪਾਈਏ।

# ਬੇਜ਼ਮੀਨੇ ਮਜ਼ਦੂਰਾਂ ਨੂੰ ਰਿਹਾਅ ਕਰਵਾਉਣਾ ਕਰੀਮਪੁਰੀ ਦਾ ਫੈਸਲਾ ਸਲਾਘਾਯੋਗ : ਡਾ. ਜਗਜੀਵਨ ਸਿੰਘ ਸੇਰਪੁਰ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ** )-ਬਸਪਾ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਦੀ ਘੁਰਕੀ ਤੋਂ ਬਾਅਦ ਸੰਗਰੂਰ ਤੇ ਬਠਿੰਡਾ ਜੇਲਾਂ ਵਿੱਚ ਬੇਜ਼ਮੀਨੇ ਮਜ਼ਦੂਰ ਹੋਏ ਰਿਹਾਅ ਕੀਤਾ ਗਿਆ। ਜਿਸ ਦਾ ਸਵਾਗਤ ਕਰਦਿਆਂ ਬਹੁਜਨ ਸਮਾਜ ਪਾਰਟੀ ਦੇ ਬਰਨਾਲਾ ਦੇ ਇੰਚਾਰਜ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸੇਰਪੁਰ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਨੇ ਕੱਲ ਸੱਚ੍ਹ ਜਗ ਜਾਹਰ ਕਰ ਦਿੱਤਾ ਹੈ ਜਦੋਂ ਸੰਗਰੂਰ ਦੀ ਜਿਲੇ ਦੀ ਜੇਲ ਵਿੱਚੋਂ ਸੰਘਰਸ਼ ਕਰ ਰਹੇ ਮਜ਼ਦੂਰ ਸਾਥੀਆ ਨੂੰ ਸ ਕਰੀਮਪੁਰੀ ਸਾਬ ਨੇ ਘੁਰਕੀ ਦੇ ਕੇ ਜੇਲ ਵਿੱਚੋਂ ਆਜ਼ਾਦ ਕਰਵਾਉਣਾ ਸਲਾਘਾਯੋਗ ਫੈਸਲਾ ਹੈ । ਉਹਨਾਂ ਕਿਹਾ ਕਿ ਜੇਕਰ ਸਾਡੇ ਸਮਾਜ ਦੇ ਨਾਲ ਇਸੇ ਹੀ ਤਰ੍ਹਾਂ ਸਰਕਾਰਾਂ ਧੱਕਾ ਕਰਦੀਆਂ ਰਹੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਦਲਿਤ ਸਮਾਜ ਨੂੰ ਜਾਗਰੂਕ ਕਰਕੇ ਸਰਕਾਰਾਂ ਦੇ ਖਿਲਾਫ ਲਾਭਮੰਦ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦਲਤਾਂ ਲਈ ਕੋਈ ਵੀ ਸਹੂਲਤ ਨਾ ਦੇਣਾ ਬਹੁਤ ਹੀ ਮੰਦਭਾਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

12ਵੀਂ ਚੋਂ 97.8 ਪ੍ਰਤੀਸ਼ਤ ਅੰਕ ਲੈਕੇ ਜ਼ਿਲ੍ਹਾ ਮੋਗਾ ਵਿੱਚੋਂ ਕੀਤਾ ਦੂਜਾ ਸਥਾਨ ਹਾਸਿਲ, ਵਿਸ਼ੇਸ਼ ਤੌਰ 'ਤੇ ਕੀਤਾ ਸਨਮਾਨਿਤ

# ਪਿੰਡ ਹਠੂਰ ਦੀ ਧੀ ਵੰਸਿਕਾ ਜ਼ੈਨ ਨੇ ਚਮਕਾਇਆ ਨਾਮ








ਹਠੂਰ/ਜਗਰਾਉਂ (ਵਰਿਆਮ ਹਠੂਰ) ਵਿੱਦਿਆ ਦੇ ਖੇਤਰ ਵਿੱਚ ਦਿਨੋਂ ਦਿਨ ਪੁਲਾਂਘਾਂ ਪੁੱਟ ਰਹੀ ਜ਼ਿਲ੍ਹਾ ਮੋਗਾ ਦੇ ਪਿੰਡ ਬਿਲਾਸਪੁਰ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੀ 12ਵੀਂ ਕਲਾਸ ਦੀ ਵਿਦਿਆਰਥਣ ਵੰਸਿਕਾ ਜ਼ੈਨ ਨੇ 12ਵੀਂ ਕਲਾਸ ਦੀ ਪ੍ਰਿਖਿਆ ਵਿੱਚੋਂ 97.8 ਪ੍ਰਤੀਸ਼ਤ ਅੰਕ ਲੈਕੇ ਸਕੂਲ ਚੋਂ ਪਹਿਲਾਂ ਸਥਾਨ ਅਤੇ ਪੂਰੇ ਮੋਗਾ ਜ਼ਿਲ੍ਹਾ ਵਿੱਚੋ ਦੂਜਾ ਸਥਾਨ ਹਾਸਿਲ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ-ਨਾਲ ਜ਼ਿਲ੍ਹਾ ਮੋਗਾ, ਜ਼ਿਲ੍ਹਾ ਲੁਧਿਆਣਾ ਅਤੇ ਆਪਣੇ ਸਕੂਲ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦਾ ਵੀ ਨਾਮ ਰੌਸ਼ਨ ਕੀਤਾ ਹੈ। ਵੰਸਿਕਾ ਜ਼ੈਨ ਪੁੱਤਰੀ ਕਮਲੇਸ਼ ਕੁਮਾਰ ਹਠੂਰ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕਰਨ ਲਈ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਵਿਖੇ ਇੱਕ ਸਮਾਗਮ ਰੱਖਿਆ ਗਿਆ, ਜਿੱਥੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੀ ਮੈਨੇਜਮੈਂਟ, ਸਕੂਲ ਸਟਾਫ਼, ਸਕੂਲ ਦੇ ਬੱਚੇ, ਗ੍ਰਾਮ ਪੰਚਾਇਤ ਹਠੂਰ ਅਤੇ ਹੋਰ ਸਤਿਕਾਰਯੋਗ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ ਸਭ ਤੋਂ ਪਹਿਲਾਂ ਇਕੱਤਰ ਗੁਰਸੰਗਤਾਂ ਨੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ ਉਸ ਤੋਂ ਬਾਅਦ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ: ਚਰਨ ਸਿੰਘ ਪ੍ਰਿੰਸੀਪਲ ਸ਼੍ਰੀਮਤੀ ਅੰਜੂਮੋਲ ਜੋਅ ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਟੇਜ ਤੋਂ ਸੰਬੋਧਨ ਕੀਤਾ ਅਤੇ ਗ੍ਰਾਮ ਪੰਚਾਇਤ ਹਠੂਰ ਨੂੰ ਨਾਲ ਲੈਕੇ ਸਟੇਜ ਤੋਂ ਵੰਸਿਕਾ ਜ਼ੈਨ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਵੰਸਿਕਾ ਜ਼ੈਨ ਨੂੰ 97.8 ਪ੍ਰਤੀਸਤ ਅੰਕ ਹਾਸਲ ਕਰਕੇ ਨਾਮ ਰੌਸ਼ਨ ਕਰਨ ਲਈ ਮੁਬਾਰਕਾਂ ਦਿੱਤੀਆਂ, ਮੈਡਮ ਪੂਨਮ ਗੋਇਲ ਹਠੂਰ, ਸੁਰੇਸ਼ ਕੁਮਾਰ ਜੈਨ ਅਤੇ ਪਰਿਵਾਰ ਵੱਲੋਂ ਵੰਸਿਕਾ ਜ਼ੈਨ ਨੂੰ ਗਿਫ਼ਟ ਦਿੱਤੇ ਗਏ, ਵਿਦਿਆਰਥਣ ਵੰਸਿਕਾ ਜ਼ੈਨ ਨੇ ਸਾਰੀਆਂ ਪੁੱਜੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਆਪਣੀ ਮੋਗਾ ਜ਼ਿਲ੍ਹਾ ਵਿੱਚੋ ਸੈਕਿੰਡ ਪੁਜੀਸ਼ਨ ਆਉਣ ਲਈ ਸਕੂਲ ਸਟਾਫ਼ ਅਤੇ ਮਾਪਿਆਂ ਦੀ ਮਿਹਨਤ ਦਾ ਨਤੀਜਾ ਦੱਸਿਆ, ਗੱਲਬਾਤ ਕਰਦਿਆਂ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ: ਚਰਨ ਸਿੰਘ, ਪ੍ਰਿੰਸੀਪਲ ਮੈਡਮ ਸ੍ਰੀਮਤੀ ਅੰਜੂਮੋਲ ਜੋਅ, ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਵੰਸਿਕਾ ਜ਼ੈਨ ਨੇ ਜਿੱਥੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ- ਨਾਲ ਸਕੂਲ ਦਾ ਨਾਮ ਰੌਸ਼ਨ ਕੀਤਾ, ਉੱਥੇ ਜ਼ਿਲ੍ਹਾ ਮੋਗਾ ਅਤੇ ਜ਼ਿਲ੍ਹਾ ਲੁਧਿਆਣਾ ਦਾ ਵੀ ਨਾਮ ਰੌਸ਼ਨ ਕੀਤਾ ਹੈ। ਸਾਨੂੰ ਵਿਦਿਆਰਥਣ ਵੰਸਿਕਾ ਜ਼ੈਨ ਤੇ ਬਹੁਤ ਮਾਣ ਹੈ। ਇਸ ਮੌਕੇ ਮਾਸਟਰ ਸ਼੍ਰੀ ਦੇਵ ਕ੍ਰਿਸ਼ਨ ਹਠੂਰ ਨੇ ਵੰਸਿਕਾ ਜ਼ੈਨ ਨੂੰ ਮੁਬਾਰਕਾਂ ਦਿੰਦਿਆਂ ਹੌਸਲਾ ਅਫ਼ਜ਼ਾਈ ਕੀਤਾ, ਸਟੇਜ ਤੋਂ ਜਿੱਥੇ ਸੁਪਰੀਮ ਕੌਨਵੈਂਟ ਸਕੂਲ ਦੇ ਬੱਚਿਆਂ ਵੱਲੋਂ ਸਾਡਾ ਯੁੱਧ ਨਸ਼ਿਆਂ ਵਿਰੁੱਧ ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ, ਉੱਥੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਹਠੂਰ ਤੋਂ ਕਥਾਵਾਚਕ ਭਾਈ ਗੁਰਜੰਟ ਸਿੰਘ ਖ਼ਾਲਸਾ ਰਸੂਲਪੁਰ ਵੱਲੋਂ ਨਸ਼ਿਆਂ ਖ਼ਿਲਾਫ਼ ਖੇਡੇ ਨਾਟਕ ਦੀ ਸ਼ਲਾਘਾ ਕੀਤੀ ਅਤੇ ਸੰਬੋਧਨ ਕਰਦਿਆਂ ਜਿੱਥੇ ਨੌਜਵਾਨਾਂ ਨੂੰ ਘਾਤਕ ਨਸ਼ਿਆਂ ਤੋਂ ਬਚਣ ਲਈ ਅਪੀਲ ਕੀਤੀ ਉੱਥੇ ਬੱਚਿਆਂ ਨੂੰ ਮਨ ਚਿੱਤ ਲਾ ਕੇ ਪੜ੍ਹਨ ਦੀ ਅਤੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ, ਅਤੇ ਧੀ ਵੰਸਿਕਾ ਜ਼ੈਨ ਨੂੰ ਮੁਬਾਰਕਾਂ ਦਿੱਤੀਆਂ, ਅੰਤ ਵਿੱਚ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਬੱਚਿਆਂ ਵੱਲੋਂ ਨਸ਼ਿਆਂ ਖ਼ਿਲਾਫ਼ ਨਗਰ ਵਿੱਚ ਰੈਲੀ ਵੀ ਕੱਢੀ, ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਚਰਨ ਸਿੰਘ, ਪ੍ਰਿੰਸੀਪਲ ਮੈਡਮ ਸ਼੍ਰੀਮਤੀ ਅੰਜੂਮੋਲ ਜੋਅ, ਵਾਈਸ ਪ੍ਰਿੰਸੀਪਲ ਜਸਮੇਲ ਸਿੰਘ, ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਾਲਸਾ, ਪੰਚ ਮੁਖਤਿਆਰ ਸਿੰਘ, ਪੰਚ ਜਗਦੀਪ ਸਿੰਘ, ਪੰਚ ਪਾਲਾ ਸਿੰਘ, ਮੈਡਮ ਪੂਨਮ ਗੋਇਲ ਹਠੂਰ, ਮਾਸਟਰ ਸ਼੍ਰੀ ਦੇਵ ਕ੍ਰਿਸ਼ਨ ਹਠੂਰ, ਭਾਈ ਗੁਰਜੰਟ ਸਿੰਘ ਖ਼ਾਲਸਾ ਰਸੂਲਪੁਰ, ਸੁਰੇਸ਼ ਕੁਮਾਰ ਜੈਨ, ਕਮਲੇਸ਼ ਕੁਮਾਰ ਜੈਨ, ਕੁਸਮ ਰਾਣੀ, ਮੇਸ਼ੀ ਹਠੂਰ, ਮੋਹਨ ਸਿੰਘ, ਭਰਭੂਰ ਸਿੰਘ, ਸਮੇਤ ਅਨੇਕਾਂ ਪਤਵੰਤੇ ਅਤੇ ਸਕੂਲ ਦੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

15 ਜੂਨ ਨੂੰ 10 ਹਜ਼ਾਰ ਬੱਚੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ

# ਜਪੁਜੀ ਸਾਹਿਬ ਦੇ ਪਾਠ ਕਰਨਗੇ: ਜਸਪ੍ਰੀਤ ਸਿੰਘ ਕਰਮਸਰ

**ਨਵੀਂ ਦਿੱਲੀ, 24 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਇਸ ਵਾਰ ਗਰਮੀ ਦੀਆਂ ਛੁੱਟੀਆਂ ਵਿਚ ਲੱਗਣ ਵਾਲੇ ਕੈਂਪਾਂ ਵਾਸਤੇ ਬੱਚਿਆਂ ਵੱਲੋਂ ਗੁਰਬਾਣੀ ਨਾਲ ਜੁੜਨ ਵਾਸਤੇ ਬਹੁਤ ਉਤਸ਼ਾਹ ਮਿਲ ਰਿਹਾ ਹੈ ਅਤੇ 15 ਜੂਨ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਦੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ 10 ਹਜ਼ਾਰ ਤੋਂ ਜ਼ਿਆਦਾ ਬੱਚੇ ਜਪੁਜੀ ਸਾਹਿਬ ਦੇ ਪਾਠ ਦਾ ਇਕੱਠਿਆਂ ਜਾਪ ਕਰਨਗੇ। ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਵਾਸਤੇ ਗਰਮੀ ਦੀਆਂ ਛੁੱਟੀਆਂ ਵਿਚ ਵਿਸ਼ੇਸ਼ ਕੈਂਪ ਲਾਉਣ ਦੇ ਉਪਰਾਲਿਆਂ ਨੂੰ ਵੱਡਾ ਉਤਸ਼ਾਹ ਮਿਲਿਆ ਹੈ। ਉਹਨਾਂ ਕਿਹਾ ਕਿ ਦਿੱਲੀ ਦੇ ਨਾਲ-ਨਾਲ ਹਰਿਆਣਾ, ਯੂ.ਪੀ. ਤੇ ਹੋਰ ਰਾਜਾਂ ਤੋਂ ਬੱਚਿਆਂ ਨੇ ਇਹਨਾਂ ਕੈਂਪਾਂ ਪ੍ਰਤੀ ਬਹੁਤ ਉਤਸ਼ਾਹ ਵਿਖਾਇਆ ਹੈ। ਉਹਨਾਂ ਕਿਹਾ ਕਿ ਇਸ ਵਾਰ ਅਸੀਂ ਵਿਸ਼ੇਸ਼ ਮੁਹਿੰਮ ਵਜੋਂ 15 ਜੂਨ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਜਪੁਜੀ ਸਾਹਿਬ ਜੀ ਦੇ ਪਾਠ ਦੇ ਉਚਾਰਣ ਵਾਸਤੇ ਵਿਸ਼ੇਸ਼ ਮੁਹਿੰਮ ਉਲੀਕੀ ਹੈ ਜਿਸ ਤਹਿਤ ਗ੍ਰੰਥ ਸਿੰਘ ਪਹਿਲਾਂ ਪਾਠ ਦਾ ਉਚਾਰਣ ਕਰਨਗੇ ਜਿਹਨਾਂ ਪਿੱਛੋਂ ਬੱਚੇ ਤੇ ਫਿਰ ਉਹਨਾਂ ਦੇ ਅਧਿਆਪਕ ਤੇ ਮਾਪੇ ਵੀ ਇਸ ਪਾਠ ਦਾ ਉਚਾਰਣ ਕਰਨਗੇ। ਉਹਨਾਂ ਕਿਹਾ ਕਿ ਜਦੋਂ 10 ਹਜ਼ਾਰ ਬੱਚੇ ਇਸ ਪਾਠ ਦਾ ਉਚਾਰਣ ਕਰਨਗੇ ਤਾਂ ਆਪਣੇ ਆਪ ਵਿਚ ਸਮਾਂ ਬੱਧ ਜਾਵੇਗਾ ਤੇ ਇਸ ਅਲੌਕਿਕ ਨਜ਼ਾਰੇ ਨੂੰ ਵੇਖਦਿਆਂ ਹੀ ਲੋਕ ਮੰਤਰ ਮੁਗਧ ਹੋ ਜਾਣਗੇ ਉਹਨਾਂ ਕਿਹਾ ਕਿ ਅਸੀਂ ਇਸ ਵਾਰ ਦੇ ਕੈਂਪਾਂ ਵਾਸਤੇ ਵਿਸ਼ੇਸ਼ ਕਿਤਾਬਾਂ ਵੀ ਤਿਆਰ ਕਰਵਾਈਆਂ ਹਨ ਤਾਂ ਜੋ ਬੱਚਿਆਂ ਨੂੰ ਗੁਰਬਾਣੀ ਦੇ ਰਸਭਿੰਨੇ ਪਾਠ ਨਾਲ ਜੋੜਿਆ ਜਾ ਸਕੇ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਪ੍ਰੋਗਰਾਮਾਂ ਵਿਚ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਸ਼ਮੂਲੀਅਤ ਕਰਵਾਉਣ ਤਾਂ ਜੋ ਇਹ ਪ੍ਰੋਗਰਾਮ ਸਫਲ ਹੋ ਸਕਣ।



# ਡੈਂਗੂ ਤੇ ਵਾਰ ਹਰ ਸ਼ੁਕਰਵਾਰ -ਐਸ ਆਈ ਅਸ਼ੋਕ ਕੁਮਾਰ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਅਕਾਂਕਸ਼ ਮਹਾਜਨ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਬਾਲੀਆਂ,ਕਿਲਾਂ ਹਕੀਮਾਂ,ਲੱਡਾਂ,ਕਾਂਝਲਾ,ਬੇਨੜਾ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ।ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਨੇ ਆਈ ਆਰ ਬੀ ਲੱਡਾਂ ਕੋਠੀ ਅਤੇ ਸਦਰ ਥਾਣਾ ਧੂਰੀ ਵਿਖੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ।ਟੀਮ ਮੈਂਬਰ ਹਰਜੀਤ ਸਿੰਘ, ਅਮਰੀਕ ਸਿੰਘ , ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

# ਪੰਜਾਬ ਸਰਕਾਰ ਇਸ਼ਿਤਹਾਰਾਂ ਵਿੱਚ ਹੀਰੋ, ਪਰ ਜ਼ਮੀਨੀ ਹਕੀਕਤ ਵਿੱਚ ਜ਼ੀਰੋ : ਸ਼ਮਸ਼ੇਰ ਸਿੰਘ ਪੱਧਰੀ

☛ ਪੱਧਰੀ ਨੇ ਕਿਹਾ ਕਿ ਹਾਈ ਕੋਰਟ ਦੀਆਂ ਫਟਕਾਰਾਂ ਨੇ ਖੋਲ੍ਹੀਆਂ ਸਰਕਾਰ ਦੀਆਂ ਪੋਲਾਂ ☛ ਮਜੀਠਾ ਤੋਂ ਲੈਕੇ ਮਾਨਸਾ ਤੱਕ ਨਸ਼ਿਆਂ ਦੀ ਭਰਮਾਰ



**ਅੰਮ੍ਰਿਤਸਰ, 23 ਮਈ (ਆਵਾਜ਼ਿ ਕੌਮ ਬਿਊਰੋ)**-"ਇਹ ਸਰਕਾਰ ਨਸ਼ਿਆਂ ਵਿਰੁੱਧ ਯੁੱਧ ਦੀ ਗੱਲ ਕਰਦੀ ਹੈ, ਪਰ ਮਜੀਠਾ ਤੋਂ ਲੈ ਕੇ ਮਾਨਸਾ ਤੱਕ ਨਸ਼ੇ ਨਾਲ ਮਰ ਰਹੇ ਨੌਜਵਾਨਾਂ ਦੇ ਪਿੰਡਾਂ ਵਿਚੋਂ ਕਿਸੇ ਮੁੱਦੇ ਤੇ ਨਾਂ ਕੋਈ ਜਵਾਬ ਆ ਰਿਹਾ, ਨਾਂ ਕਾਰਵਾਈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਕਾਰਜਕਾਰਨੀ ਦੇ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਪੰਜਾਬ ਸਰਕਾਰ ਘੇਰਦਿਆਂ ਹੋਇਆਂ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਹਨਾ ਕਿਹਾ, ਇਥੋਂ ਤੱਕ ਕਿ "ਹਾਈ ਕੋਰਟ ਨੂੰ ਸਰਕਾਰ ਦੇ ਝੂਠੇ ਦਾਅਵਿਆਂ ਤੇ ਪੈਸੇ ਦੀ ਅਸਲ ਵਰਤੋਂ ਦਾ ਹਿਸਾਬ ਲੈਣ ਲਈ ਮਜ਼ਬੂਰ ਹੋਣਾ ਪਿਆ।" ਉਹਨਾਂ ਕਿਹਾ ਕਿ ਹਾਲੀਆ RTI ਖੁਲਾਸਿਆਂ ਅਤੇ ਹਾਈ ਕੋਰਟ ਦੀਆਂ ਕਾਰਵਾਈਆਂ ਨੇ ਇਸ ਗੱਲ ਨੂੰ ਸਾਬਤ ਕਰ ਦਿੱਤਾ ਕਿ 2017 ਤੋਂ 2025 ਤੱਕ ਪੰਜਾਬ ਸਰਕਾਰ ਵੱਲੋਂ ਇਲੈਕਟ੍ਰਾਨਿਕ ਅਤੇ ਪ੍ਰਿੰਟ ਮੀਡੀਆ 'ਚ ਇਸ਼ਿਤਹਾਰਾਂ 'ਤੇ ਲੱਗਭੱਗ 1,534 ਕਰੋੜ ਰੁਪਏ ਖਰਚ ਕੀਤੇ ਗਏ ਵਿਸ਼ੇਸ਼ ਕਰਕੇ, ਆਮ ਆਦਮੀ ਪਾਰਟੀ ਦੀ ਸਰਕਾਰ ( ਮਾਰਚ 2022 ਤੋਂ ) ਨੇ ਸਿਰਫ 3 ਸਾਲਾਂ 'ਚ ਹੀ ?317 ਕਰੋੜ ਤੋਂ ਵੱਧ ਪ੍ਰਿੰਟ ਇਸ਼ਿਤਹਾਰਾਂ 'ਤੇ ਉਡਾ ਦਿੱਤੇ। ਇਹ ਇਸ਼ਿਤਹਾਰੀ ਅੱਖਰ-ਅੱਖਰ 'ਚ ਪੰਜਾਬੀ ਜਨਤਾ ਦੇ ਖ਼ੂਨ-ਪਸੀਨੇ ਦੀ ਕਮਾਈ ਵਿੱਚੋਂ ਨਿਕਲਕੇ ਲੱਗ ਰਹੇ ਹਨ। ਉਹਨਾਂ ਕਿਹਾ ਕਿ 21 ਜਨਵਰੀ 2025 ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਦੇਸ਼ ਦਿੱਤਾ ਕਿ ਪੰਜਾਬ ਸਰਕਾਰ 1 ਅਪਰੈਲ 2024 ਤੋਂ 20 ਜਨਵਰੀ 2025 ਤੱਕ ਦੇ ਇਸ਼ਿਤਹਾਰਾਂ ਅਤੇ ਨਵੀਆਂ ਸਰਕਾਰੀ ਗੱਡੀਆਂ ਦੀ ਖਰੀਦ ਤੇ ਹੋਏ ਖ਼ਰਚ ਦੀ ਜਾਣਕਾਰੀ ਹਲਫਨਾਮੇ ਰਾਹੀਂ ਪੇਸ਼ ਕਰੇ। ਸਰਕਾਰ ਵੱਲੋਂ ਜਾਣਕਾਰੀ ਪੇਸ਼ ਨਾਂ ਕਰਨ 'ਤੇ ਕੋਰਟ ਨੇ 12 ਫਰਵਰੀ ਨੂੰ ਆਖਰੀ ਵਾਰ 4 ਹਫ਼ਤੇ ਦੀ ਮਿਆਦ ਦਿੱਤੀ, ਮਤਲਬ 11 ਮਾਰਚ 2025 ਤੋਂ ਪਹਿਲਾਂ ਹਲਫਨਾਮਾ ਪੇਸ਼ ਹੋਣਾ ਸੀ। ਸਰਕਾਰ ਇਹ ਵੀ ਨਾਂ ਕਰ ਸਕੀ, ਉਲਟਾਂ ਹੁਕਮ ਰੱਦ ਕਰਨ ਦੀ ਅਰਜ਼ੀ ਲਾਈ — ਜੋ ਕਿ ਕੋਰਟ ਨੇ ਸਿੱਧੀ ਰੂਪ ਵਿੱਚ ਰੱਦ ਕਰ ਦਿੱਤੀ। ਇਸ ਉਪਰੰਤ ਹਲਕਾ ਮਜੀਠਾ ਦੇ ਪਿੰਡਾਂ ਵਿੱਚ ਨਕਲੀ ਸ਼ਰਾਬ ਕਾਰਨ ਹੋਈਆਂ ਮੌਤਾਂ ਨੇ ਸਾਬਤ ਕਰ ਦਿੱਤਾ ਕਿ ਇਹ ਸਰਕਾਰ ਨਸ਼ਿਆਂ ਵਿਰੁੱਧ ਨਹੀਂ, ਨਸ਼ਿਆਂ ਨਾਲ ਸਮਝੌਤਾ ਕਰ ਰਹੀ ਹੈ। ਸ਼ਰਾਬ ਮਾਫ਼ੀਆ ਨੂੰ ਪੁਲਿਸ ਅਤੇ ਰਾਜਨੀਤਿਕ ਸਹਿਯੋਗ ਹਾਸਲ ਹੈ। ਸਰਕਾਰ ਸਿਰਫ਼ ਕੈਮਰੇ ਸਾਹਮਣੇ ਝੂਠੇ ਛਾਪੇ ਦਿਖਾ ਕੇ ਨੌਜਵਾਨਾਂ ਨੂੰ ਬੇਵਕੂਫ਼ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਭਾਈ ਪੱਧਰੀ ਨੇ ਕਿਹਾ ਕਿ ਇਹ ਇਸ਼ਿਤਹਾਰ ਪੰਜਾਬ ਦੀ ਅਸਲੀ ਤਸਵੀਰ ਨੂੰ ਢੱਕਣ ਦੀ ਕੋਸ਼ਿਸ਼ ਹਨ, ਜਿੱਥੇ ਕਿਸਾਨਾਂ ਦੀ ਆਤਮਹੱਤਿਆ ਜਾਰੀ ਹੈ, ਸਿੱਖ ਨੌਜਵਾਨ ਝੂਠੇ ਕੇਸਾਂ 'ਚ ਫਸਾਏ ਜਾ ਰਹੇ ਹਨ, ਭਾਈ ਅੰਮ੍ਰਿਤਪਾਲ ਸਿੰਘ ਜੋ ਕਿ ਮੌਜੂਦਾ ਮੈਂਬਰ ਪਾਰਲੀਮੈਂਟ ਹਨ ਉਹਨਾਂ ਉੱਤੇ ਲੱਗਿਆ NSA ਨਜਾਇਜ਼ ਤੌਰ ਤੇ ਵਧਾਇਆ ਜਾਂਦਾ ਹੈ, ਤੇ ਦੂਜੇ ਪਾਸੇ "ਕੇਜਰੀਵਾਲ ਮਾਡਲ" ਦੀ ਝੂਠੀ ਚਮਕ-ਦਮਕ ਅਖ਼ਬਾਰੀ ਇਸ਼ਤਾਹਰਬਾਜ਼ੀ ਰਾਹੀਂ ਵਿਖਾਈ ਜਾਂਦੀ ਹੈ ਜੋਕਿ ਇਕ ਫਲਾਪ ਮਾਡਲ ਹੈ। ਉਹਨਾਂ ਕਿਹਾ ਕਿ ਹਾਈ ਕੋਰਟ ਦੀਆਂ ਹਦਾਇਤਾਂ ਦਾ ਤੁਰੰਤ ਪਾਲਣ ਕੀਤਾ ਜਾਣਾਂ ਚਾਹੀਦਾ ਹੈ ਅਤੇ ਝੂਠੀ ਇਸ਼ਿਤਹਾਰਬਾਜ਼ੀ ਤੇ ਰੋਕ ਲਾਈ ਜਾਣੀਂ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨੈਸ਼ਨਲ ਲੋਕ ਅਦਾਲਤ 'ਚ ਹੋਇਆ

# 23799 ਕੇਸਾਂ ਦਾ ਆਪਸੀ ਰਾਜ਼ੀਨਾਮੇ ਨਾਲ ਨਿਪਟਾਰਾ ਕੀਤਾ ਗਿਆ



**ਜੰਡਿਆਲਾ ਗੁਰੂ, 24 ਮਈ ( ਕੁਲਵੰਤ ਸਿੰਘ ਵਿਰਦੀ )**-ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੁਹਾਲੀ ਜੀਆਂ ਦੀਆ ਹਦਾਇਤਾਂ ਅਨੁਸਾਰ ਸ੍ਰੀ ਅਮਰਿੰਦਰ ਸਿੰਘ ਗਰੇਵਾਲ, ਜਿਲ੍ਹਾ ਅਤੇ ਸੈਸ਼ਨ ਜੱਜ-ਕਮ ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ੍ਰੀ ਅਮਰਦੀਪ ਸੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜੀਆਂ ਦੇ ਯਤਨਾ ਸਦਕਾ ਅੱਜ ਮਿਤੀ 24.05.2025 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਹ ਕੌਮੀ ਲੋਕ ਅਦਾਲਤ ਜਿਲ੍ਹਾ ਕਚਿਹਰੀਆਂ, ਅੰਮ੍ਰਿਤਸਰ ਅਤੇ ਇਸ ਦੇ ਨਾਲ ਤਹਿਸੀਲ ਅਜਨਾਲਾ ਅਤੇ ਬਾਬਾ ਬਕਾਲਾ ਸਾਹਿਬ ਵਿਖੇ ਵੀ ਲਗਾਈ ਗਈ। ਇਸ ਕੌਮੀ ਲੋਕ ਅਦਾਲਤ ਵਿੱਚ ਦੀਵਾਨੀ ਅਤੇ ਫੋਜਦਾਰੀ ਅਦਾਲਤਾਂ ਵਿਖੇ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਚੈਂਕ ਬਾਊਂਸ, ਬੈਂਕ ਰਿਕਵਰੀ, ਜਮੀਨੀ ਵਿਵਾਦਾਂ, ਘਰੇਲੂ ਝਗੜਿਆਂ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਕੌਮੀ ਲੋਕ ਅਦਾਲਤ ਦੀ ਵੱਧ ਤੋ ਵੱਧ ਸਫਲਤਾ ਲਈ ਜਿਲ੍ਹਾ ਕਚਿਹਰੀਆਂ, ਅੰਮ੍ਰਿਤਸਰ ਅਤੇ ਤਹਿਸੀਲਾਂ ਅਜਨਾਲਾ ਅਤੇ ਬਾਬਾ ਬਕਾਲਾ ਸਾਹਿਬ ਵਿੱਚ ਕੁੱਲ 32 ਬੈਂਚ ਬਣਾਏ ਗਏ ਸਨ, ਜਿਸ ਵਿੱਚੋਂ 25 ਬੈਂਚ ਅੰਮ੍ਰਿਤਸਰ ਅਦਾਲਤਾਂ, 1 ਬੈਂਚ ਸਥਾਈ ਲੋਕ ਅਦਾਲਤ, 1 ਬੈਂਚ ਲੇਬਰ ਕੋਰਟ, 3 ਬੈਂਚ ਅਜਨਾਲਾ, 2 ਬੈਂਚ ਬਾਬਾ ਬਕਾਲਾ ਸਾਹਿਬ ਤਹਿਸੀਲਾਂ ਵਿੱਚ ਲਗਾਏ ਗਏ। ਪੁਲਿਸ ਵਿਭਾਗ ਵੱਲੋਂ ਵੀ ਮਹਿਲਾਂ ਕਾਊਂਸਲਿੰਗ ਸੇਲਾਂ ਵਿੱਚ ਪਰਿਵਾਰਿਕ ਝਗੜਿਆ ਦੇ ਨਿਪਟਾਰੇ ਵਾਸਤੇ ਲੋਕ ਅਦਾਲਤ ਬੈਂਚ ਲਗਾਏ ਗਏ। ਇਸ ਤੋਂ ਇਲਾਵਾ ਵੀ ਵੱਖ-ਵੱਖ ਵਿਭਾਗਾਂ ਵੱਲੋਂ ਲੋਕ ਭਲਾਈ ਵਾਸਤੇ ਲੋਕ ਅਦਾਲਤ ਦੇ ਮਨੋਰਥ ਨੂੰ ਸਫਲ ਬਨਾਉਣ ਵਾਸਤੇ ਲੋਕ ਅਦਾਲਤ ਬੈਂਚ ਲਗਾਏ, ਜਿਨ੍ਹਾ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਕੌਮੀ ਲੋਕ ਅਦਾਲਤ ਦੇ ਸਾਰੇ ਬੈਂਚਾਂ ਵੱਲੋਂ ਕੁੱਲ 30270 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਹਨਾਂ ਵਿੱਚੋਂ 23799 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ। ਇਸ ਦੌਰਾਨ ਮਾਨਯੋਗ ਜਿਲ੍ਹਾ ਤੇ ਸੈਸ਼ਨਜ ਜੱਜ ਸ੍ਰੀ ਅਮਰਿੰਦਰ ਸਿੰਘ ਗਰੇਵਾਲ ਵੱਲੋਂ ਲੋਕਾ ਨੂੰ ਲੋਕ ਅਦਾਲਤ ਦੇ ਮਹੱਤਵ ਤੋਂ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕਿ ਲੋਕ ਅਦਾਲਤ ਵਿੱਚ ਦੋਵਾਂ ਧਿਰਾ ਦੇ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ। ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀਂ ਹੁੰਦੀ। ਦੋਹਾਂ ਧਿਰਾਂ ਵਿੱਚ ਪਿਆਰ ਵੱਧਦਾ ਹੈ। ਜਿਹੜੇ ਵਿਅਕਤੀ ਆਪਣੇ ਸਮਝੋਤੇ ਯੋਗ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਚਾਹੁੰਦੇ ਹਨ ਉਹ ਸਬੰਧਤ ਅਦਾਲਤ ਵਿੱਚ ਜਿੱਥੇ ਉਨ੍ਹਾਂ ਦਾ ਕੇਸ ਲੰਬਿਤ ਹੈ, ਆਪਣੀ ਅਰਜੀ ਲਗਾ ਸਕਦੇ ਹਨ ਜਾਂ ਨਵੇ ਮਾਮਲਿਆਂ ਦਾ ਨਿਪਟਾਰਾ ਲੋਕ ਅਦਾਲਤ ਰਾਹੀ ਕਰਵਾਉਣ ਲਈ ਸਬੰਧਤ ਜਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਜਾ ਉੱਪ ਮੰਡਲ ਕਾਨੂੰਨੀ ਸੇਵਾਵਾ ਕਮੇਟੀ ਦੇ ਦਫਤਰ ਵਿਖੇ ਆਪਣੀ ਅਰਜੀ ਦੇ ਸਕਦੇ ਹਨ।

ਸਫਲਤਾ ਦੀਆਂ ਕਹਾਣੀਆਂ ਇੱਕ ਮਾਮਲੇ ਵਿੱਚ, ਸਾਲ 2023 ਵਿੱਚ, ਭਾਰਤੀ ਦੰਡਾਵਲੀ ਦੀ ਧਾਰਾ 376 ਅਤੇ ਪੋਕਸੋ ਐਕਟ ਦੀ ਧਾਰਾ 4 ਅਤੇ 6 ਦੇ ਤਹਿਤ ਜਿਨਸੀ ਸ਼ੋਸ਼ਣ ਦਾ ਮਾਮਲਾ ਪੁਲਿਸ ਸਟੇਸ਼ਨ ਮਹਿਲਾ, ਅੰਮ੍ਰਿਤਸਰ ਵਿੱਚ ਦਰਜ ਕੀਤਾ ਗਿਆ ਸੀ। 15.07.2023 ਨੂੰ ਸ਼ਿਕਾਇਤਕਰਤਾ (ਮਾਂ) ਅਤੇ ਉਸਦਾ ਪਤੀ ਆਪਣੇ ਕੰਮ ਲਈ ਗਏ ਹੋਏ ਸਨ। ਪਰ ਜਦੋਂ ਉਹ ਸ਼ਾਮ ਨੂੰ ਵਾਪਸ ਆਈ, ਤਾਂ ਉਸਨੂੰ ਪਤਾ ਲੱਗਾ ਕਿ ਉਸਦੇ ਦੋਸ਼ੀ ਚਾਚੇ ਨੇ ਉਸਦੀ ਧੀ 5 ਸਾਲ ਦੀ ਨਾਬਾਲਗ ਨਾਲ ਬਲਾਤਕਾਰ ਦਾ ਅਪਰਾਧ ਕੀਤਾ ਸੀ। ਇਸ ਮਾਮਲੇ ਵਿੱਚ ਅਦਾਲਤ ਨੇ ਦੋਸ਼ੀ ਨੂੰ ਧਾਰਾ 10 ਪੋਕਸੋ ਐਕਟ ਦੇ ਤਹਿਤ ਸਜ਼ਾ ਸੁਣਾਈ ਅਤੇ ਇਸ ਤੋਂ ਬਾਅਦ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੀੜਤਾ ਨੂੰ 1,00,000/- ਰੁਪਏ ਦਾ ਮੁਆਵਜ਼ਾ ਵੰਡਿਆ ਗਿਆ ਹੈ। ਇਸ ਤੋਂ ਇਲਾਵਾ ਇੱਕ ਮਾਮਲੇ ਵਿੱਚ, ਸਾਲ 2020 ਵਿੱਚ, ਪੁਲਿਸ ਸਟੇਸ਼ਨ ਮਜੀਠਾ, ਅੰਮ੍ਰਿਤਸਰ ਵਿੱਚ ਜਿਨਸੀ ਸ਼ੋਸ਼ਣ ਦਾ ਮਾਮਲਾ ਦਰਜ ਕੀਤਾ ਗਿਆ ਸੀ। ਮਿਤੀ 21.12.2020 ਨੂੰ, ਸ਼ਿਕਾਇਤਕਰਤਾ (ਪਿਤਾ) ਸ਼ਾਮ ਨੂੰ ਆਪਣੇ ਘਰ ਮੌਜੂਦ ਸੀ, ਜਦੋਂ ਦੋਸ਼ੀ ਸ਼ਿਕਾਇਤਕਰਤਾ ਦੀ ਧੀ ਨੂੰ ਭਰਮਾ ਕੇ ਭਜਾ ਲੇ ਗਿਆ ਸੀ। ਇਸ ਮਾਮਲੇ ਵਿੱਚ ਅਦਾਲਤ ਨੇ ਦੋਸ਼ੀ ਨੂੰ 20 ਸਾਲ ਦੀ ਸਜ਼ਾ ਸੁਣਾਈ ਅਤੇ ਹੁਣ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੀੜਤਾ ਨੂੰ 2,00,000/- ਰੁਪਏ ਦਾ ਮੁਆਵਜ਼ਾ ਵੰਡਿਆ ਗਿਆ ਹੈ। ਇੱਕ ਹੋਰ ਮਾਮਲੇ ਵਿੱਚ, ਸਾਲ 2019 ਵਿੱਚ, ਪੁਲਿਸ ਸਟੇਸ਼ਨ ਚਾਟੀਵਿੰਡ, ਅੰਮ੍ਰਿਤਸਰ ਵਿੱਚ ਜਿਨਸੀ ਸ਼ੋਸ਼ਣ ਦਾ ਮਾਮਲਾ ਦਰਜ ਕੀਤਾ ਗਿਆ ਸੀ। ਮਿਤੀ 25.07.2019 ਨੂੰ, (ਮਾਂ) ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸਦੀ ਧੀ ਨਾਲ ਇੱਕ ਵਿਆਕਤੀ ਨੇ ਜਿਨਸੀ ਸ਼ੋਸ਼ਣ ਕੀਤਾ ਹੈ। ਇਸ ਮਾਮਲੇ ਵਿੱਚ ਅਦਾਲਤ ਨੇ ਦੋਸ਼ੀ ਨੂੰ 20 ਸਾਲ ਦੀ ਸਜ਼ਾ ਸੁਣਾਈ ਹੈ ਅਤੇ ਹੁਣ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੀੜਤਾ ਨੂੰ 5,00,000/- ਰੁਪਏ ਦਾ ਮੁਆਵਜ਼ਾ ਵੰਡਿਆ ਗਿਆ ਹੈ। ਸ਼੍ਰੀ ਅਜੀਤ ਪਾਲ ਸਿੰਘ, ਐਡੀਸ਼ਨਲ ਪ੍ਰਿੰਸੀਪਲ ਜੱਜ, ਫੈਮਿਲੀ ਕੋਰਟ, ਅੰਮ੍ਰਿਤਸਰ ਦੀ ਅਦਾਲਤ ਨੇ ਸਾਲ 2016 ਦੇ ਇੱਕ ਕੇਸ ਦਾ ਨਿਪਟਾਰਾ ਕੀਤਾ ਹੈ । ਇਸ ਤੋਂ ਇਲਾਵਾ, ਇੱਕੋ ਧਿਰ ਨਾਲ ਸਬੰਧਤ ਛੇ ਹੋਰ ਕੇਸਾਂ ਦਾ ਨਿਪਟਾਰਾ ਕੌਮੀ ਲੋਕ ਅਦਾਲਤ ਵਿੱਚ ਕੀਤਾ ਗਿਆ ਹੈ ਅਤੇ ਮੁਕੱਦਮੇ ਵਾਪਸ ਲੈ ਲਏ ਗਏ ਹਨ ।ਮਿਸ. ਨੀਲਮ, ਜੇ ਐਮ ਆਈ ਸੀ, ਅੰਮ੍ਰਿਤਸਰ ਦੀ ਅਦਾਲਤ ਨੇ ਸਫਲਤਾ ਪ੍ਰਾਪਤ ਕਰਦਿਆ ਹੋਇਆ ਸਾਲ 2019 ਨਾਲ ਸਬੰਧਤ ਇੱਕ ਚੈੱਕ ਨਾਲ ਸਬੰਧਤ ਕੇਸ ਜੋ ਕਿ ਪਿਛਲੇ ਛੇ ਸਾਲਾਂ ਤੋਂ ਚੱਲ ਰਿਹਾ ਸੀ ਜਿਸ ਵਿੱਚ ਝਗੜੇ ਦੀ ਰਕਮ 2,50,000/- ਸ਼ਾਮਲ ਸੀ ।ਅੱਜ ਕੌਮੀ ਲੋਕ ਅਦਾਲਤ ਵਿੱਚ ਜਿਸਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਇਸੇ ਤਰ੍ਹਾਂ, ਇੱਕ ਹੋਰ ਚੈਂਕ ਬਾਉਂਸ ਕੇਸ ਵਿੱਚ, ਜੋ ਕਿ ਸਾਲ 2023 ਤੋਂ ਚੱਲ ਰਿਹਾ ਸੀ ਵਿੱਚ 31,59,864/- ਰੁਪਏ ਦੇ ਮਾਮਲੇ ਦਾ ਨਿਪਟਾਰਾ ਕੀਤਾ ਗਿਆ। ਇੱਕ ਹੋਰ ਚੈੱਕ ਨਾਲ ਸਬੰਧਤ ਕੇਸ ਜੋ ਕਿ 2023 ਤੋ ਚੱਲ ਰਿਹਾ ਸੀ ਵਿੱਚ 20,74,572/- ਰੁਪਏ ਦੀ ਰਕਮ ਸਾਮਿਲ ਸੀ ਦਾ ਅੱਜ ਕੌਮੀ ਲੋਕ ਅਦਾਲਤ ਵਿੱਚ ਨਿਪਟਾਰਾ ਕੀਤਾ ਗਿਆ।

### ਵਿਸ਼ਵ ਪ੍ਰਸਿਧ ਲੇਖਕ ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਦਾ

# 18ਵਾਂ ਗ਼ਜ਼ਲ ਅਤੇ ਕਾਵਿ ਸੰਗ੍ਰਹਿ "ਸੋਨੇ ਦੀ ਤਸਵੀਰ" 27 ਮਈ ਨੂੰ ਹੋਵੇਗਾ ਲੋਕ ਅਰਪਣ

**ਚੌਂਕ ਮਹਿਤਾ, 24 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਸ਼ਵ ਪ੍ਰਸਿਧ ਚਰਚਿੱਤ ਰਚਨਾ 'ਅੰਮ੍ਰਿਤਸਰ ਵੱਲ ਜਾਂਦੇ ਰਾਹੀਓ ਜਾਣਾ ਗੁਰੂ ਦੁਆਰੇ ਬਈ' ਦੇ ਰਚੇਤਾ ਸ੍ਰ: ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਦਾ ਲਿਖਿਆ 18ਵਾਂ ਗ਼ਜ਼ਲ ਤੇ ਕਾਵਿ ਸੰਗ੍ਰਹਿ "ਸੋਨੇ ਦੀ ਤਸਵੀਰ" ਮਿਤੀ 27 ਮਈ 2025 ਨੂੰ ਸਵੇਰੇ 9.30 ਵਜੇ ਗੁਰਦੁਆਰਾ ਨਾਨਕਸਰ ਪਿੰਡ ਬੀੜ ਰਾਉਕੇ ਵਿਖੇ ਮਹਾਨ ਸ਼ਖਸੀਅਤਾਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤਾ ਜਾਵੇਗਾ ।ਪ੍ਰੈਸ ਨੂੰ ਇਹ ਜਾਣਕਾਰੀ ਦਿੰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਨੇ ਦੱਸਿਆ ਕਿ ਵਿਸ਼ਵ ਪ੍ਰਸਿੱਧ ਲੇਖਕ ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਵੱਲੋਂ ਲਿਖੇ ਗਏ ਇਸ 'ਸੋਨੇ ਦੀ ਤਸਵੀਰ' 18ਵੇਂ ਗ਼ਜ਼ਲ ਤੇ ਕਾਵਿ ਸੰਗ੍ਰਹਿ ਦੇ ਲੋਕ ਅਰਪਣ




ਸਮਾਗਮ ਵਿੱਚ, ਵਿਸ਼ੇਸ਼ ਤੌਰ ਤੇ ਇੱਕ ਧਾਰਮਿਕ ਕਵੀ ਦਰਬਾਰ ਵੀ ਕੀਤਾ ਜਾਵੇਗਾ, ਜੋ ਸੰਪੂਰਨ ਤੌਰ ਤੇ ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਹੋਵੇਗਾ । ਇਸ ਸਮਾਗਮ ਵਿੱਚ ਦੁਨੀਆਂ ਭਰ ਦੀਆਂ ਮਹਾਨ ਲੇਖਕ ਸ਼ਖਸੀਅਤਾਂ ਅਤੇ ਬੁੱਧੀਜੀਵੀ ਹਸਤੀਆਂ ਪਹੁੰਚ ਰਹੀਆਂ ਹਨ । ਸਮਾਗਮ ਵਿੱਚ ਸ਼ਾਮਲ ਹੋ ਰਹੀਆਂ ਸਾਰੀਆਂ ਸ਼ਖਸੀਅਤਾਂ ਨੂੰ ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਵੱਲੋਂ ਸਤਿਕਾਰ ਸਹਿਤ ਸਨਮਾਨਿਤ ਕੀਤਾ ਜਾਵੇਗਾ । ਸਮਾਪਤੀ ਉਪਰੰਤ ਗੁਰਦੁਆਰਾ ਨਾਨਕਸਰ ਬੀੜ ਰਾਉਕੇ ਦੀ ਸਮੁੱਚੀ ਪ੍ਰਬੰਧਕ ਕਮੇਟੀ ਅਤੇ ਨਗਰ ਨਿਵਾਸੀਆਂ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਲੰਗਰ ਪ੍ਰਸ਼ਾਦਾ ਛਕਾਉਣ ਦੀ ਸੇਵਾ ਕੀਤੀ ਜਾਵੇਗੀ।

### 'ਲੋਕ-ਰਾਜ' ਪੰਜਾਬ

## ਕੌਮਾਂਤਰੀ ਭਾਈਚਾਰਾ ਸ੍ਰੀ ਦਰਬਾਰ ਸਾਹਿਬ ਨੂੰ "ਸਿੱਖ-ਵੈਟੀਕਨ" ਅਤੇ ਅੰਮ੍ਰਿਤਸਰ ਨੂੰ "ਨੋ-ਵਾਰ ਜ਼ੋਨ" ਐਲਾਨੇ, 'ਲੋਕ-ਰਾਜ' ਪੰਜਾਬ ਦੀ ਮੰਗ




**ਚੌਂਕ ਮਹਿਤਾ, 24 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦੁਨੀਆ ਭਰ ਵਿੱਚ ਵਸਦੇ ਸਮੁੱਚੇ ਸਿੱਖ ਭਾਈਚਾਰੇ ਦੀ, ਦ੍ਰਿੜਤਾ ਪੂਰਨ ਮਾਨਤਾ ਹੈ, ਕਿ ਕੋਈ ਵੀ ਸਖਸ਼ ਜਾਂ ਸ਼ਕਤੀ "ਰੱਬ ਦੇ ਘਰ" ਸ੍ਰੀ ਹਰਿਮੰਦਰ ਸਾਹਿਬ ਨੂੰ ਨੁਕਸਾਨ ਨਹੀਂ ਪਹੁੰਚਾ ਸਕਦੀ, ਜੋ ਸਾਰੀ ਮਨੁੱਖਤਾ ਲਈ "ਸ਼ਾਂਤੀ ਅਤੇ ਪ੍ਰੇਮ" ਦਾ ਰਾਹ ਦਸੇਰਾ "ਚਾਨਣ-ਮੁਨਾਰਾ" ਹੈ ।ਲੋਕ-ਰਾਜ' ਪੰਜਾਬ ਨੇ ਕਿਹਾ, ਇਤਿਹਾਸ ਇਸ ਗੱਲ ਦਾ ਗਵਾਹ ਹੈ, ਕਿ ਇਸਦਾ ਬੁਰਾ ਕਰਨ ਦੇ ਮਨਸੂਬੇ, ਹਮੇਸ਼ਾ "ਪਾਪੀਆਂ ਲਈ ਆਤਮਘਾਤੀ" ਹੀ ਸਾਬਤ ਹੋਏ ਹਨ। ਪਰ ਇਸ ਅਸਥਾਨ ਦਾ ਵਾਲ ਵੀ ਵਿੰਗਾ ਨਹੀਂ ਕਰ ਸਕੇ, ਅਤੇ ਨਾ ਕਦੇ ਕਰ ਸਕਣਗੇ। ਪੰਜਾਬ ਸਟੇਟ ਐਕਸ ਸਰਵਿਸਮੈਨ ਵੈਲਫੇਅਰ ਐਸੋਸੀਏਸ਼ਨ ਦੇ ਸੰਸਥਾਪਕ ਪ੍ਰਧਾਨ, ਸੇਵਾਮੁਕਤ ਕਰਨਲ ਕੁਲਦੀਪ ਸਿੰਘ ਗਰੇਵਾਲ ਨੇ ਪ੍ਰੈਸ ਨੂੰ ਦੱਸਿਆ, ਕਿ ਭਾਰਤੀ ਫੌਜ ਦੇ ਇੱਕ ਬਹੁਤ ਹੀ ਸੀਨੀਅਰ ਮੇਜਰ ਜਨਰਲ ਰੈਂਕ ਦੇ ਅਧਿਕਾਰੀ ਦੇ ਪ੍ਰੈਸ ਬਿਆਨ ਕਿ "ਪਾਕਿਸਤਾਨੀ ਫ਼ੌਜ ਨੇ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾ ਕੇ ਮਿਜ਼ਾਈਲਾਂ ਦਾਗੀਆਂ ਸਨ," ਤੋਂ ਬਾਅਦ "ਖ਼ਤਰੇ ਦੀ ਧਾਰਨਾ" ਨੂੰ ਹਰਗਿਜ਼ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ, ਦੁਨੀਆਂ ਭਰ ਦੇ "ਤਕਨੀਕੀ ਯੁੱਧ ਇਤਿਹਾਸ" ਵਿੱਚ, ਪਹਿਲੀ ਵਾਰ ਜਨਤਕ ਤੌਰ ਤੇ ਅਜਿਹਾ ਦੋਸ਼ ਲੱਗਾ ਹੈ, ਜਦੋਂ ਕਿਸੇ ਦੇਸ਼ ਨੇ ਕਿਸੇ ਵੀ "ਧਾਰਮਿਕ ਸਥਾਨ ਨੂੰ ਹਵਾਈ ਹਮਲੇ ਦਾ ਉੱਚੇਚਾ ਨਿਸ਼ਾਨਾ ਬਣਾਉਣ" ਦਾ ਦੋਸ਼ੀ ਠਹਿਰਾਇਆ ਗਿਆ ਹੋਵੇ। 'ਲੋਕ-ਰਾਜ' ਪੰਜਾਬ ਨੇ ਕਿਹਾ ਕਿ ਅੰਤਰਰਾਸ਼ਟਰੀ ਭਾਈਚਾਰੇ ਦੀ, ਹੁਣ ਇਹ ਜ਼ਿੰਮੇਵਾਰੀ ਬਣ ਜਾਂਦੀ ਹੈ, ਕਿ ਉਹ ਪੜਤਾਲ ਕਰਕੇ "ਸਾਰੀ ਸੱਚਾਈ ਦੁਨੀਆਂ ਸਾਹਮਣੇ ਰੱਖੇ" ਅਤੇ "ਸਿੱਖਾਂ ਦੇ ਸਰਵਉੱਚ ਧਰਮ-ਸਥਾਨ" ਦੀ ਪੂਰਨ ਸੁਰੱਖਿਆ" ਨੂੰ ਯਕੀਨੀ ਬਣਾਵੇ।

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਅਤੇ ਮਨੁੱਖੀ ਅਧਿਕਾਰ ਸੰਗਠਨ ਦੇ ਚੇਅਰਮੈਨ ਜਸਟਿਸ ਰਣਜੀਤ ਸਿੰਘ ਰੰਧਾਵਾ ਨੇ ਖ਼ੁਲਾਸਾ ਕੀਤਾ, ਕਿ ਅਜਿਹੀ ਸੁਰੱਖਿਆ "ਦਰਬਾਰ ਸਾਹਿਬ ਨੰ ਵੈਟੀਕਨ ਵਰਗਾ ਦਰਜ਼ਾ" ਦੇ ਕੇ, ਅਤੇ ਅੰਮ੍ਰਿਤਸਰ ਨੂੰ "ਨੋ ਵਾਰ ਪੀਸ ਜ਼ੋਨ" ਐਲਾਨ ਕੇ ਹੀ ਸੰਭਵ ਹੈ। ਉਹਨਾਂ ਕਿਹਾ ਕਿ ਮਨੁੱਖ਼ਤਾ ਦੇ ਸਰਵਸਾਂਝੇ, ਇਸ ਵਿਲੱਖਣ ਧਾਰਮਿਕ ਅਸਥਾਨ ਨੂੰ, "ਵੈਟੀਕਨ ਵਰਗਾ ਸ਼ਾਂਤੀ ਖੇਤਰ ਦਾ ਦਰਜਾ" ਦੇ ਕੇ, ਜੋ ਕਿ ਸਮੁੱਚੀ ਮਨੁੱਖਤਾ ਦੁਆਰਾ ਸਤਿਕਾਰਿਆ ਜਾਣਾ ਚਾਹੀਦਾ ਹੈ। 'ਲੋਕ-ਰਾਜ' ਪੰਜਾਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਰੰਧਾਵਾ ਨੇ ਕਿਹਾ, ਕਿ ਦੁਨੀਆ ਦੇ ਬਹੁਤ ਹੀ ਸੰਵੇਦਨਸ਼ੀਲ ਜੰਗ ਖੇਤਰ ਵਿੱਚ ਸਥਿਤ "ਸਿੱਖ ਧਰਮ ਦੇ ਸਰਵਉੱਚ ਅਸਥਾਨ ਦੀ ਪ੍ਰਭਾਵਸ਼ਾਲੀ ਅਤੇ ਸਥਾਈ ਸੁਰੱਖਿਆ ਨੂੰ ਯਕੀਨੀ ਬਣਾਉਣਾ, ਇਹ ਸਮੇਂ ਦੀ ਬੇਹਦ ਜ਼ਰੂਰੀ ਲੋੜ ਹੈ। ਤਾਂ ਜੋ ਕਿਸੇ ਵੀ ਅਜੇਹੀ "ਸ਼ਰਾਰਤ" ਨੂੰ ਰੋਕਿਆ ਜਾ ਸਕੇ, ਜੋ ਇਸ ਨਾਜ਼ੁਕ ਖੇਤਰ ਦੀ ਸ਼ਾਂਤੀ ਨੂੰ ਸਾਬੋਤਾਜ ਕਰ ਸਕਦੀ ਹੈ। ਕਰਨਲ ਗਰੇਵਾਲ ਨੇ ਦੱਸਿਆ ਕਿ ਰੱਖਿਆ ਮਾਹਿਰਾਂ ਨੂੰ ਪ੍ਰੈਸ ਵਿੱਚ ਮੇਜਰ ਜਰਨਲ ਵੱਲੋਂ ਕੀਤਾ ਗਿਆ ਖ਼ੁਲਾਸਾ ਇਸ ਕਰਕੇ ਵੀ ਦਿਲਚਸਪ ਲੱਗਦਾ ਹੈ, ਕਿਉਂਕਿ, ਸਾਰੇ ਫੌਜੀ ਆਪ੍ਰੇਸ਼ਨ "ਵਰਗੀਕ੍ਰਿਤ" ਭਾਵ "ਗੁਪਤ" ਹੁੰਦੇ ਹਨ। ਜਿਨ੍ਹਾਂ ਬਾਰੇ ਜਨਤਕ ਖ਼ੁਲਾਸਾ ਵਰਜਿਤ ਹੁੰਦਾ ਹੈ। ਵਿਦਿਆਰਥੀ ਆਗੂ ਯਾਦਵਿੰਦਰ ਸਿੰਘ 'ਯਾਦੂ' ਨੇ ਕਿਹਾ, ਕਿ ਮੁੱਦੇ ਬਾਰੇ "ਟਾਲਣਯੋਗ ਸਨਸਨੀਖੇਜ਼ ਖ਼ੁਲਾਸੇ" ਨੇ ਸਿੱਖ ਧਾਰਮਿਕ ਸਥਾਨ ਨੂੰ ਕਿਸੇ ਵੀ ਹੋਛੀ "ਸ਼ਰਾਰਤ" ਲਈ ਕੇਂਦਰਿਤ ਕਰ ਦਿੱਤਾ ਹੈ। ਜੋ ਵਰਤਾਰਾ ਚਿੰਤਕਾਂ ਦੀ ਨਜ਼ਰ ਵਿੱਚ ਗ਼ੈਰਜਿੰਮੇਵਾਰੀ ਵਾਲਾ ਅਤੇ ਬੇਹਦ ਮੰਦਭਾਗਾ ਹੈ।

## ਐੱਸ.ਐੱਚ.ਓ. ਹਰਪਾਲ ਸਿੰਘ ਨੇ ਥਾਣਾ ਮਹਿਤਾ ਦਾ ਚਾਰਜ ਸੰਭਾਲਿਆ



ਚੌਂਕ ਮਹਿਤਾ, 24 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਐੱਸ.ਐੱਚ.ਓ. ਸ਼ਮਸ਼ੇਰ ਸਿੰਘ ਦੇ ਤਬਾਦਲੇ ਤੋਂ ਬਾਅਦ ਸਬ ਇੰਸਪੈਕਟਰ ਹਰਪਾਲ ਸਿੰਘ ਨੇ ਥਾਣਾ ਮਹਿਤਾ ਦਾ ਚਾਰਜ ਸੰਭਾਲ ਲਿਆ ਹੈ। ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਆਖਿਆ ਕਿ ਆਪਣੇ ਕੰਮਾਂ ਲਈ ਥਾਣੇ ਆਉਣ ਵਾਲੇ ਵਿਅਕਤੀਆਂ ਦਾ ਸਤਿਕਾਰ ਕੀਤਾ ਜਾਵੇਗਾ। ਉਨਾਂ ਗੈਰ ਕਾਨੂੰਨੀ ਧੰਦਾ ਕਰਨ ਵਾਲੇ ਵਿਕਤੀਆਂ ਨੂੰ ਸਖ਼ਤ ਤਾੜਨਾ ਕਰਦਿਆਂ ਆਖਿਆ ਕਿ ਉਹ ਥਾਣੇ ਦੀ ਹਦੂਦ ਅੰਦਰ ਕੋਈ ਵੀ ਗੈਰ ਕਾਨੂੰਨੀ ਕੰਮ ਨਹੀਂ ਹੋਣ ਦੇਣਗੇ ਅਤੇ ਇਲਾਕੇ ਵਿਚ ਅਮਨ ਸ਼ਾਂਤੀ ਬਰਕਰਾਰ ਰੱਖਣ ਲਈ ਉਹ ਹਰ ਸੰਭਵ ਕੋਸ਼ਿਸ਼ ਕਰਨਗੇ।

## ਦਿੱਲੀ ਸਿੱਖ ਗੁਰਦੁਆਰਾ ਕਮੇਟੀ ਐਕਟ ਪੰਜਾਬੀ 'ਚ ਪ੍ਰਕਾਸ਼ਤ ਕੀਤੇ ਜਾਣ ਦੀ ਮੰਗ : ਜਸਵਿੰਦਰ ਸਿੰਘ ਜੌਲੀ



**ਨਵੀਂ ਦਿੱਲੀ, 24 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਘੱਟ ਗਿਣਤੀ ਸੈਲ ਦੇ ਚੇਅਰਮੈਨ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਮੰਗ ਕੀਤੀ ਹੈ ਕਿ ਕਮੇਟੀ ਦੇ ਐਕਟ ਨੂੰ ਪੰਜਾਬੀ ਵਿਚ ਪ੍ਰਕਾਸ਼ਤ ਕੀਤਾ ਜਾਵੇ। ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਦਿੱਲੀ ਸਕੱਤਰੇਤ ਦੇ ਮੰਤਰੀ ਸ੍ਰੀ ਪਰਵੇਜ਼ ਸ਼ਰਮਾ ਅਤੇ ਦਿੱਲੀ ਗੁਰਦੁਆਰਾ ਚੋਣਾਂ ਦੇ ਡਾਇਰੈਕਟੋਰੇਟ ਨੂੰ ਲਿਖੇ ਪੱਤਰ ਵਿਚ ਸਰਦਾਰ ਜਸਵਿੰਦਰ ਸਿੰਘ ਜੌਲੀ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਐਕਟ 1971 ਹੁਣ ਤੱਕ ਅੰਗਰੇਜ਼ੀ ਤੇ ਹਿੰਦੀ ਵਿਚ ਹੀ ਉਪਲਬਧ ਹੈ। ਉਹਨਾਂ ਕਿਹਾ ਕਿ ਇਸ ਐਕਟ ਦਾ ਅਨੁਰੂਪ ਸਿਰਫ ਅੰਗਰੇਜ਼ੀ ਤੇ ਹਿੰਦੀ ਵਿਚ ਹੀ ਉਪਲਬਧ ਹੈ। ਉਹਨਾਂ ਕਿਹਾ ਕਿ ਪੰਜਾਬੀ ਵਿਚ ਇਸਦਾ ਉਲੱਥਾ ਉਪਲਬਧ ਨਾ ਹੋਣ ਕਾਰਣ ਅੰਗਰੇਜ਼ੀ ਤੇ ਹਿੰਦੀ ਦੇ ਇਸਦੇ ਭਾਸ਼ਾਈ ਰੂਪ ਨੂੰ ਜਾਨਣ ਵਾਲਿਆਂ ਨੂੰ ਪੰਜਾਬੀ ਭਾਸ਼ਾ ਵਿਚ ਐਕਟ ਉਪਲਬਧ ਨਾ ਹੋਣ ਕਾਰਨ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਸਿੱਖ ਕੌਮ ਨੂੰ ਭਾਰੀ ਮੁਸ਼ਿਕਲਾਂ ਦਰਪੇਸ਼ ਹਨ। ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਵਿਚ ਇਸਦਾ ਉਲੱਥਾ ਉਪਲਬਧ ਹੋਣ ਸਦਕਾ ਨਾ ਸਿਰਫ ਸਿੱਖ ਕੌਮ ਬਲਕਿ ਆਮ ਪੰਜਾਬੀ ਲੋਕਾਂ ਨੂੰ ਵੀ ਵੱਡਾ ਲਾਭ ਮਿਲੇਗਾ। ਉਹਨਾਂ ਕਿਹਾ ਕਿ ਐਕਟ ਦੇ ਮੁਤਾਬਕ ਸਾਰੀ ਕਾਰਵਾਈ ਪੰਜਾਬੀ ਵਿਚ ਹੋਣੀ ਚਾਹੀਦੀ ਹੈ ਪਰ ਅਜਿਹਾ ਹੋ ਨਹੀਂ ਰਿਹਾ। ਉਹਨਾਂ ਕਿਹਾ ਕਿ ਇਸ ਐਕਟ ਦਾ ਉਲੱਥਾ ਪੰਜਾਬੀ ਵਿਚ ਉਪਲਬਧ ਹੋਣ ਨਾਲ ਸਮੁੱਚੇ ਪੰਜਾਬੀ ਭਾਈਚਾਰੇ ਨੂੰ ਵੱਡਾ ਲਾਭ ਮਿਲੇਗਾ।

### ਕਾਂਗਰਸ ਪਾਰਟੀ ਵੱਲੋਂ ਚੌਹਾਨ ਪੈਲੇਸ ਵਿਖੇ

# 'ਸੰਵਿਧਾਨ ਬਚਾਓ ਰੈਲੀ' ਦਾ ਆਯੋਜਨ ਕੀਤਾ ਗਿਆ







**ਜੰਡਿਆਲਾ ਗੁਰੂ 24 ਮਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿਗੜ ਰਹੇ ਹਲਾਤਾਂ ਨੂੰ ਮੱਦੇਨਜ਼ਰ ਰੱਖਦਿਆਂ ਹੋਇਆਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੀ ਅਗਵਾਈ ਹੇਠ ਚੌਹਾਨ ਪੈਲੇਸ ਵਿਖੇ ਸੰਵਿਧਾਨ ਬਚਾਓ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਪੰਜਾਬ ਦੇ ਹਾਲਾਤ ਦਿਨੋਂ ਦਿਨ ਬਦਤਰ ਤੋਂ ਬਦਤਰ ਹੋਏ ਹਨ। ਇਸ ਮੌਕੇ ਤੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ, ਐਮਪੀ ਸੁਖਜਿੰਦਰ ਸਿੰਘ ਰੰਧਾਵਾ, ਸਾਬਕਾ ਵਿਧਾਇਕ ਜੁਗਲ ਕਿਸ਼ੋਰ ਸ਼ਰਮਾ, ਅਰਵਿੰਦਰ ਡਾਲਵੀ, ਸਾਬਕਾ ਵਿਧਾਇਕ ਸੁਨੀਲ ਦੱਤੀ, ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਜਾਣੀਆਂ, ਮੁੱਖ ਬੁਲਾਰਾ ਅਵਤਾਰ ਸਿੰਘ ਟੱਕਰ ਜਾਣੀਆਂ, ਬੁਕੋਆਰਡੀਨੇਟਰ ਡਾ. ਲਖਵਿੰਦਰ ਬੰਡਾਲਾ, ਚੇਅਰਮੈਨ ਰਣਜੀਤ ਸਿੰਘ ਰਾਣਾ ਜੰਡ, ਮੈਡਮ ਨਵਨੀਤ ਕੌਰ ਸੈਦੋਲੇਹਲ, ਸੁਰਿੰਦਰ ਸਿੰਘ ਰੰਧਾਵਾ ਮਾਨਾਂਵਾਲਾ, ਵਰਿੰਦਰਜੀਤ ਸਿੰਘ ਢੋਟ, ਰਾਜ ਰਾਇਪੁਰ ਕਲਾਂ ਆਦਿ ਨੇ ਵਿਸ਼ੇਸ਼ ਤੌਰ ਉਤੇ ਸ਼ਿਰਕਤ ਕੀਤੀ। ਅਤੇ ਇਸ ਰੈਲੀ ਵਿੱਚ ਕਾਂਗਰਸ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਦੇ ਜ਼ਿਲਾ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਨੇ ਸਟੇਜ ਸੈਕਟਰੀ ਵਜੋਂ ਬੁਲਾਰਿਆਂ ਨੂੰ ਬੋਲਣ ਦਾ ਸਮਾਂ ਦੇਣ ਦੀ ਡਿਊਟੀ ਬਖੂਬੀ ਨਿਭਾਈ ਅਤੇ ਇਸ ਰੈਲੀ ਵਿੱਚ ਹਾਜਰ ਕਾਂਗਰਸ ਪਾਰਟੀ ਹਾਈਕਮਾਂਡ ਅਤੇ ਸੀਨੀਅਰ ਆਗੂਆਂ ,ਵਰਕਰਾਂ ਅਤੇ ਪੱਤਰਕਾਰ ਭਾਈਚਾਰੇ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ ਅਤੇ ਇਸ ਮੌਕੇ ਸਾਰੇ ਹੀ ਆਗੂਆਂ ਨੇ ਪੰਜਾਬ ਸਰਕਾਰ ਨੂੰ ਕੋਸਦਿਆਂ ਹੋਇਆਂ ਕਿਹਾ ਕਿ ਪੰਜਾਬ ਵਿੱਚ ਜੰਗਲ ਰਾਜ ਚੱਲ ਰਿਹਾ। ਸਾਰੇ ਹੀ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਦਰਿਆ ਵਗ ਰਿਹਾ ਹੈ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਕੁੰਭਕਰਨ ਦੀ ਨੀਂਦ ਸੌਂ ਰਹੀ ਹੈ। ਇਸ ਮੌਕੇ ਤੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਪੰਜਾਬ ਸਰਕਾਰ ਦਿੱਲੀ ਦੇ ਹੁਕਮ ਅਨੁਸਾਰ ਚੱਲ ਰਹੀ ਹੈ। ਇਸ ਮੌਕੇ ਚੇਅਰਮੈਨ ਹਰਜੀਤ ਸਿੰਘ ਬੰਡਾਲਾ, ਮਲਕੀਤ ਸਿੰਘ ਸਰਜਾ, ਸਰਪੰਚ ਦਿਲਬਾਗ ਸਿੰਘ ਜੌਹਲ, ਸਵਿੰਦਰ ਸਿੰਘ ਸੇਠ ਵਡਾਲਾ ਜੌਹਲ, ਭੁਪਿੰਦਰ ਸਿੰਘ ਹੈਪੀ ਸ਼ਹਿਰੀ ਪ੍ਰਧਾਨ ਕਾਂਗਰਸ ਪਾਰਟੀ ਜੰਡਿਆਲਾ ਗੁਰੂ, ਚਰਨਜੀਤ ਸਿੰਘ ਟੀਟੋ, ਬਲਵਿੰਦਰ ਸਿੰਘ, ਨਿਰਮਲ ਸਿੰਘ, ਸੋਨੂੰ ਜੰਡਿਆਲਾ , ਐਡਵੋਕੇਟ ਅਮਿਤ ਅਰੋੜਾ , ਸਾਬਕਾ ਸਰਪੰਚ ਹਰਜਿੰਦਰ ਸਿੰਘ ਖਲੈਰਾ, ਮਨਜਿੰਦਰ ਸਿੰਘ, ਜਸਮੇਰ ਸਿੰਘ ਖਲੈਰਾ, ਰਣਜੀਤ ਸਿੰਘ ਰਾਣਾ ਦਸਮੇਸ਼ ਨਗਰ, ਵਰਿੰਦਰਜੀਤ ਸਿੰਘ ਢੋਟ ਮਾਲੋਵਾਲ, ਹਰਮੀਤ ਸਿੰਘ ਢੋਟ, ਬਲਾਕ ਸੰਮਤੀ ਮੈਂਬਰ ਰਵਿੰਦਰ ਰਵੀ, ਸਾਬਕਾ ਸਰਪੰਚ ਤਰਸੇਮ ਸਿੰਘ ਲੱਡੂ, ਮੈਂਬਰ ਪੰਚਾਇਤ ਜਸਪਾਲ ਸਿੰਘ, ਚਰਨਜੀਤ ਸਿੰਘ ਜੰਮੂ, ਅਮਰਜੀਤ ਸਿੰਘ, ਦਲਬੀਰ ਸਿੰਘ ਜੰਮੂ ਮਾਲੋਵਾਲ, ਜਗਬੀਰ ਸਿੰਘ ਲਾਲੀ, ਪ੍ਰਿਤਪਾਲ ਸਿੰਘ, ਪੰਜਾਬ ਸਿੰਘ ਜੌਹਲ, ਰਾਜਬੀਰ ਸਿੰਘ ਨਾਮਧਾਰੀ, ਜਗਜੀਤ ਸਿੰਘ ਜੋਗੀ, ਜੋਗਾ ਸਿੰਘ ਅਮਰਕੋਟ, ਹਰਭਾਲ ਕੌਰ ਗਹਿਰੀ ਮੰਡੀ, ਹਰਦੀਪ ਸਿੰਘ ਖੇਲਾ, ਕੁਲਦੀਪ ਸਿੰਘ ਬਾਠ, ਬਲਵੰਤ ਸਿੰਘ, ਸਾਬਕਾ ਸਰਪੰਚ ਦਿਲਬਾਗ ਸਿੰਘ ਸਫੀਪੁਰ, ਤਰਸੇਮ ਸਿੰਘ ਸਫੀਪੁਰ, ਮਨਦੀਪ ਸਿੰਘ ਜੋਸਨ, ਸੁਖਚੈਨ ਸਿੰਘ ਚੀਨੂੰ, ਸਾਬਕਾ ਸਰਪੰਚ ਜਗੀਰ ਸਿੰਘ, ਨੰਬਰਦਾਰ ਗੁਰਮੀਤ ਸਿੰਘ ਜੀਵਨ ਪੰਧੇਰ, ਬਿਕਰਮਜੀਤ ਸਿੰਘ ਬਿੱਕਾ, ਕੰਵਲਜੀਤ ਸਿੰਘ ਜਪਾਨੀ, ਤਰਸੇਮ ਸਿੰਘ, ਮੇਜ਼ਰ ਸਿੰਘ ਜਾਣੀਆਂ, ਪਰਮਜੀਤ ਸਿੰਘ ਲਵਲੀ, ਤੀਰਥ ਸਿੰਘ, ਦਿਲਦਾਰ ਮਸੀਹ, ਸੁਰਿੰਦਰ ਸਿੰਘ ਹੇਅਰ, ਬਿੰਦ ਫਤਿਹਪੁਰ ਰਾਜਪੂਤਾਂ, ਤਰਸੇਮ ਸਿੰਘ, ਜੋਤਾ ਸਿੰਘ, ਸੁਖਪ੍ਰੀਤ ਸਿੰਘ, ਹਰਦੇਵ ਸਿੰਘ, ਦਲਜੀਤ ਸਿੰਘ ਫ਼ੌਜੀ, ਮੰਗਲ ਸਿੰਘ, ਬਖਸ਼ੀਸ਼ ਸਿੰਘ, ਸੰਦੀਪ ਸਿੰਘ, ਗੁਰਨਾਮ ਸਿੰਘ ਰਾਏਪੁਰ ਕਲਾਂ, ਸਾਹਬਾ ਰਾਏਪੁਰ, ਭਾਊ ਨਰਿੰਦਰ ਸਿੰਘ ਤੋਂ ਇਲਾਵਾ ਕਾਂਗਰਸ ਪਾਰਟੀ ਦੇ ਹੋਰ ਦਰਜ਼ਾ ਬਦਰਜਾ ਆਗੂ ਹਾਜ਼ਰ ਸਨ।

**ਪੰਜਾਬ ਸਰਕਾਰ ਦਿੱਲੀ ਦੇ ਹੁਕਮ ਅਨੁਸਾਰ ਚੱਲ ਰਹੀ ਪਾਰਲੀਮੈਂਟ - ਗੁਰਜੀਤ ਸਿੰਘ ਔਜਲਾ**

## ਸੀਨੀਅਰ ਸਿਟੀਜਨ ਕੌਂਸਲ ਨੇ ਬਾਗ ਬਾਨ ਮਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਦੇ ਭੋਗ ਪਾਏ ਤੇ ਮੈਂਬਰਾਂ ਦੇ ਜਨਮ ਦਿਨ ਮਨਾਏ



**ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ) :**— ਸਿਨੀਅਰ ਸਿਟੀਜਨ ਕੌਂਸਲ ਨੇ ਬਾਗ ਬਾਨ ਮਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ਼੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸ: ਪਰਮਿੰਦਰ ਸਿੰਘ ਪਿੰਕੀ ਸਾਬਕਾ ਵਿਧਾਇਕ ਫ਼ਿਰੋਜ਼ਪੁਰ ਸ਼ਹਿਰ ਨੇ ਗੁਰੂ ਚਰਨਾਂ ਵਿਚ ਹਾਜ਼ਰੀ ਲੁਆਈ। ਇਸ ਮੌਕੇ ਤੇ ਸ: ਪਰਮਿੰਦਰ ਸਿੰਘ ਪਿੰਕੀ ਨੇ ਬੋਲਦਿਆਂ ਕਿਹਾ ਕਿ ਸਾਡੇ ਬਜ਼ੁਰਗ ਹੀ ਸਾਡੀ ਆਨ, ਮਾਨ ਅਤੇ ਸ਼ਾਨ ਹੁੰਦੇ ਹਨ, ਅਸੀਂ ਇਨ੍ਹਾਂ ਕੋਲੋਂ ਹੀ ਸਿੱਖ ਕੇ ਅੱਗੇ ਕਦਮ ਵਧਾਉਂਦੇ ਹਾਂ, ਕਿਉਂਕਿ ਵਾਹਿਗੁਰੂ ਰੱਬ ਇਹੀ ਹਨ, ਜਿਹੜਾ ਨੌਜਵਾਨ ਆਪਣੇ ਮਾਂ—ਬਾਪ ਦੇ ਕਹਿਣੇ ਤੇ ਚਲਦਾ ਹੈ, ਉਸ ਨੂੰ ਕਿਸੇ ਕਿਸਮ ਦੀ ਕੋਈ ਥੋੜ ਨਹੀਂ ਰਹਿੰਦੀ, ਇਸ ਲਈ ਆਪਣੇ ਮਾਂ—ਬਾਪ ਦੀ ਇਜਤ ਕਰੋ, ਉਨ੍ਹਾਂ ਦੀ ਸੇਵਾ ਸੰਭਾਲ ਕਰੋ। ਇਸ ਮੌਕੇ ਤੇ ਸ੍ਰੀ ਪੀ.ਡੀ ਸਰਮਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਨੇ ਸ੍ਰੀ ਪਰਮਿੰਦਰ ਸਿੰਘ ਪਿੰਕੀ ਦੇ ਆਉਣ ਤੇ ਜੀ ਆਇਆ ਆਖਿਆ ਅਤੇ ਸਮੂਹ ਅਹੁਦੇਦਾਰਾਂ ਨੂੰ ਸ: ਪਰਮਿੰਦਰ ਸਿੰਘ ਪਿੰਕੀ ਨੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਜਿਨ੍ਹਾਂ ਮੈਂਬਰਾਂ ਦਾ ਜਨਮ ਦਿਨ ਸੀ, ਉਨ੍ਹਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਜਿਨ੍ਹਾਂ ਮੈਂਬਰਾਂ ਦਾ ਜਨਮ ਦਿਨ ਸੀ, ਉਨ੍ਹਾਂ ਵਿਚ ਜੱਜ ਪਾਲ ਮਹਿਤਾ, ਤਿਲਕ ਰਾਜ, ਪਿਆਰੇ ਲਾਲ, ਮੰਗਤ ਰਾਮ ਆਨੰਦ, ਰਮੇਸ਼ ਕੁਮਾਰ, ਸੁਖਦੇਵ ਸਿੰਘ ਖਾਲਸਾ, ਰਤਨ ਲਾਲ, ਸ਼ੀਲਾ ਰਾਜ ਕੁਮਾਰੀ, ਪੁਸ਼ਪਾ ਦੇਵੀ, ਚਰਨਜੀਤ ਪਾਲ, ਹਰਵਿੰਦਰ ਜੀਤ ਸਿੰਘ, ਸੁਰਿੰਦਰ ਕੁਮਾਰ ਤੀਰਥ ਰਾਮ, ਮਨਜੀਤ ਸਿੰਘ, ਜਗਦੀਸ਼ ਚੰਦਰਾ, ਪ੍ਰੇਮ ਪ੍ਰਕਾਸ਼ ਢੱਲ, ਰਜਵੰਤ ਸਿੰਘ, ਰਾਮਾ ਅਹੂਜਾ, ਕਮਲੇਸ਼ ਵੋਹਰਾ, ਅਮਰੀਕ ਸਿੰਘ, ਜ਼ੋਗਿੰਦਰਪਾਲ ਬਹਿਲ, ਕੇਹਰ ਸਿੰਘ, ਸਤੀਸ਼ ਕੁਮਾਰ ਦੂਆ, ਦੀਪ ਚੰਦ ਨੂੰ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਸ: ਪਰਮਿੰਦਰ ਸਿੰਘ ਪਿੰਕੀ ਨਾਲ ਸ੍ਰੀ ਰਿੰਕੂ ਗਰੋਵਰ ਪ੍ਰਧਾਨ, ਸਤਨਾਮ ਸਿੰਘ ਐਮ.ਸੀ ਤੋਂ ਇਲਾਵਾ ਹੋਰ ਵੀ ਐਮ.ਸੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਲੰਗਰ ਦਾ ਬਹੁਤ ਵਧੀਆ ਪ੍ਰਬੰਧ ਸੀ, ਸਾਰੇ ਮੈਂਬਰਾਂ ਨੂੰ ਲੰਗਰ ਛਕਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ 30 ਮਈ ਨੂੰ ਗੁਰਦੁਆਰਾ ਮਾਈ ਰਾਮ ਦੇਵੀ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ : ਭਾਈ ਅਵਤਾਰ ਸਿੰਘ



ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ) :— ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦਾ ਸ਼ਹੀਦੀ ਗੁਰਪੁਰਬ 30 ਮਈ ਦਿਨ ਸ਼ੁਕਰਵਾਰ ਨੂੰ ਮਨਾਇਆ ਜਾ ਰਿਹਾ ਹੈ, ਜਿਸ ਦੇ ਸੰਬੰਧ ਵਿੱਚ ਪਿਛਲੇ 41 ਦਿਨ ਤੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕਾਂ ਨੇ ਦੱਸਿਆ ਕਿ 28 ਮਈ ਦਿਨ ਬੁੱਧਵਾਰ ਨੂੰ ਜਤਿੰਦਰ ਸਿੰਘ, ਬਲਜਿੰਦਰ ਸਿੰਘ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਸ ਦੇ ਭੋਗ 30 ਮਈ ਦਿਨ ਸ਼ੁਕਰਵਾਰ ਸਵੇਰੇ ਪਾਏ ਜਾਣਗੇ, ਉਪਰੰਤ ਭਾਈ ਅਵਤਾਰ ਸਿੰਘ ਫੌਜੀ, ਬੀਬੀ ਕੁਲਤਾਰ ਕੌਰ, ਬੀਬੀ ਪਰਮਿੰਦਰ ਕੌਰ ਮੱਕੜ ਅਤੇ ਅਰਸ਼ਦੀਪ ਕੌਰ ਵੱਲੋਂ ਸ਼ਬਦ ਕੀਰਤਨ ਗਾਇਣ ਕੀਤਾ ਜਾਵੇਗਾ। ਇੱਥੇ ਸੰਗਤਾਂ ਨੂੰ ਦਸਣਯੋਗ ਹੈ ਕਿ ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਸ਼ਹੀਦਾਂ ਸਿੰਘਾਂ ਦੀ ਜੋਤ ਪਿਛਲੇ ਤਕਰੀਬਨ 30 ਸਾਲ ਤੋਂ ਬਿਰਾਜਮਾਨ ਹੈ, ਸੰਗਤਾਂ ਜੋਤ ਵਿੱਚ ਘਿਓ ਪਾਉਂਦੀਆਂ ਹਨ ਸ਼ਹੀਦ ਸਿੰਘ ਸਾਰੀਆਂ ਸੰਗਤਾਂ ਦੀਆਂ ਆਸਾ ਮੁਰਾਦਾਂ ਪੂਰੀਆਂ ਕਰਦੇ ਹਨ, ਸੰਗਤਾਂ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਕਰਦੀਆਂ ਹਨ। ਸਾਰੇ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਗੁਰੂ ਕੀਆਂ ਸੰਗਤਾਂ ਵੱਲੋਂ ਅਤੁੱਟ ਵਰਤਾਇਆ ਜਾਏਗਾ। ਅਖੀਰ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਗੁਰੂ ਸਾਹਿਬ ਅਤੇ ਸੰਗਤਾਂ ਦਾ ਧੰਨਵਾਦ ਕਰਨਗੇ। ਇਹ ਜਾਣਕਾਰੀ ਭਾਈ ਅਵਤਾਰ ਸਿੰਘ ਫੌਜੀ ਹੈਡ ਗ੍ਰੰਥੀ ਨੇ ਸਾਂਝੀ ਕਰਦਿਆਂ ਸਮੂਹ ਸੰਗਤ ਨੂੰ ਇਨ੍ਹਾਂ ਸਮਾਗਮਾਂ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮੱਸਿਆਵਾਂ ਦੇ ਹੱਲ ਲਈ ਸਬੰਧਤ ਮਹਿਕਮਿਆਂ ਨੂੰ ਲਿਖਾਂਗੇ ਪੱਤਰ : ਪਰਦੀਪ ਧਵਨ



ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਅਹੁਦੇਦਾਰਾਂ ਦੀ ਮੀਟਿੰਗ ਕ੍ਰਿਸ਼ਨਾ ਹੋਟਲ ਅੰਦਰੂਨ ਦਿੱਲੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ੍ਰੀ ਪਰਦੀਪ ਧਵਨ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਫ਼ਿਰੋਜ਼ਪੁਰ ਸ਼ਹਿਰ ਦੇ ਵਿਕਾਸ ਕੰਮਾਂ ਬਾਰੇ ਵਿਚਾਰ ਵਟਾਂਦਰਾ ਹੋਇਆ। ਇਸ ਮੌਕੇ ਤੇ ਅਹੁਦੇਦਾਰਾਂ ਨੇ ਸ਼ਹਿਰ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਲਏ ਗਏ, ਜਿਨ੍ਹਾਂ ਵਿਚ ਸ਼ਹਿਰ ਦੀਆਂ ਟੁਟੀਆਂ ਸੜਕਾਂ ਜਿਵੇਂ ਕਿ ਕਾਨਵੈਂਟ ਸਕੂਲ ਦੇ ਸਾਹਮਣੇ ਮੇਨ ਰੋਡ ਦੀ ਸੜਕ ਤੇ ਟੋਇਆ ਪੁਟਿਆ ਹੈ, ਜਿਸ ਨੂੰ ਅੱਜ 3 ਮਹੀਨੇ ਹੋ ਗਏ ਪੁਟਿਆ ਨੂੰ ਪਰ ਅਜੇ ਤੱਕ ਨਹੀਂ ਪੂਰਿਆ ਅਤੇ ਨਾ ਹੀ ਉਥੇ ਥੋੜ੍ਹੀ ਜਿਹੀ ਸੜਕ ਬਣੀ ਹੈ, ਰੋਜਾਨਾ ਸੈਂਕੜੇ ਲੋਕ ਉਥੇ ਫੱਟੜ ਹੁੰਦੇ ਹਨ, ਇਸੇ ਤਰ੍ਹਾਂ ਹੋਰ ਵੀ ਸ਼ਹਿਰ ਦੀਆਂ ਸੜਕਾਂ ਪੁਟੀਆਂ ਹਨ, ਉਹ ਲੋਕ ਪੁੱਟ ਤਾਂ ਲੈਂਦੇ ਹਨ, ਬਨਾਉਂਦੇ ਨਹੀਂ ਹਨ। ਇਸ ਤਰ੍ਹਾਂ ਫ਼ਿਰੋਜ਼ਪੁਰ ਸ਼ਹਿਰ ਦੇ ਵਾਟਰ ਸਪਲਾਈ ਟੈਂਕੀਆਂ ਵਿਚ ਦਵਾਈ ਪਾਉਣ ਬਾਰੇ ਮਿਊਂਸੀਪਲ ਕਮੇਟੀ ਨੂੰ ਕਿਹਾ ਜਾਵੇਗਾ। ਇਸ ਤੋਂ ਇਲਾਵਾ ਵਾਤਾਵਰਣ ਦੀ ਸੰਭਾਲ ਲਈ ਪੌਦੇ ਲਾਉਣੇ ਅਤੇ ਆਵਾਰਾ ਕੁੱਤਿਆਂ ਤੇ ਅਵਾਰਾ ਪਸ਼ੂਆਂ ਸਬੰਧੀ ਸੁਝਾਅ ਦਿੱਤੇ ਗਏ। ਅਖੀਰ ਵਿਚ ਸ੍ਰੀ ਪਰਦੀਪ ਧਵਨ ਪ੍ਰਧਾਨ ਨੇ ਸਮੂਹ ਹਾਜ਼ਰ ਸਾਥੀਆਂ ਦੇ ਆਏ ਸੁਝਾਉ ਮੰਨਦਿਆਂ ਦੱਸਿਆ ਕਿ ਜਲਦੀ ਹੀ ਸਬੰਧਤ ਅਧਿਕਾਰੀਆਂ ਨੂੰ ਪੱਤਰ ਲਿਖੇ ਜਾਣਗੇ। ਇਸ ਮੌਕੇ ਤੇ ਸ੍ਰੀ ਪਰਦੀਪ ਧਵਨ ਪ੍ਰਧਾਨ, ਐਸ.ਪੀ ਖੇੜਾ ਚੇਅਰਮੈਨ, ਸਤੀਸ਼ ਪੁਰੀ ਸੀਨੀਅਰ ਮੀਤ ਪ੍ਰਧਾਨ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਦੇਸ਼ ਬੰਧੂ ਤੁਲੀ, ਸ਼ਾਮ ਲਾਲ ਕੱਕੜ, ਤਿਲਕ ਰਾਜ ਏਰੀ, ਅਸ਼ੋਕ ਕੱਕੜ, ਰਾਕੇਸ਼ ਸ਼ਰਮਾ, ਸ਼ਿਵ ਮਾਰ, ਡਾਕਟਰ ਸੁਰਿੰਦਰ ਸਿੰਘ, ਸੁਰਿੰਦਰ ਬਿਲਾਸੀ, ਹਰੀਸ਼ ਮੌਂਗਾ, ਪ੍ਰਵੀਨ ਤਲਵਾੜ, ਗਤਿੰਦਰ ਕਮਲ, ਸਤੀਸ਼ ਪੁਰੀ, ਸੁਰਿੰਦਰ ਬੇਰੀ, ਪ੍ਰੇਮ ਕੁਮਾਰ, ਚਰਨਜੀਤ ਮਹਾਜਨ, ਜ਼ੋਗਿੰਦਰ ਕਾਕੜ, ਰਮਨ ਕੁਮਾਰ ਸ਼ਰਮਾ, ਰਮੇਸ਼ ਅਗਰਵਾਲ, ਅਸ਼ੋਕ ਕਪਾਹੀ, ਮਨੋਹਰ ਲਾਲ ਪ੍ਰੈਸ ਸਕੱਤਰ ਆਦਿ ਆਗੂ ਹਾਜ਼ਰ ਸਨ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਮੋਹਿੰਦਰ ਸਿੰਘ ਧਾਲੀਵਾਲ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਤਿਲਕ ਰਾਜ ਏਰੀ ਨੇ ਸਮੂਹ ਅਹੁਦੇਦਾਰਾਂ ਨੂੰ ਬਹੁਤ ਹੀ ਵਧੀਆ ਢੰਗ ਨਾਲ ਲੰਗਰ ਦੀ ਸੇਵਾ ਕੀਤੀ, ਜਿਸ ਨੂੰ ਵੇਖ ਕੇ ਸਮੂਹ ਸੀਨੀਅਰ ਸਿਟੀਜਨ ਫੋਰਮ ਦੇ ਅਹੁਦੇਦਾਰਾਂ ਨੇ ਖੁਸ਼ੀ ਵਿਚ ਸ੍ਰੀ ਤਿਲਕ ਰਾਜ ਏਰੀ ਦੀ ਜੰਮ ਕੇ ਪ੍ਰਸੰਸਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਜਨਮ-ਦਿਨ ਸਮਾਗਮ

## ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਗੁਰੂ ਪਿਆਰੇ ਖ਼ਾਲਸਾ ਜੀ ਸਭਨਾਂ ਨੂੰ ਹਾਰਦਿਕ ਸੱਦਾ ਹੈ ਕਿ 02 ਜੂਨ ਦਿਨ ਸੋਮਵਾਰ ਨੂੰ 10 ਤੋਂ ਸ਼ਾਮ 3 ਵਜੇ ਤੱਕ ਗੁਰਦੁਆਰਾ ਸੰਤ ਖ਼ਾਲਸਾ ਪਿੰਡ ਰੋਡੇ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ ਹੋਵੇਗਾ ਜਿਥੇ ਪੰਥਕ ਵਿਚਾਰਾਂ ਹੋਣਗੀਆਂ ਆਓ ਸਾਰੇ ਰਲ ਕੇ ਪੰਥ ਦੇ ਉਜਲੇ ਭਵਿੱਖ ਲਈ ਰਣਨੀਤੀ ਬਣਾਉਣ ਦਾ ਯਤਨ ਕਰੀਏ ਤੇ ਆਸ ਰੱਖੀਏ "ਗੁਰੂ ਭਲਾ ਕਰੇਗਾ"

ਗੁਰੂ ਪੰਥ ਦਾ ਦਾਸ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖ਼ਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243






ਆਵਾਜ਼ਿ ਕੌਮ AWAZE QAUM

International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਿੱਖਾਂ ਅਤੇ ਹਿੰਦੂਆਂ ਦੇ ਸਿਆਸੀ ਆਗੂਆਂ 'ਚ ਫ਼ਰਕ ਕੀ ਹੈ ?



ਜਦ ਸਾਡੇ ਗੁਰਧਾਮਾਂ ਦੇ ਪ੍ਰਬੰਧ ਵਿੱਚ ਨਿਘਾਰ ਕਰਕੇ ਮਹੰਤਾਂ ਖ਼ਿਲਾਫ਼ ਸਾਡੇ ਦਾਦੇ-ਪੜਦਾਦੇ ਮੈਦਾਨ ਵਿੱਚ ਨਿਤਰੇ ਸੀ ਤਾਂ ਨਾਲ਼ ਦੀ ਨਾਲ਼ ਚੇਤੇ ਆ ਜਾਂਦਾ ਹੈ ਕਿ ਬਿਲਕੁਲ ਓਹੀ ਗੜਬੜਾਂ, ਨਿਘਾਰ, ਕਮਜ਼ੋਰੀਆਂ ਤੇ ਘਾਟਾਂ ਹੁਣ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕਾਂ ਵਿੱਚ ਆ ਗਈਆਂ ਹਨ ! ਓਦੋਂ ਚਰਚਾ ਚਲਦੀ ਹੁੰਦੀ ਸੀ ਕਿ ਮਹੰਤਾਂ ਨੂੰ ਭਜਾ ਕੇ ਜਿਹੜੇ ਲੋਕਾਂ ਦੇ ਹੱਥਾਂ ਵਿੱਚ ਹੁਣ ਪ੍ਰਬੰਧ ਦੇ ਰਹੇ ਹਾਂ ਜੇ ਕਿਤੇ ਇਹ ਵਿਗੜ ਗਏ ਤਾਂ ਲਾਹੁਣੇ ਔਖੇ ਹੋ ਜਾਣਗੇ।

ਹੁਣ ਓਹੀ ਗੱਲ ਸੱਚੀ ਹੋਈ ਪਈ ਹੈ। ਸ਼੍ਰੋਮਣੀ ਕਮੇਟੀ 'ਚ ਹਰ ਤਰ੍ਹਾਂ ਦਾ ਨਿਘਾਰ ਆ ਚੁੱਕਾ ਹੈ ਪਰ ਮੌਜੂਦਾ ਪ੍ਰਬੰਧਕਾਂ ਨੂੰ ਲਾਂਭੇ ਕਰਨ ਦਾ ਕੋਈ ਰਾਹ ਨਹੀ। ਵੋਟਾਂ ਰਾਹੀਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਤਾਂ ਬਦਲੇ ਜਾ ਸਕਦੇ ਨੇ ਪਰ ਸਿਸਟਮ ਦੇ ਅੰਦਰ ਵਸ ਚੁੱਕੀ ਗੜਬੜ ਦਾ ਕੋਈ ਹੱਲ ਨਹੀਂ ਦਿਸਦਾ ! ਇਹ ਸੰਸਥਾ ਕਨੂੰਨੀ ਤੌਰ ਉੱਤੇ ਐਨੀ ਮਜ਼ਬੂਤ ਹੈ ਕਿ ਗੜਬੜ ਕਰਨ ਵਾਲ਼ੇ ਨੂੰ ਪੂਰੀ ਕਨੂੰਨੀ ਸੁਰੱਖਿਆ ਹਾਸਲ ਹੈ ! ਬਾਦਲ-ਪਰਿਵਾਰ ਨੇ ਆਪਣੇ ਸਵਾਰਥਾਂ ਲਈ ਸ਼੍ਰੋਮਣੀ ਕਮੇਟੀ ਦੇ

ਆਵਾਜ਼ਿ ਕੌਮ AWAZE QAUM
International Newspaper & WEB TV

ਨਾਲ਼-ਨਾਲ਼ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੀ ਘੇਰ ਲਿਆ ! ਹਾਲਾਤ ਐਨੇ ਹੱਥੋਂ ਨਿਕਲੇ ਹੋਏ ਨੇ ਕਿ ਛੇਤੀ ਕੀਤੇ ਤਾਂ ਬਾਦਲ-ਪਰਿਵਾਰ ਤੋਂ ਹੀ ਖਹਿੜਾ ਛੁਡਵਾਉਣਾ ਔਖਾ ਹੋਇਅ ਪਿਆ ਹੈ। ਗੁਰਦੁਆਰਾ ਸੁਧਾਰ ਲਹਿਰ ਵਿੱਚ ਸ਼ਾਮਲ ਰਹੇ ਗੁਰਸਿੱਖ ਜੇ ਇਹ ਸਭ ਕੁਝ ਵੇਖਣ ਤਾਂ ਇਹੀ ਕਹਿਣਗੇ ਕਿ ਇਹਨਾਂ ਨਾਲ਼ੋਂ ਤਾਂ ਮਹੰਤ ਕਿਤੇ ਚੰਗੇ ਸੀ !

ਸਿੱਖ ਸੰਸਥਾਵਾਂ, ਖ਼ਾਸ ਕਰਕੇ ਗੁਰਧਾਮਾਂ ਦੇ ਪ੍ਰਬੰਧ ਵਾਲ਼ੀਆਂ ਸੰਸਥਾਵਾਂ ਵਿੱਚ ਉਹ ਲੋਕ ਹੀ ਛਾਏ ਹੋਏ ਨੇ ਜਿਹੜੇ ਪੰਥਕ ਹਿੱਤਾਂ ਦੀ ਪਰਵਾਹ ਨਾ ਕਰਨ ਤੇ ਪੰਥ ਦੇ ਖ਼ਿਲਾਫ਼ ਭੁਗਤਦੇ ਲੋਕਾਂ ਤੇ ਵਰਤਾਰਿਆਂ ਦੀ ਜਾਂ ਤੇ ਹਮਾਇਤ ਵਿੱਚ ਹੋਣ ਜਾਂ ਖ਼ਾਮੋਸ਼ ਰਹਿ ਕੇ ਸਹਿਮਤੀ ਦੇਣ ! ਪੰਥ ਨੂੰ ਸਮਰਪਿਤ ਕਿਸੇ ਵੀ ਸਿੱਖ ਦਾ ਇਹਨਾਂ ਸੰਸਥਾਵਾਂ ਵਿੱਚ ਜਿਉਣਾ ਦੁੱਭਰ ਕਰ ਦਿੱਤਾ ਜਾਂਦਾ। ਸੰਸਥਾਵਾਂ ਉੱਤੇ ਕਾਬਜ ਘੜੰਮ-ਚੌਧਰੀ ਪੂਰੀ ਮਿਹਨਤ ਕਰਦੇ ਨੇ ਕਿ ਵੇਖਣ ਵਾਲ਼ੇ ਨੂੰ ਇਉਂ ਜਾਪੇ ਕਿ ਇਹ ਲੋਕ ਤਾਂ ਪੰਥ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਲੱਗੇ ਹੋਏ ਨੇ ਪਰ ਵਿਚਾਰਿਆਂ ਦੀ ਵਾਹ ਨਹੀ ਚਲਦੀ ਤੇ ਪੰਥ-ਦੋਖੀਆਂ ਸਾਹਮਣੇ ਬੇਵੱਸ ਤੇ ਲਾਚਾਰ ਨੇ ! ਸਮਝਣ ਦੀ ਲੋੜ ਹੈ ਕਿ ਇਹ ਨੀਤੀ ਤੇ ਇਹ ਖੇਡ ਕਿੱਥੋਂ ਚਲ ਰਹੀ ਹੈ ਕਿ ਪੰਥਕ ਸੋਚ ਵਾਲ਼ਿਆਂ ਨੂੰ ਪੰਥਕ ਸੰਸਥਾਵਾਂ ਦੇ ਨੇੜੇ ਨਹੀਂ ਲੱਗਣ ਦੇਣਾ ਤੇ ਉਹਨਾਂ ਲੋਕਾਂ ਨੂੰ ਹੀ ਪੰਥਕ ਸੰਸਥਾਵਾਂ ਉੱਤੇ ਬਿਠਾਈ ਰੱਖਣਾ ਹੈ ਜਿਹੜੇ ਸਿੱਖਾਂ ਦੀ ਬਿਪਤਾ ਵਧਾਉਣ ਦੇ ਮਾਹਰ ਹੋਣ ! ਬਾਦਲਕਿਆਂ ਨੇ ਸ਼੍ਰੋਮਣੀ ਕਮੇਟੀ, ਸ਼੍ਰੋਮਣੀ ਅਕਾਲੀ ਦਲ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗ੍ਰਹਿਣ ਲਾ ਦਿੱਤਾ ਹੈ।

ਸਿੱਖ ਆਪਣੇ ਆਪ ਨੂੰ ਬੜੇ ਸਿਆਣੇ ਤੇ ਹਿੰਦੂਆਂ ਨੂੰ ਬੇਕਾਰ ਜਿਹੇ ਸਮਝ ਕੇ ਮਖੌਲਾਂ ਕਰਦੇ ਹਨ ਪਰ ਹਿੰਦੂਆਂ ਨੇ ਉਹ ਲੀਡਰਸ਼ਿਪ ਚੁਣੀ ਹੈ ਜੋ ਉਹਨਾਂ ਦੇ ਕੌਮੀ ਹਿੱਤਾਂ ਦੀ ਪੂਰਤੀ ਲਈ ਦ੍ਰਿੜ ਹੈ ਜਦ ਕਿ ਸਿੱਖਾਂ ਨੇ ਉਹ ਲੀਡਰਸ਼ਿਪ ਚੁਣੀ ਹੈ ਜੋ ਸਿੱਖ ਕੌਮ ਦਾ ਜਲੂਸ ਕਢਵਾ ਰਹੀ ਹੈ ਤੇ ਐਨੀ ਗਈ ਗੁਜਰੀ ਹੈ ਕਿ ਕੌਮ ਦੇ ਇਸ਼ਟ ਦੀ ਬੇਅਦਬੀ ਦੀ ਵੀ ਪ੍ਰਵਾਹ ਨਹੀਂ ਕਰਦੀ ! ਐਹੋ ਜਿਹੀ ਸਿੱਖ ਲੀਡਰਸ਼ਿਪ ਵਿੱਚ ਕੌਣ ਭਰੋਸਾ ਕਰੇਗਾ ? ਇਤਿਹਾਸ ਦੇ ਸਫ਼ੇ ਉੱਤੇ ਦਰਜ਼ ਹੋ ਕੇ ਰਹੇਗਾ ਕਿ ਸਿੱਖਾਂ ਨੇ ਬੇਕਾਰ ਤੇ ਗਈ-ਗੁਜਰੀ ਸਿੱਖ ਲੀਡਰਸ਼ਿਪ ਚੁਣੀ ਸੀ !

ਬਤੌਰ ਸਿੱਖ ਅਸੀਂ ਆਪਣੇ ਨਜ਼ਰੀਏ ਤੋਂ ਆਰ.ਐੱਸ.ਐੱਸ., ਭਗਵੇਂ ਬ੍ਰਿਗੇਡ, ਹਿੰਦੂਤਵੀਆਂ ਤੇ ਮੋਦੀ ਲੀਡਰਸ਼ਿਪ ਨੂੰ ਜੋ ਮਰਜ਼ੀ ਕਹੀਏ ਪਰ ਹਿੰਦੂ ਨਜ਼ਰੀਏ ਤੋਂ ਇਹ ਲੀਡਰਸ਼ਿਪ ਕਮਾਲ ਦੀ ਸਿੱਧ ਹੋਈ ਹੈ। ਜਦ ਮੋਦੀ ਦੀ ਹਮਾਇਤ ਵਿੱਚ ਸਾਰੇ ਭਾਰਤ ਨੇ ਵੋਟਾਂ ਪਾ ਕੇ ਦੁਬਾਰਾ ਸੱਤਾ ਸੌਂਪੀ ਤਾਂ ਸਾਰੇ ਭਾਰਤ ਦੇ ਹਿੰਦੂ ਨੂੰ ਯਕੀਨ ਸੀ ਕਿ ਇਹ ਰਾਮ ਮੰਦਰ ਲਾਜ਼ਮੀ ਬਣਾਉਣਗੇ ਤੇ ਮੁਸਲਮਾਨਾਂ ਸਾਹਮਣੇ ਅਸੀਂ ਸਿਰ ਚੱਕਣ ਜੋਗੇ ਹੋ ਜਾਵਾਂਗੇ। ਬਾਬਰੀ ਮਸਜਿਦ ਵਾਲ਼ੀ ਥਾਂ ਉੱਤੇ ਰਾਮ ਮੰਦਰ ਬਣਾਉਣ ਪਿੱਛੇ ਅਸਲ ਕਾਰਨ ਤਾਂ ਪਿਛਲੀਆਂ ਸਦੀਆਂ ਵਿੱਚ ਮੁਸਲਮਾਨਾਂ ਹੱਥੋਂ ਹੋਈ ਹਿੰਦੂਆਂ ਦੀ ਖੇਹ-ਖੁਆਰੀ ਹੈ। ਹਿੰਦੂਆਂ ਕੋਲ਼ ਅਡਵਾਨੀ, ਇੰਦਰਾ, ਮੋਦੀ ਵਰਗੇ ਆਗੂ ਨੇ ਜਿਹੜੇ ਹਿੰਦੂਤਵ ਲਈ ਨਾ ਕਿਸੇ ਦਾ ਧਰਮ-ਸਥਾਨ ਢਾਹੁਣ-ਢਵਾਉਣ ਮੌਕੇ ਢਿੱਲ ਕਰਦੇ ਨੇ, ਨਾ ਆਪਣੇ ਧਰਮ ਦਾ ਸਥਾਨ ਬਣਾਉਣ ਵੇਲ਼ੇ ਵੇਖਦੇ-ਸੋਚਦੇ ਨੇ ਕਿ ਸਾਰਾ ਸੰਸਾਰ ਸਾਨੂੰ ਲਾਹਣਤਾਂ ਪਾ ਰਿਹਾ ! ਹਿੰਦੂਆਂ ਦੇ ਆਗੂ ਸਿਰਫ਼ ਹਿੰਦੂ ਕੌਮ ਦੇ ਹਿੱਤ ਵੇਖਦੇ ਨੇ ! ਉਹ ਆਪਣੇ ਨਿਸ਼ਾਨੇ ਉੱਤੇ ਨਜ਼ਰ ਗੱਡ ਕੇ ਅੱਗੇ ਵਧਦੇ ਨੇ ਜਿਸ ਕਰਕੇ ਹਰੇਕ ਹਿੰਦੂ ਉਹਨਾਂ ਵਿੱਚ ਅੰਨ੍ਹਾ ਹੋ ਕੇ ਭਰੋਸਾ ਕਰਦਾ ਹੈ। ਬਾਬਰੀ ਮਸਜਿਦ ਢਾਹ ਕੇ ਓਥੇ ਰਾਮ ਮੰਦਰ ਬਣਵਾ ਕੇ ਹਿੰਦੂ ਆਗੂਆਂ ਨੇ ਜਿੱਥੇ ਹਿੰਦੂ ਚੇਤਨਾ ਨੂੰ ਨਿਹਾਲ ਕਰ ਦਿੱਤਾ, ਓਥੇ ਮੁਸਲਮਾਨ ਚੇਤਨਾ ਨੂੰ ਵੀ ਚਾਰੇ-ਖਾਨੇ ਚਿੱਤ ਕਰ ਦਿੱਤਾ ! ਆਮ ਹਿੰਦੂ-ਮਾਨਸਿਕਤਾ ਵਿੱਚ ਮੁਸਲਮਾਨਾਂ ਪ੍ਰਤੀ ਨਫ਼ਰਤ ਤੇ ਵਿਰੋਧ ਨੂੰ ਆਪਣੇ ਸਿਆਸੀ ਹਿੱਤ ਲਈ ਵਰਤ ਕੇ ਇਤਿਹਾਸ ਵਿੱਚ ਜੋ ਹਾਰ, ਸ਼ਰਮ, ਹੀਣਤਾ ਝੋਲ਼ੀ ਪਾਈ ਹੈ ਉਹਦੇ ਉੱਪਰ ਜੇਤੂ ਹੋਣ ਦੀ ਮਲ੍ਹਮ ਲਾ ਕੇ ਹਿੰਦੂਤਵੀਆਂ ਨੇ ਆਪਣੇ ਸਿਆਸੀ ਭਵਿੱਖ ਨੂੰ ਹੀ ਨਿਸ਼ਚਿਤ ਨਹੀਂ ਕੀਤਾ, ਸਗੋਂ ਭਵਿੱਖ ਦੇ ਭਾਰਤ ਵਿੱਚ ਵੀ ਬੜੀ ਵੱਡੀ ਤਬਦੀਲੀ ਤੇ ਰੱਦੋ-ਬਦਲ ਬਾਰੇ ਦੱਸ ਦਿਤਾ ਹੈ।

ਉਦਾਰ-ਧਰਮ ਨਿਰਪੱਖ-ਲੋਕਤੰਤਰ (ਲਿਬਰਲ ਸੈਕੂਲਰ ਡੈਮੋਕਰੇਸੀ) ਵਾਲ਼ਾ ਬੁਰਕਾ ਲਾਹ ਕੇ ਹੁਣ ਇਥੇ ਹਿੰਦੂਤਵੀ ਕੱਟੜਵਾਦ ਦੀ ਰਾਜਨੀਤੀ ਭਾਰੂ ਹੋ ਚੁੱਕੀ ਹੈ। ਜਿਵੇਂ ਇੰਦਰਾ ਦੀ ਥਾਂ ਲੈਣ ਲਈ ਉਹਦੇ ਨਾਲ਼ੋਂ ਵੱਧ ਕੱਟੜ ਹਿੰਦੂ ਆਗੂ ਦੀ ਲੋੜ ਸੀ ਤੇ ਅਡਵਾਨੀ ਦੀ ਰੱਥ-ਯਾਤਰਾ ਨਿਕਲੀ ਜਿਸ ਨੇ ਭਾਰਤ ਨੂੰ ਲਹੂ-ਲੁਹਾਣ ਕੀਤਾ। ਫੇਰ ਅਡਵਾਨੀ ਤੋਂ ਗੱਦੀ ਖੋਹਣ ਲਈ ਉਹਦੇ ਨਾਲ਼ੋਂ ਵੱਧ ਕੱਟੜ ਹਿੰਦੂ ਆਗੂ ਦੇ ਰੂਪ ਵਿੱਚ ਮੋਦੀ ਉਭਰਿਆ। ਹੁਣ ਮੋਦੀ ਦੀ ਥਾਂ ਲੈਣ ਲਈ ਮੋਦੀ ਨਾਲੋਂ ਵੱਧ ਕੱਟੜ ਹਿੰਦੂ ਆਗੂ ਦਾ ਉਭਾਰ ਹੋਣਾ ਹੈ। ਭਵਿੱਖ ਵਿੱਚ ਕਿਸੇ ਐਹੋ ਜਿਹੇ ਆਗੂ ਲਈ ਕਿਸੇ ਵੱਡੇ ਖ਼ੂਨ-ਖ਼ਰਾਬੇ ਤੇ ਕਤਲੇਆਮ ਦੀ ਵਿਉਂਤਬੰਦੀ ਹੋ ਰਹੀ ਹੋਵੇਗੀ।



ਭਾਈ ਰਣਜੀਤ ਸਿੰਘ ਦਮਦਮੀ ਟਕਸਾਲ
(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)

ਹੁਣ ਆਪਾਂ ਆਪਣੇ ਘਰ ਵੱਲ ਨਜ਼ਰ ਮਾਰੀਏ ! ਕੀ ਬਾਦਲ, ਕੈਪਟਨ, ਢੀਂਡਸਾ ਸਮੇਤ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਕਿਸੇ ਸਿੱਖ ਆਗੂ ਵਿੱਚ ਐਨਾ ਹਿੰਦੂ ਆਗੂਆਂ ਵਾਂਗ ਆਪਣੀ ਕੌਮ ਦੇ ਹੱਕਾਂ ਤੇ ਆਪਣੀ ਕੌਮ ਦੇ ਹਿੱਤਾਂ ਲਈ ਲੜਨ-ਮਰਨ ਦਾ ਜਜ਼ਬਾ ਹੈ ? ਹਿੰਦੂ ਆਗੂ ਵੀ ਦੂਜੀਆਂ ਕੌਮਾ ਦੀਆਂ ਵੋਟਾਂ ਲੈਂਦੇ ਹਨ ਪਰ ਕਦੇ ਵੀ ਉਹ ਕੰਮ ਕਦਾਚਿਤ ਨਹੀਂ ਕਰਦੇ ਜੋ ਹਿੰਦੂ ਰੀਤੀ-ਰਿਵਾਜਾਂ ਅਨੁਸਾਰ ਸਹੀ ਨਾ ਹੋਵੇ ਜਦ ਕਿ ਸਿੱਖ ਆਗੂ ਦੂਜਿਆਂ ਧਰਮਾਂ ਦੀਆ ਵੋਟਾਂ ਲੈਣ ਦੇ ਨਾਂ ਹੇਠ ਸਿੱਖ ਰਹਿਤ ਮਰਯਾਦਾ ਦੀਆਂ ਧੱਜੀਆਂ ਉਡਾਉਂਦੇ ਹਨ। ਹਿੰਦੂ ਆਗੂ ਆਪਣੀ ਰਾਜਨੀਤੀ ਆਪਣੇ ਧਰਮ ਵਿਚ ਪ੍ਰਪੱਕ ਰਹਿ ਕੇ ਕਰਦੇ ਹਨ, ਜਿਸ ਕਰਕੇ ਹਰੇਕ ਹਿੰਦੂ ਉਹਨਾਂ ਦਾ ਸਤਿਕਾਰ ਕਰਦਾ ਹੈ ਤੇ ਉਹਨਾਂ ਦੀ ਹਮਾਇਤ ਕਰਦਾ ਹੈ। ਸਿੱਖ ਆਗੂ ਆਪਣੀ ਰਾਜਨੀਤੀ ਆਪਣੇ ਧਰਮ ਦੇ ਖ਼ਿਲਾਫ਼ ਭੁਗਤ ਕੇ ਹਰ ਉਹ ਕੰਮ ਕਰਦੇ ਹਨ ਜਿਸ ਨਾਲ਼ ਧਰਮੀ ਗੁਰਸਿੱਖ ਸ਼ਰਮਸਾਰ ਹੋ ਜਾਣ, ਇਸ ਕਰਕੇ ਸਿੱਖ ਆਗੂਆਂ ਦਾ ਕੋਈ ਸਤਿਕਾਰ ਨਹੀਂ।

ਹਿੰਦੂ ਆਗੂ ਕਦੇ ਵੀ ਓਸ ਥਾਂ ਨਹੀਂ ਜਾਂਦੇ, ਉਹ ਕੰਮ ਨਹੀਂ ਕਰਦੇ ਜੋ ਉਹਨਾਂ ਦੇ ਧਰਮ ਦੇ ਹਿਸਾਬ ਨਾਲ਼ ਗ਼ਲਤ ਹੋਵੇ ਤੇ ਓਸ ਕੰਮ ਕਰਕੇ ਹਿੰਦੂ ਲੋਕ ਨਰਾਜ ਹੋ ਜਾਣ। ਪਰ ਸਿੱਖ ਆਗੂ ਹਰ ਓਸ ਥਾਂ ਜਾਣ ਤੇ ਹਰ ਓਸ ਕੰਮ ਨੂੰ ਕਰਨ ਵਿੱਚ ਹੀ ਟੌਹਰ ਸਮਝਦੇ ਹਨ ਜਿਸ ਨਾਲ਼ ਸਿੱਖ ਸੰਗਤਾਂ ਨਰਾਜ ਹੋ ਜਾਣ ! ਸੋ, ਜਿਹੜੇ ਹਿੰਦੂ ਆਪਣੇ ਧਰਮ ਵਿੱਚ ਪ੍ਰਪੱਕ ਹੋਣ, ਉਹਨਾਂ ਨਾਲ਼ ਬਾਦਲ, ਕੈਪਟਨ, ਢੀਂਡਸਾ ਵਰਗੇ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਸਿੱਖ ਆਗੂ ਕਿੱਥੇ ਮੁਕਾਬਲਾ ਕਰ ਲੈਣਗੇ ? ਹਿੰਦੂ ਆਗੂ ਜਾਣਦੇ ਹਨ ਕਿ ਸਾਡੀ ਹਿੰਦੂ ਕੌਮ ਸਾਡੇ ਨਾਲ਼ ਹੈ ਤੇ ਅਸੀਂ ਉਸ ਨੂੰ ਕਿਸੇ ਵੀ ਕੀਮਤ ਉੱਤੇ ਨਰਾਜ ਨਹੀਂ ਕਰਨਾ ਜਦ ਕਿ ਹਿੰਦੂ ਆਗੂ ਇਹ ਵੀ ਜਾਣਦੇ ਹਨ ਕਿ ਬਾਦਲ, ਕੈਪਟਨ, ਢੀਂਡਸਾ ਸਮੇਤ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਸਾਰੇ ਸਿੱਖ ਆਗੂ ਸਿੱਖਾਂ ਵਿੱਚ ਆਪਣੀ ਅਹਿਮੀਅਤ, ਕਦਰ, ਹੈਸੀਅਤ ਗਵਾਈ ਬੈਠੇ ਹਨ।

ਹਿੰਦੂ ਆਗੂ ਜਾਣਦੇ ਹਨ ਕਿ ਸੁਖਬੀਰ ਸਿਹੁੰ ਬਾਦਲ, ਕੈਪਟਨ ਅਮਰਿੰਦਰ ਸਿੰਘ ਅਤੇ ਸੁਖਦੇਵ ਸਿੰਘ ਢੀਂਡਸਾ ਸਮੇਤ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਸਾਰੇ ਸਿੱਖ ਆਗੂ ਬੇਸ਼ੱਕ ਵੋਟਾਂ ਵਿੱਚ ਜਿਤ ਵੀ ਜਾਂਦੇ ਹੋਣ ਪਰ ਅਸਲ ਵਿੱਚ ਇਹ ਆਪਣੀ ਕੌਮ ਦੀ ਹਮਾਇਤ ਗਵਾ ਚੁੱਕੇ ਹਨ। ਹਿੰਦੂ ਆਗੂ ਜਾਣਦੇ ਹਨ ਕਿ ਇਹ ਆਗੂ ਸਵਾਰਥਾਂ ਲਈ ਕੌਮੀ ਹਿੱਤਾਂ ਦੀ ਬਲੀ ਦਿੰਦੇ-ਦਿੰਦੇ ਪੂਰੀ ਕੌਮ ਸਾਹਮਣੇ ਨੰਗੇ ਹੋ ਚੁੱਕੇ ਹਨ। ਇਕ ਪਾਸੇ ਇਹ ਬਾਦਲ, ਕੈਪਟਨ, ਢੀਂਡਸਾ ਸਮੇਤ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਸਾਰੇ ਸਿੱਖ ਆਗੂ ਨੇ ਜਿਹੜੇ ਬੇਕਾਰ ਜਿਹੀਆਂ ਗੱਲਾਂ ਬਦਲੇ ਹੀ ਆਪਣੀ ਕੌਮ ਦੀ ਹਮਾਇਤ ਗਵਾ ਕੇ ਬਹਿ ਗਏ, ਦੂਜੇ ਪਾਸੇ ਹਿੰਦੂ ਕੌਮ ਹੈ ਜੋ ਜਾਣਦੀ ਹੈ ਕਿ ਇਹ ਹਿੰਦੂ ਆਗੂ ਜਿੰਨਾ ਮਰਜ਼ੀ ਭ੍ਰਿਸ਼ਟਾਚਾਰ ਕਰੀ ਜਾਣ, ਜੋ ਮਰਜ਼ੀ ਹੋਰ ਗੜਬੜਾਂ ਕਰੀ ਜਾਣ ਪਰ ਹਿੰਦੂ-ਹਿੱਤ ਨੂੰ ਪਿੱਠ ਨਹੀ ਵਿਖਾਉਂਦੇ।

ਕਿਸੇ ਕੌਮ ਨੂੰ ਆਪਣੀ ਲੀਡਰਸ਼ਿਪ ਭ੍ਰਿਸ਼ਟ ਹੋਣ ਦਾ ਦੁੱਖ ਓਨਾ ਨਹੀਂ ਹੁੰਦਾ, ਜਿੰਨਾ ਦੁੱਖ ਲੀਡਰਸ਼ਿਪ ਉੱਤੇ ਓਦੋਂ ਹੁੰਦਾ ਹੈ ਜਦ ਲੀਡਰਸ਼ਿਪ ਧਰਮ-ਕੌਮ ਦੇ ਹਿੱਤਾਂ ਦੇ ਉਲ਼ਟ ਭੁਗਤਦੀ ਹੈ। ਕਿਸੇ ਧਰਮ ਜਾਂ ਕੌਮ ਨੂੰ ਓਹੀ ਲੀਡਰਸ਼ਿਪ ਪਿਆਰੀ ਹੁੰਦੀ ਹੈ ਜੋ ਧਰਮ-ਕੌਮ ਦੇ ਹਿੱਤਾਂ ਦੇ ਹੱਕ ਵਿਚ ਭੁਗਤੇ। ਲੀਡਰਸ਼ਿਪ ਦੇ ਹੋਰ ਔਗੁਣ ਕੌਮ ਅੱਖੋਂ-ਪਰੋਖੇ ਵੀ ਕਰ ਲੈਂਦੀ ਹੈ ਜਿਵੇਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਔਗੁਣਾਂ-ਕਮੀਆਂ-ਪੇਸ਼ੀਆਂ ਨਾਲ਼ੋਂ ਸਾਨੂੰ ਉਹਨਾਂ ਦੇ ਗੁਣਾਂ ਦੀ ਕਦਰ ਜਿਆਦਾ ਹੈ ਕਿ ਸਾਡੇ ਧਰਮ ਦੀ ਸ਼ਾਨ ਵਧਾਉਣ ਵਾਲ਼ਾ ਰਾਜ ਕਾਇਮ ਕੀਤਾ ਸੀ।

ਜਿਵੇਂ ਹਿੰਦੂ ਅਵਾਮ ਨੂੰ ਮੋਦੀ ਤੇ ਹੋਰਾਂ ਦੀ ਲੀਡਰਸ਼ਿਪ ਵਿੱਚ ਭਰੋਸਾ ਸੀ ਕਿ ਮੁਸਲਮਾਨਾਂ ਸਾਹਮਣੇ ਸਾਨੂੰ ਸਿਰ ਉੱਚਾ ਕਰਕੇ ਜਿਊਣ ਵਾਲ਼ੇ ਹਾਲਾਤ ਬਣਾਉਣ ਲਈ ਇਹ ਰਾਮ ਮੰਦਰ ਲਾਜ਼ਮੀ ਬਣਾਉਣਗੇ। ਕੀ ਬਾਦਲ, ਕੈਪਟਨ, ਢੀਂਡਸਾ ਸਮੇਤ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਸਾਰੇ ਸਿੱਖ ਆਗੂਆਂ ਵਿੱਚੋਂ ਕਿਸੇ ਦੇ ਪੱਲੇ ਐਹੋ ਜਿਹੀ ਲੀਡਰਸ਼ਿਪ ਹੈ ਜੋ ਸਾਰੀ ਕੌਮ ਦਾ ਭਰੋਸਾ ਜਿੱਤਣ ਲਈ ਡਟ ਕੇ ਇਉਂ ਅੱਗੇ ਵਧੇ ਕਿ ਹਰੇਕ ਨੂੰ ਦ੍ਰਿੜ ਯਕੀਨ ਹੋਵੇ ਕਿ ਇਹ ਸਾਡੇ ਢਾਹੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਬਦਲਾ ਲੈ ਕੇ ਦੇਣਗੇ, ਇਹ ਸਾਡੇ ਖੋਹੇ ਹੋਏ ਗੁਰਦੁਆਰੇ ਮਟਨ ਸਾਹਿਬ, ਮੰਗੂਮੱਠ ਸਾਹਿਬ, ਡਾਂਗਮਾਰ ਸਾਹਿਬ, ਗਵਾਲੀਅਰ ਤੇ ਗਿਆਨ ਗੋਦੜੀ ਵਾਪਸ ਲੈ ਕੇ ਦੇਣਗੇ ? ਹੈਗੀ ਸਿੱਖ ਲੀਡਰਸ਼ਿਪ ਜੋ ਇਹ ਭਰੋਸਾ ਪੈਦਾ ਕਰ ਸਕੇ ਕਿ ਸਿੱਖਾ ਦਾ ਖੋਹਿਆ ਹੋਇਆ ਵਕਾਰ, ਰੁਤਬਾ ਤੇ ਹੈਸੀਅਤ ਬਰਕਰਾਰ ਕਰਾਂਗੇ !

ਮੋਦੀ ਦੀ ਅਗਵਾਈ ਹੇਠ ਹਿੰਦੂ ਲੀਡਰਸ਼ਿਪ ਨੇ ਮੁਲਕ ਭਰ ਵਿੱਚ ਉਹ ਲੋਕ ਉਭਾਰੇ ਜਿਹੜੇ ਸ਼ਰੇਆਮ ਹਿੰਦੂ-ਰਾਸ਼ਟਰ ਦੀ ਗੱਲ ਕਰਦੇ ਨੇ ਪਰ ਜਦ ਬਾਦਲਾਂ ਦਾ ਰਾਜ ਸੀ ਤਾਂ ਮੇਰੇ ਵਰਗੇ ਹਰੇਕ ਪੰਥਕ ਤੇ ਖ਼ਾਲਿਸਤਾਨੀ ਸਿੱਖ ਦਾ ਜਿਊਣਾ ਦੁੱਭਰ ਕਰੀ ਰੱਖਿਆ ! ਕਾਂਗਰਸ ਦੇ ਰਾਜ ਵਿੱਚ ਕੈਪਟਨ ਤੋਂ ਤਾਂ ਆਸ ਹੀ ਕੀ ਕਰਨੀ ਪਰ ਨੀਲੀ ਦਸਤਾਰ ਵਾਲੇ 'ਪੰਥ ਰਤਨ' ਦੇ ਰਾਜ ਵਿੱਚ ਪੰਥਕ ਸੋਚ ਵਾਲ਼ਿਆਂ ਨੂੰ ਯੂ.ਏ.ਪੀ.ਏ. ਲਾ ਕੇ ਜੇਲ੍ਹਾਂ ਵਿੱਚ ਡੱਕਿਆ ਗਿਆ !

ਇੱਕ ਪਾਸੇ ਮੋਦੀ ਵਾਲ਼ੀ ਹਿੰਦੂ ਲੀਡਰਸ਼ਿਪ ਹੈ ਜੋ ਅੱਤਵਾਦੀ ਸਾਧਵੀ ਪ੍ਰਗਿਆ, ਅਸੀਮਾਨੰਦ, ਕਰਨਲ ਪੁਰੋਹਿਤ ਵਰਗਿਆਂ ਦੀ ਹਮਾਇਤ ਵਿੱਚ ਡਟ ਕੇ ਖੜ੍ਹੀ ਰਹੀ। ਬੰਬ ਧਮਾਕਿਆਂ ਤੇ ਹੋਰ ਖ਼ੂਨੀ ਵਾਰਦਾਤਾਂ ਦੇ ਇਲਜ਼ਾਮਾਂ ਵਿੱਚ ਜੇਲ੍ਹ ਵਿੱਚ ਬੰਦ ਰਹੀ ਸਾਧਵੀ ਪ੍ਰਗਿਆ ਨੂੰ ਪਾਰਲੀਮੈਂਟ ਦੀ ਮੈਂਬਰ ਬਣਾਇਆ। ਹਿੰਦੂ ਰਾਸ਼ਟਰ ਦੀ ਗੱਲ ਕਰਨ ਵਾਲ਼ੇ ਹਰੇਕ ਹਿੰਦੂ ਨੂੰ ਮੋਦੀ ਸਰਕਾਰ ਦਾ ਥਾਪੜਾ ਤੇ ਸਰਪ੍ਰਸਤੀ ਹਾਸਲ ਹੈ ਪਰ ਸਾਡੇ ਬਾਦਲ ਸਾਬ੍ਹ ਨੇ ਜੇਲ੍ਹਾਂ ਵਿੱਚ ਬੰਦ ਸਿੰਘਾਂ ਨੂੰ ਬਣਦੀ ਰਿਹਾਈ ਤਾਂ ਕੀ ਦੇਣੀ ਸੀ, ਬਲਕਿ ਪੰਥਕ ਸੋਚ ਵਾਲ਼ਿਆਂ ਨੂੰ ਆਪਣਾ ਦੁਸ਼ਮਣ ਮੰਨਿਆ ਹੋਇਆ ਹੈ। ਮੋਦੀ ਵਾਲ਼ੀ ਹਿੰਦੂ ਲੀਡਰਸ਼ਿਪ ਹਿੰਦੂ-ਰਾਸ਼ਟਰ ਦੇ ਝੰਡਾ-ਬਰਦਾਰਾਂ ਨਾਲ਼ ਫੋਟੋਆਂ ਖਿਚਵਾਉਣ ਉਹਨਾਂ ਨੂੰ ਮਾਣ ਸਨਮਾਨ ਦੇਣ ਵਿੱਚ ਫ਼ਖ਼ਰ ਸਮਝਦੀ ਹੈ ਪਰ ਬਾਦਲ, ਕੈਪਟਨ, ਢੀਂਡਸਾ ਸਮੇਤ ਭਾਰਤੀ ਮੁੱਖ-ਧਾਰਾ ਨੂੰ ਮੱਥਾ ਟੇਕੀ ਬੈਠੇ ਸਾਰੇ ਸਿੱਖ ਆਗੂ ਖ਼ਾਲਿਸਤਾਨੀਆਂ ਤੋਂ ਲੁਕਦੇ ਫਿਰਦੇ ਨੇ ਕਿ ਕਿਤੇ ਇਹਨਾਂ ਨਾਲ਼ ਸਾਡੀ ਫੋਟੋ ਨਾ ਛਪ ਜਾਵੇ।

ਸੱਚ ਹੈ ਕਿ ਹਿੰਦੂਆਂ ਨੇ ਆਰ.ਐੱਸ.ਐੱਸ. ਨੇ ਉਹ ਲੀਡਰਸ਼ਿਪ ਉਭਾਰੀ ਹੈ ਜੋ ਹੋਰ ਜਿੰਨੀਆਂ ਮਰਜੀ ਗੜਬੜਾਂ ਕਰ ਲਵੇ ਪਰ ਕਦੇ ਹਿੰਦੂ ਹਿੱਤ ਦੇ ਖ਼ਿਲਾਫ਼ ਨਹੀਂ ਭੁਗਤਦੀ। ਸਗੋਂ ਹਿੰਦੂਆਂ ਦਾ ਮਾਣ ਵਧਾਉਣ ਲਈ ਕਿਸੇ ਵੀ ਹੱਦ ਤਕ ਜਾ ਸਕਦੀ ਹੈ। ਇਸ ਦੇ ਉਲ਼ਟ ਸਾਡੇ ਪੱਲੇ ਉਹ ਲੀਡਰਸ਼ਿਪ ਹੈ ਜੋ ਹੋਰ ਜੋ ਮਰਜ਼ੀ ਕਰ ਲਵੇ ਪਰ ਕਦੇ ਵੀ ਸਿੱਖ ਕੌਮ ਦੇ ਹਿੱਤ ਵਿੱਚ ਨਹੀਂ ਭੁਗਤ ਸਕਦੀ, ਸਗੋਂ ਉਹ ਕੰਮ ਕਰਦੀ ਹੈ ਜਿਸ ਨਾਲ਼ ਸਿੱਖਾਂ ਦਾ ਜਲੂਸ ਨਿਕਲੇ ਤੇ ਸਿੱਖਾਂ ਦਾ ਮਾਣ ਟੁੱਟੇ। ਸਿੱਖ ਲੀਡਰਾਂ ਨਾਲ਼ੋਂ ਤਾਂ ਭਾਰਤੀ ਮੁਸਲਮਾਨਾਂ ਦੀ ਲੀਡਰ ਅਸਦ-ਉਦ-ਦੀਨ ਓਵੈਸੀ ਹੀ ਚੰਗਾ ਹੈ ਜੋ ਸ਼ਰੇਆਮ ਕਹਿੰਦਾ ਹੈ ਕਿ "ਅਸੀਂ ਆਪਣੇ ਬੱਚਿਆਂ ਨੂੰ ਸਿਖਾ ਕੇ ਜਾਵਾਂਗੇ ਕਿ ਬਾਬਰੀ ਮਸਜਿਦ ਹਿੰਦੂਆਂ ਨੇ ਤੋੜੀ ਸੀ" ਤੇ ਸਾਡੇ ਸਿੱਖ ਆਗੂ ਕਹਿੰਦੇ ਨੇ ਕਿ ਅਸੀਂ ਆਪਣੇ ਬੱਚਿਆਂ ਨੂੰ ਸਿਖਾ ਕੇ ਜਾਣਾ ਕਿ "ਤੁਸੀਂ ਹਿੰਦੂਆਂ ਦਾ ਹੀ ਹਿੱਸਾ ਹੋ ਤੇ ਦਸਵੇਂ ਪਾਤਸ਼ਾਹ ਨੇ ਹਿੰਦੂਆਂ ਦੀ ਰੱਖਿਆ ਕਰਨ ਲਈ ਖ਼ਾਲਸਾ ਪੰਥ ਸਾਜਿਆ ਸੀ !" ਸਿੱਖ ਆਗੂਆਂ ਨੂੰ ਤਾਂ ਹਿੰਦੂ ਆਗੂ, ਭਾਰਤੀ ਹਕੂਮਤੀ ਮਸ਼ੀਨਰੀ ਤੇ ਮੀਡੀਆ ਡਰਾਈ ਰੱਖਦਾ ਹੈ ਕਿ ਜੇ ਤੁਸੀਂ ਪੰਥ ਤੇ ਪੰਜਾਬ ਦੇ ਹੱਕਾਂ ਦੀ ਗੱਲ ਕੀਤੀ ਤਾਂ ਦੇਸ਼-ਧ੍ਰੋਹੀ ਗਰਦਾਨੇ ਜਾ ਸਕਦੇ ਹੋ ਜਦ ਕਿ ਸਿੱਖਾਂ ਦਾ ਆਗੂ ਤਾਂ ਓਹੀ ਹੋਵੇਗਾ ਜੋ ਹਿੱਕ ਠੋਕ ਕੇ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲ਼ਿਆਂ ਵਾਂਗ ਕਹੇ ਕਿ "ਆਪਣੇ ਧਰਮ, ਆਪਣੀ ਕੌਮ, ਆਪਣੇ ਪੰਥ, ਆਪਣੇ ਲੋਕਾਂ ਲਈ ਬੋਲਣਾ ਜੇ ਦੇਸ਼-ਧ੍ਰੋਹ ਹੁੰਦਾ ਹੈ ਤਾਂ ਮੈਂ ਦੇਸ਼-ਧ੍ਰੋਹੀ ਹਾਂ, ਅੱਤਵਾਦੀ ਹਾਂ !" ਪਰ ਜਿਹੜੀ ਮੌਜੂਦਾ ਸਿੱਖ ਲੀਡਰਸ਼ਿਪ ਆਪਣੇ ਇਸ਼ਟ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਵੀ ਸੁਹਿਰਦ ਨਹੀਂ ਉਹਦੇ ਤੋਂ ਕੀ ਆਸ ਕਰ ਸਕਦੇ ਹਾਂ ?

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ: ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲ਼ਾ)**
ਮੋ: 88722-93883

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿੱਕੀ ਪਰੋਚਾ ਦੀ ਅਗਵਾਈ ਹੇਠ ਆਰੀਆ ਸਕੂਲ ਵਿੱਚ

# ਬੱਚਿਆ ਨੂੰ ਮੁਫਤ ਵਰਦੀਆਂ ਵੰਡੀਆਂ ਗਈਆਂ




**ਧੂਰੀ( ਰਣਜੀਤ ਸਿੰਘ ਪੇਧਨੀ )**-ਆਰੀਆ ਸੀਨੀਅਰ ਸੈਕੰਡਰੀ ਸਕੂਲ, ਧੂਰੀ ਵਿਖੇ ਅੱਜ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਿੱਕੀ ਪਰੋਚਾ ਧੂਰੀ ਦੀ ਅਗਵਾਈ ਹੇਠ ਇਕ ਸੰਖੇਪ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਕੂਲੀ ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਵੀ ਵੰਡੀਆਂ ਗਈਆਂ । ਸਮਾਗਮ ਬਾਰੇ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਨੀਰੂ ਜਿੰਦਲ ਨੇ ਦੱਸਿਆ ਕਿ ਸਕੂਲ ਵਿੱਚ 700 ਦੇ ਕਰੀਬ ਵਿਦਿਆਰਥੀਆਂ ਨੂੰ ਮੁਫ਼ਤ ਵਿੱਚ ਸਕੂਲ ਦੀ ਵਰਦੀ ਦਿੱਤੀ ਗਈ ਹੈ, ਇਸਦੇ ਨਾਲ ਹੀ ਸਕੂਲ ਵਿਖੇ ਲਾਏ ਗਏ 10 ਕਿਲੋਵਾਟ ਦੇ ਸੋਲਰ ਪੈਨਲ ਨੂੰ ਵੀ ਵਿੱਕੀ ਪਰੋਚਾ ਧੂਰੀ ਵੱਲੋਂ ਚਲਾ ਕੇ ਸਕੂਲ ਨੂੰ ਅਰਪਿਤ ਕੀਤਾ ਗਿਆ। ਇਸਦੇ ਨਾਲ ਹੀ ਸਕੂਲ ਵਿਖੇ ਲਗਾਏ 10 ਨਵੇਂ ਕੰਪਿਊਟਰ ਅਤੇ ਸਮਾਰਟ ਐਜੂਕੇਸ਼ਨ ਲਈ ਪ੍ਰੋਜੈਕਟਰ ਦਾ ਵੀ ਅੱਜ ਉਦਘਾਟਨ ਕੀਤਾ ਹੈ। ਇਸ ਮੌਕੇ ਚੇਅਰਮੈਨ ਸ਼ਾਮ ਲਾਲ ਆਰੀਆ, ਰਾਮਪਾਲ ਆਰੀਆ, ਵਰਿੰਦਰ ਆਰੀਆ, ਪਵਨ ਗਰਗ, ਸੇਵਾਮੁਕਤ ਲੈਫਟੀਨੈਂਟ ਦਰਸ਼ਨ ਸਿੰਘ, ਰਾਜੀਵ ਮੋਹਿਲ, ਐਡਵੋਕੇਟ ਰਜਨੀਸ਼ ਧੀਰ, ਸੁਰਿੰਦਰ ਕੁਮਾਰ, ਵਿਵੇਕ ਜਿੰਦਲ ਤੇ ਵਿਸ਼ਾਲ ਜਿੰਦਲ ਵੀ ਹਾਜ਼ਰ ਸਨ।

### ਚੇਅਰਮੈਨ ਘੁੱਲੀ ਅਤੇ ਚੇਅਰਮੈਨ ਢਿੱਲੋਂ ਨੇ

# ਪਿੰਡ ਬਾਲੀਆ, ਕੁੰਭੜਵਾਲ, ਰੰਗੀਆ ਵਿਖੇ ਨਸ਼ਿਆਂ ਖਿਲਾਫ ਜਾਗਰੂਕ ਕੀਤਾ




**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬਾਲੀਆਂ ਵਿਖੇ ਨਸਾਂ ਮੁਕਤੀ ਯਾਤਰਾ ਦਾ ਪਰੋਗਰਾਮ ਸਰਪੰਚ ਕੁਲਦੀਪ ਸਿੰਘ ਭੱਠਲ, ਪਿੰਡ ਕੁੰਭੜਵਾਲ ਦੇ ਸਰਪੰਚ ਗੁਰਸੇਵਕ ਸਿੰਘ ਅਤੇ ਰੰਗੀਆ ਦੀ ਸਮੂਹ ਪੰਚਾਇਤ ਦੀ ਅਗਵਾਈ ਹੇਠ ਕਰਵਾਇਆ ਗਿਆ।ਜਿਸ ਵਿੱਚ ਮੁੱਖ ਮੰਤਰੀ ਕੈਂਪਸ ਇੰਚਾਰਜ ਰਾਜਵੰਤ ਸਿੰਘ ਘੁੱਲੀ, ਸ,ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਵਿਸੇਸ ਤੌਰ ਤੇ ਸਾਮਿਲ ਹੋਏ। ਨਸਿਆ ਖਿਲਾਫ ਰੱਖੇ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪ੍ਰਣ ਕਰ ਕੇ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਜਾਗਰੂਕਤਾ ਮੀਟਿੰਗਾਂ ਵਿੱਚ ਪਹੁੰਚਣ ਵਾਲੇ ਲੋਕਾਂ ਦਾ ਵੀ ਇਹ ਫਰਜ਼ ਬਣਦਾ ਹੈ ਕਿ ਉਹ ਇਥੋਂ ਮਿਲਣ ਵਾਲੇ ਸੁਨੇਹੇ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ-ਮਿੱਤਰਾਂ, ਗੁਆਂਢੀਆਂ ਅਤੇ ਹੋਰ ਪਤਵੰਤਿਆਂ ਨਾਲ ਨਿਰੰਤਰ ਸਾਂਝਾ ਕਰਦੇ ਰਹਿਣ ਕਿਉਂਕਿ ਲੋਕ ਲਹਿਰ ਬਣਨ ਨਾਲ ਹੀ ਅਜਿਹੀਆਂ ਸਮਾਜਿਕ ਬੁਰਾਈਆਂ ਦਾ ਖਾਤਮਾ ਸੰਭਵ ਹੁੰਦਾ ਹੈ। ਇਹ ਮੁਹਿੰਮ ਜ਼ਰੂਰ ਹੀ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰੇਗੀ। ਇਸ ਮੌਕੇ ਦਮਨਵੀਰ ਸਿੰਘ ਬਰਾੜ ਡੀਐਸਪੀ ਧੂਰੀ, ਰਛਪਾਲ ਸਿੰਘ ਹਲਕਾ ਕੋਆਰਡੀਨੇਟਰ ਨਸਾ ਮੁਕਤੀ ਯਾਤਰਾ, ਬੀਡੀਪੀਓ ਜਸਵਿੰਦਰ ਸਿੰਘ ਬੱਗਾ, ਹਰਪ੍ਰੀਤ ਸਿੰਘ ਚੌਕੀ ਇੰਚਾਰਜ,ਤਰਸੇਮ ਸਿੰਘ ਬੀਈਓ, ਡਾ,ਅਸੋਂਕ ਕੁਮਾਰ,ਹਰਪ੍ਰੀਤ ਕੌਰ, ਕੁਲਜੀਤ ਕੌਰ, ਹਰਜੀਤ ਸਿੰਘ,ਹਰਪ੍ਰੀਤ ਸਿੰਘ ਧੂਰੀ ,ਜੰਗ ਸਿੰਘ,ਰਾਜ ਲੱਡਾ,ਤਰਸੇਮ ਕਲਸੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜੈਨੇਸਿਸ ਡੈਂਟਲ ਕਾਲਜ ਵੱਲੋਂ ਸਰਕਾਰੀ ਸਕੂਲ ਵਿੱਚ ਦੰਦਾਂ ਦਾ ਜਾਂਚ ਕੈਂਪ ਲਗਾਇਆ ਗਿਆ




ਫ਼ਿਰੋਜ਼ਪੁਰ, 24 ਮਈ (ਮਨੋਹਰ ਲਾਲ) :— ਜੈਨੇਸਿਸ ਡੈਂਟਲ ਕਾਲਜ ਫਿਰੋਜਪੁਰ ਵੱਲੋਂ ਮੱਖੂ ਵਿਖੇ ਪੁੱਜ ਕੇ ਸਕੂਲੀ ਬੱਚਿਆਂ ਨੂੰ ਦੰਦਾਂ ਦੀ ਸਾਂਭ—ਸੰਭਾਲ ਬਾਰੇ ਕੀਤਾ ਜਾਗਰੂਕ। ਜੈਨੇਸਿਸ ਡੈਂਟਲ ਕਾਲਜ ਦੇ ਡਾਕਟਰਾਂ ਦੀ ਟੀਮ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੁੱਜੀ, ਜਿਥੇ ਵਿਦਿਆਰਥੀਆਂ ਲਈ ਦੰਦਾਂ ਚੈਕਅਪ ਕੈਂਪ ਲਗਾਇਆ ਗਿਆ। ਇਸ ਦੌਰਾਨ ਡਾ: ਅਰੁਣ, ਡਾ: ਰਾਹੁਲ ਯਾਦਵ, ਡਾ: ਸੁਪ੍ਰੀਆ ਅਤੇ ਡਾ: ਸਵੀ ਨੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਸਹੀ ਸਾਂਭ ਸੰਭਾਲ ਬਾਰੇ ਜਾਣੂ ਕੀਤਾ। ਡਾਕਟਰਾਂ ਨੇ ਦੱਸਿਆ ਕਿ ਬੱਚਿਆਂ ਨੂੰ ਸਮੇਂ—ਸਮੇਂ ਤੇ ਦੰਦਾਂ ਦੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਕਿਸੇ ਵੀ ਸਮੱਸਿਆ ਨੂੰ ਸਮੇਂ ਸਿਰ ਰੋਕਿਆ ਜਾ ਸਕੇ। ਉਨ੍ਹਾਂ ਵਿਦਿਆਰਥੀਆਂ ਨੂੰ ਦੰਦਾਂ ਦੀ ਸਫਾਈ ਅਤੇ ਸਿਹਤ ਬਣਾਈ ਰੱਖਣ ਲਈ ਉਪਦੇਸ਼ ਵੀ ਦਿੱਤੇ। ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਕਾਲਜ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਦੀ ਸਿਹਤ ਲਈ ਬਹੁਤ ਲਾਭਕਾਰੀ ਹੁੰਦੇ ਹਨ। ਇਸ ਮੌਕੇ ਤੇ ਲਖਵਿੰਦਰ ਕੌਰ, ਵਿਜੈ ਕੁਮਾਰ ਅਤੇ ਹੋਰ ਸਕੂਲ ਸਟਾਫ ਵੀ ਹਾਜ਼ਰ ਸੀ। ਅੰਤ ਚ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਟੂਥਬ੍ਰਸ਼ ਅਤੇ ਪੇਸਟ ਵੰਡੇ।

# ਸਿੱਖਿਆ ਢਾਂਚੇ ਦਾ ਵਿਕਾਸ ਕਰ ਕੇ ਪੰਜਾਬ ਸਰਕਾਰ ਨੇ ਸੂਬੇ ਦੀ ਤਰੱਕੀ ਦੇ ਬੀਜ ਬੀਜੇ: ਚੇਅਰਮੈਨ ਘੁੱਲੀ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਨਾਉਣ ਵਾਸਤੇ ਵਿੱਢੀ ਗਈ ਮੁਹਿੰਮ "ਪੰਜਾਬ ਸਿੱਖਿਆ ਕ੍ਰਾਂਤੀ" ਤਹਿਤ ਸੂਬੇ ਦੇ ਸਿੱਖਿਆ ਢਾਂਚੇ ਦਾ ਵਿਕਾਸ ਹੋ ਰਿਹਾ ਹੈ, ਜਿਸ ਨਾਲ ਸੂਬੇ ਦੀ ਤਰੱਕੀ ਦੇ ਬੀਜ ਬੀਜੇ ਗਏ ਹਨ।ਅੱਜ ਪਿੰਡ ਕਿਲਾ ਹਕੀਮਾਂ ਵਿਖੇ ਸਰਕਾਰੀ ਹਾਈ ਸਕੂਲ ਦੇ ਹੈਡ ਟੀਚਰ ਹਰਪ੍ਰੀਤ ਸਿੰਘ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਹੈਡ ਟੀਚਰ ਮੈਡਮ ਅਮਨਦੀਪ ਕੌਰ ਦੀ ਅਗਵਾਈ ਹੇਠ ਸਕੂਲ ਵਿੱਚ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਬੱਚਿਆ ਨੂੰ ਸੰਬੋਧਨ ਕਰਦਿਆਂ ਸ, ਘੁੱਲੀ ਨੇ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋਇਆ ਹੈ ।ਇਸ ਮੌਕੇ ਦਰਸਨ ਸਿੰਘ ਸਿੱਖਿਆ ਕੋਆਰਡੀਨੇਟਰ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ,ਸੁਖਪਾਲ ਸਿੰਘ, ਰਾਜ ਕੁਮਾਰ, ਹਰਮਿਲਾਪ ਸਿੰਘ, ਅਮਨਦੀਪ ਸਿੰਘ, ਜਸਪਾਲ ਕੌਰ, ਹਰਵਿੰਦਰ ਕੌਰ, ਰੁਪਿੰਦਰ ਕੌਰ, ਮਨਦੀਪ ਕੌਰ, ਰਮਨਦੀਪ ਕੌਰ, ਅਮਨਦੀਪ ਕੌਰ ਸੁਨੀਲ ਕੁਮਾਰ, ਕਮਲਜੀਤ ਸਿੰਘ, ਅਮਨਦੀਪ ਸਿੰਘ, ਪਰਉਪਕਾਰ ਸਿੰਘ, ਪ੍ਰਿਪਾਲ ਸਿੰਘ, ਬਲਜਿੰਦਰ ਕੌਰ, ਸੰਦੀਪ ਕੌਰ, ਮਨਦੀਪ ਕੌਰ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬਣੇ ਪਾਣੀਆ ਦੇ ਰਾਖੇ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਜਿਨ੍ਹਾਂ ਨੇ ਪੰਜਾਬ ਦੇ ਪਾਣੀਆਂ ਤੇ ਡਾਕਾ ਮਾਰਨ ਦੀ ਕੋਸ਼ਿਸ਼ ਕੀਤੀ ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਣੀਆਂ ਨੂੰ ਰੋਕ ਕੇ, ਪਾਣੀਆਂ ਦੇ ਰਾਖੇ ਦਾ ਖਿਤਾਬ ਆਪਣੇ ਨਾਂ ਕਰਵਾ ਲਿਆ ਹੈ ਜਿਸ ਦੀ ਹਰ ਵਰਗ ਸਲਾਂਘਾ ਕਰ ਰਿਹਾ ਹੈ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪਹਿਲੇ ਮੁੱਖ ਮੰਤਰੀ ਹਨ ਜਿਨਾਂ ਨੇ ਪਾਣੀ ਛੱਡਣ ਤੇ ਪਾਣੀ ਨੂੰ ਬੰਦ ਕਰਨ ਤੱਕ ਪੂਰਾ ਪਹਿਰਾ ਦਿੱਤਾ ਹੈ। ਉਨਾ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਹਮੇਸ਼ਾ ਪੰਜਾਬ ਨਾਲ ਵਿਤਕਰਾ ਕੀਤਾ ਗਿਆ ਹੈ।

ਇਸ ਦੀ ਤਾਜ਼ਾ ਉਦਾਹਰਣ ਪੰਜਾਬ ਦੇ ਪਾਣੀਆਂ ਨੂੰ ਲੁੱਟਣ ਲਈ ਕੇਂਦਰ ਦੀ ਭਾਜਪਾ ਸਰਕਾਰ ਨਵੀਆਂ ਯੋਜਨਾਵਾਂ ਘੜ ਰਹੀ ਹੈ। ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ ਜਿੱਥੇ ਵੱਡੀ ਗਿਣਤੀ ਵਿੱਚ ਲੋਕ ਖੇਤੀਬਾੜੀ ਨਾਲ ਸਬੰਧਤ ਹਨ। ਇਸ ਲਈ ਪੰਜਾਬ ਦੇ ਲੋਕਾਂ ਨੂੰ ਲੋੜ ਨਾਲੋਂ ਵੱਧ ਕੇ ਪਾਣੀ ਦੀ ਜ਼ਰੂਰਤ ਰਹਿੰਦੀ ਹੈ।

ਇਸ ਲਈ ਦਰਿਆਈ ਪਾਣੀ ਤੇ ਸਿਰਫ ਪੰਜਾਬ ਦਾ ਹੱਕ ਹੈ, ਪੰਜਾਬ ਦੇ ਪਾਣੀਆਂ ਤੇ ਕਿਸੇ ਨੂੰ ਵੀ ਡਾਕਾ ਨਹੀਂ ਮਾਰਨ ਦਿੱਤਾ ਜਾਵੇਗਾ।ਪੰਜਾਬ ਦੀ ਜਨਤਾ ਪੰਜਾਬ ਦੇ ਪਾਣੀਆਂ ਨੂੰ ਖੋਹਣ ਵਾਲੇ ਲੋਕਾਂ ਨੂੰ ਮੂੰਹ ਤੋੜਵਾਂ ਜਵਾਬ ਦੇਣ ਲਈ ਹਮੇਸ਼ਾ ਤਿਆਰ ਹੈ।

## ਦਮਦਮੀ ਟਕਸਾਲ ਵੱਲੋਂ ਪਿੰਡ ਗਗੜ ਭਾਣਾ ਵਿਖੇ

# ਸ਼ਹੀਦੀ ਦੀਵਾਨ ਸਜਾਇਆ

## ਸੰਗਤਾਂ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਅਤੇ ਆਪਣਾ ਜੀਵਨ ਸਫਲ ਕਰਨ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ








**ਚੌਕ ਮਹਿਤਾ, 24ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਪਿੰਡ ਗਗੜ ਭਾਣਾ ਵਿੱਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪਰੀਤ ਸਿੰਘ, ਭਾਈ ਗੁਰਲਾਲ ਸਿੰਘ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਇਤਿਹਾਸ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਪਿੰਡ ਗਗੜ ਭਾਣਾ ਦੀ ਪੰਚਾਇਤ, ਗੁਰਦੁਆਰਾ ਸਾਹਿਬ ਦੀ ਪ੍ਰਬੰਦਕ ਕਮੇਟੀ ਹੈਡ ਗਰੰਥੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਸਮੂਹ ਮੈਬਰ ਅਤੇ ਸੰਗਤਾਂ ਨੇ ਹਾਜਰੀਆ ਭਰੀਆਂ। ਇਸ ਮੌਕੇ ਤੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਗੁਰਪ੍ਰੀਤ ਸਿੰਘ ਵੈਦ ਗੁਰਦੁਆਰਾ ਰਾਮ ਥੰਮਨ ਖੁਜਾਲਾ, ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ, ਭਾਈ ਨਿਰਮਲ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ, ਸਰਪੰਚ ਹਰਜਿੰਦਰ ਸਿੰਘ ਜੱਜ,ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਇਕਾਈ
ਭਾਈ ਗੁਰਦੇਵ ਸਿੰਘ ਜੀ ਬਰਾੜ ਰੋਡੇ (ਯੂ.ਕੇ.)
ਭਾਈ ਜਸਪਾਲ ਸਿੰਘ, ਲੈਸਟਰ ਖਜ਼ਾਨਚੀ IPD
ਭਾਈ ਸ਼ਮਸ਼ੇਰ ਬਹਾਦਰ ਸਿੰਘ, ਲੈਸਟਰ ਪ੍ਰੈਸ ਸਕੱਤਰ ਮੀਤ ਖਜ਼ਾਨਚੀ IPD
ਭਾਈ ਅਪਿੰਦਰਪਾਲ ਸਿੰਘ ਹੈਪੀ ਬਰਮਿੰਘਮ ਮੀਤ ਖਜ਼ਾਨਚੀ IPD
ਭਾਈ ਮੱਖਣ ਸਿੰਘ ਇਰਾਨੀ ਬਰਮਿੰਘਮ, ਸੀਨੀਅਰ ਮੈਂਬਰ IPD
ਭਾਈ ਬਲਬੀਰ ਸਿੰਘ ਰੰਧਾਵਾ ਯੂ.ਕੇ.
ਧੰਨਾ ਸਿੰਘ ਗੋਸਲ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਅਮਰੀਕ ਸਿੰਘ ਤੂਰ, ਡਰਬੀ ਸੀਨੀਅਰ ਮੈਂਬਰ IPD
ਭਾਈ ਗੁਰਵਿੰਦਰ ਸਿੰਘ ਬਾਜਵਾ, ਕਵੈਂਟਰੀ ਸੀਨੀਅਰ ਮੈਂਬਰ IPD
ਭਾਈ ਬਲਜੀਤ ਸਿੰਘ ਕੰਗ ਬਰਮਿੰਘਮ ਸਹਿਯੋਗੀ IPD
ਭਾਈ ਨਛੱਤਰ ਸਿੰਘ ਛੋਕਰ, ਡਰਬੀ ਸਹਿਯੋਗੀ IPD
ਜਥੇਦਾਰ ਪ੍ਰਗਟ ਸਿੰਘ ਜੀ ਇਟਲੀ, ਪ੍ਰਧਾਨ IPD
ਜਸਵਿੰਦਰ ਸਿੰਘ ਇਟਲੀ
ਜਥੇਦਾਰ ਨਛੱਤਰ ਸਿੰਘ ਜੀ ਅਸਟਰੀਆ ਪ੍ਰਧਾਨ IPD
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਇੰਟਰਨੈਸ਼ਨਲ ਪੰਥਕ ਦਲ ਤੇ ਸਮੂਹ ਸੰਗਤਾਂ
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਇਕਾਈ
ਭਾਈ ਰਘਵੀਰ ਸਿੰਘ ਵਾਲਸਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ IPD
ਭਾਈ ਕਪਤਾਨ ਸਿੰਘ ਵੁਲਵਰਹੈਂਪਟਨ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ IPD
ਭਾਈ ਰਘਵੀਰ ਸਿੰਘ ਮਾਲੜੀ, ਨੌਟਿੰਘਮ, ਚੀਫ਼ ਆਰਗੇਨਾਈਜ਼ਰ IPD
ਬਾਬਾ ਬਘੇਲ ਸਿੰਘ, ਬਰਮਿੰਘਮ, ਜਥੇਦਾਰ ਧਾਰਮਿਕ ਵਿੰਗ IPD
ਭਾਈ ਰਘਵੀਰ ਸਿੰਘ ਬੀਰ੍ਹਾ, ਬਰਮਿੰਘਮ, ਮੀਤ ਪ੍ਰਧਾਨ IPD
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਹਰਜਿੰਦਰ ਸਿੰਘ ਬ੍ਰੈਡਫੋਰਡ ਸੀਨੀਅਰ ਮੀਤ ਪ੍ਰਧਾਨ IPD
ਭਾਈ ਸੰਤੋਖ ਸਿੰਘ ਕਵੈਂਟਰੀ ਸੀਨੀਅਰ ਮੀਤ ਸਕੱਤਰ IPD
ਭਾਈ ਬਿਕਰਮਜੀਤ ਸਿੰਘ ਵਾਲਸਾਲ ਮੀਤ ਸਕੱਤਰ IPD
ਭਾਈ ਮਨਜਿੰਦਰ ਸਿੰਘ ਕਵੈਂਟਰੀ ਸਾਊਥ ਆਰਗੇਨਾਈਜ਼ਰ IPD
ਭਾਈ ਸੁਰਿੰਦਰਪਾਲ ਸਿੰਘ ਵਾਲਸਾਲ ਮਿਡਲੈਂਡ ਆਰਗੇਨਾਈਜ਼ਰ IPD
ਭਾਈ ਚਰਨਜੀਤ ਸਿੰਘ ਡਰਬੀ, ਨਾਰਥ ਆਰਗੇਨਾਈਜ਼ਰ IPD
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਇੰਟਰਨੈਸ਼ਨਲ ਪੰਥਕ ਦਲ ਤੇ ਸਮੂਹ ਸੰਗਤਾਂ
ਸੰਪਰਕ : 98140-29018, 97815-52538, 98140-13915

### ਕੁਰਾਹੇ ਪਏ ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਹੋਣ ਤੇ ਗੁਰਮਤਿ ਦੇ ਧਾਰਨੀ ਬਣਨ : ਬਾਬਾ ਹਰਨਾਮ ਸਿੰਘ

# ਜੂਨ 84 ਦੇ ਸ਼ਹੀਦਾਂ ਦੀ ਯਾਦ 'ਚ ਵੀਲਾ ਮੀਕੇ ਵਿਖੇ ਸ਼ਹੀਦੀ ਦੀਵਾਨ ਸਜਾਏ



**ਚੌਕ ਮਹਿਤਾ, 24 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਜੂਨ 84 ਸਾਕਾ ਨੀਲਾ ਤਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ 1 ਮਈ ਤੋਂ ਜਿਲਾ ਅੰਮ੍ਰਿਤਸਰ, ਤਰਨਤਾਰਨ ਅਤੇ ਗੁਰਦਾਸਪੁਰ ਦੇ ਵੱਖ ਵੱਖ ਨਗਰਾਂ ਵਿਚ ਲਗਾਤਾਰ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਜਿਸ ਦੇ ਚਲਦਿਆਂ ਪਿੰਡ ਵੀਲਾ ਮੀਕੇ ਅਤੇ ਸਠਿਆਲਾ ਵਿਖੇ ਦੀਵਾਨ ਸਜਾਏ ਗਏ।ਜਿਸ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਲਵਪ੍ਰੀਤ ਸਿੰਘ ਦੇ ਜਥੇ ਨੇ ਰਸ ਭਿੰਨਾਂ ਕੀਰਤਨ ਸਰਵਣ ਕਰਵਾਇਆ। ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੈਕੜਿਆਂ ਦੀ ਗਿਣਤੀ ਵਿਚ ਆਈਆਂ ਸੰਗਤਾਂ ਨੂੰ ਪਾਵਨ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ ਵਿਚੋਂ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਇਤਹਾਸ ਸਰਵਣ ਕਰਵਾ ਕੇ ਨਿਹਾਲ ਕੀਤਾ। ਇਸ ਦੌਰਾਨ ਗਿਆਨੀ ਖਾਲਸਾ ਨੇ ਸੰਗਤ ਨੂੰ ਕਰਮਕਾਂਡ ਛੱਡ ਕੇ ਗੁਰੂ ਵਾਲੇ ਬਣਨ ਅਤੇ ਕੁਰਾਹੇ ਪਏ ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਹੋਣ ਅਤੇ ਗੁਰਮਤਿ ਦੇ ਧਾਰਨੀ ਬਣਨ ਦੀ ਸੇਧ ਦਿੱਤੀ। ਬਾਬਾ ਹਰਨਾਮ ਸਿੰਘ ਖਾਲਸਾ ਨੇ ਦਮਦਮੀ ਟਕਸਾਲ ਦੇ ਨਾਲ ਪਿਆਰ ਰੱਖਣ ਵਾਲੇ ਸਿੰਘ ਭਾਈ ਗੁਰਭਿੰਦਰ ਸਿੰਘ ਪੱਡਾ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਦੇ ਵੱਲੋਂ ਅੱਜ ਦੇ ਦੀਵਾਨਾ ਲਈ ਬੜੇ ਸਚੁੱਜੇ ਢੰਗ ਨਾਲ ਪ੍ਰਬੰਧ ਕੀਤੇ ਗਏ ਸਨ। ਇਸ ਸਮੇਂ ਪੋਥੀ ਦੇ ਪਾਠ ਦੀ ਸੇਵਾ ਭਾਈ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤੀ ਅਤੇ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਨਿਭਾਈ। ਦੀਵਾਨ ਦੀ ਸਮਾਪਤੀ ਵੇਲੇ ਭਾਈ ਗੁਰਭਿੰਦਰ ਸਿੰਘ ਪੱਡਾ ਅਤੇ ਪ੍ਰਬੰਧਕਾਂ ਵੱਲੋ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਸਿਰੋਪਾਓ ਤੇ ਦੁਸ਼ਾਲੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਬੀਰ ਸਿੰਘ ਜੀ ਭੰਗਾਲੀ ਸਾਹਿਬ, ਜੱਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜੱਥੇਦਾਰ ਬਾਬਾ ਕਿਰਪਾ ਸਿੰਘ ਜੀ, ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਸਰਪੰਚ ਕਸ਼ਮੀਰ ਸਿੰਘ ਕਾਲ੍ਹਾ, ਪ੍ਰਧਾਨ ਸੁਖਵਿੰਦਰ ਸਿੰਘ ਮਹਿਤਾ, ਗੁਲਜਿੰਦਰ ਸਿੰਘ ਲਾਡੀ ਨੰਬਰਦਾਰ, ਸਰਪੰਚ ਪ੍ਰਤਾਪ ਸਿੰਘ, ਸਰਪੰਚ ਗੁਰਮੁਖ ਸਿੰਘ, ਸੁਖਜੀਤ ਸਿੰਘ ਮੀਕੇ, ਬਾਬਾ ਬਲਵਿੰਦਰ ਸਿੰਘ, ਬਾਬਾ ਕਸ਼ਮੀਰ ਸਿੰਘ, ਸਵਿੰਦਰ ਸਿੰਘ ਬਸਰਪੁਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

### ਪੱਤਰਕਾਰ ਕੰਵਲਜੀਤ ਸਿੰਘ ਲਾਡੀ ਦੇ ਛੋਟੇ ਭਰਾ ਗੁਰਪ੍ਰੀਤ ਸਿੰਘ ਰਿੰਕੂ ਦੀ ਅੰਤਿਮ ਅਰਦਾਸ ਮੌਕੇ

# ਰਾਜਨੀਤਕ ਧਾਰਮਿਕ ਸਖਸ਼ੀਅਤਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ



**ਜੰਡਿਆਲਾ ਗੁਰੂ, 24 ਮਈ ( ਕੁਲਵੰਤ ਸਿੰਘ ਵਿਰਦੀ )**-ਪੱਤਰਕਾਰ ਕੰਵਲਜੀਤ ਸਿੰਘ ਲਾਡੀ ਦੇ ਛੋਟਾ ਭਰਾ ਗੁਰਪ੍ਰੀਤ ਸਿੰਘ ਰਿੰਕੂ ਜੱਬੋਵਾਲ ਪਿੱਛਲੇ ਦਿਨੀਂ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅੱਜ ਉਨ੍ਹਾਂ ਦੇ ਗ੍ਰਹਿ ਵਿਖੇ ਆਤਮਿਕ ਸ਼ਾਂਤੀ ਲਈ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਗੁਰਦੁਆਰਾ ਸੰਗਤਸਰ ਸਾਹਿਬ ਵਿਖੇ ਕੀਰਤਨੀ ਜੱਥੇ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੇ ਵੈਰਾਗਮਈ ਸ਼ਬਦ ਗਾਇਨ ਕਰਕੇ ਆਕਾਲ ਪੁਰਖ ਦੇ ਭਾਣੇ ਨੂੰ ਮੰਨਣ ਲਈ ਬੇਨਤੀ ਕੀਤੀ। ਕੀਰਤਨ ਉਪਰੰਤ ਕਥਾ ਵਾਚਕ ਭਾਈ ਸਾਹਿਬ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਕਥਾ ਵਿਚਾਰ ਰਾਹੀਂ ਸੰਗਤਾਂ ਨੂੰ ਆਕਾਲ ਪੁਰਖ ਦੇ ਹੁਕਮ ਅਨੁਸਾਰ ਇੰਨਸਾਨ ਦਾ ਇਸ ਧਰਤੀ ਉਪਰ ਜਨਮ ਲੈਣਾਂ, ਸੰਸਾਰ ਵਿੱਚ ਵਿਚਰਨਾਂ ਅਤੇ ਇਸ ਦੁਨੀਆਂ ਤੋਂ ਤੁਰ ਜਾਣਾਂ, ਇਹ ਸਾਰਾ ਕੁਝ ਇੰਨਸਾਨੀ ਜ਼ਿੰਦਗੀ ਦਾ ਹਿੱਸਾ ਹੈ । ਜਿਸ ਨੂੰ ਕੋਈ ਅਣਦਿੱਖ ਸ਼ਕਤੀ ਚਲਾ ਰਹੀ ਹੈ ਤੇ ਸਭ ਮਾੜਾ ਚੰਗਾ ਨੋਟ ਵੀ ਕਰ ਰਹੀ ਹੈ ।ਉਨ੍ਹਾਂ ਕਿਹਾ ਕਿ ਇਸ ਫ਼ਾਨੀ ਸੰਸਾਰ ਉਪਰ ਕ.ਾਇਦਾ ਕਾਨੂੰਨ ਨਾਲ਼ ਵਿੱਚਰਨ ਨਾਲ ਮਨੁੱਖ ਦੁਨੀਆਂ ਵਿੱਚ ਵਡਿਆਈ ਪਾਂਉਦਾ ਹੈ ।ਉਨ੍ਹਾਂ ਕਿਹਾ ਕਿ ਮਨੁੱਖ ਆਪਣੇ ਕੀਤੇ ਕੰਮਾਂ ਨਾਲ ਅਕਾਲ ਪੁਰਖ ਦੀ ਕਚਹਿਰੀ ਵਿੱਚ ਮਾਣ ਸਨਮਾਨ ਪਾਉਂਦਾ ਹੈ । ਪੱਤਰਕਾਰ ਕਵਲਜੀਤ ਸਿੰਘ ਲਾਡੀ ਨੇ ਗੁਰਪੀਤ ਸਿੰਘ ਦੀ ਅੰਤਿਮ ਅਰਦਾਸ ਮੌਕੇ ਪਹੁੰਚਣ ਵਾਲੀਆਂ ਸੰਗਤਾਂ ਦਾ ਇਸ ਦੁੱਖ ਦੀ ਘੜੀ ਵਿੱਚ ਸਾਥ ਖੜੇ ਹੋਣ ਤੇ ਸਾਰੇ ਰਿਸ਼ਤੇਦਾਰ, ਸੱਜਣ ਤੇ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕੀਤਾ । ਇਸ ਮੌਕੇ ਪਰਿਵਾਰ ਦੇ ਦੁੱਖ ਵਿਚ ਸ਼ਰੀਕ ਹੋਣ ਵਾਲਿਆਂ ਵਿੱਚ , ਭਾਜਪਾ ਦੇ ਹਲਕਾ ਜੰਡਿਆਲਾ ਗੁਰੂ ਇੰਚਾਰਜ ਹਰਦੀਪ ਸਿੰਘ ਗਿੱਲ ਵਿਸੇਸ ਤੌਰ ਤੇ ਪੱਤਰਕਾਰ ਕੰਵਲਜੀਤ ਸਿੰਘ ਲਾਡੀ ਦੇ ਛੋਟੇ ਭਰਾ ਦੀ ਬੇ ਵਕਤੀ ਮੌਤ ਦੁੱਖ ਦਾ ਪ੍ਰਗਟਾਵਾ ਕਰਨ ਲਈ ਗੁਰਦੁਆਰਾ ਸੰਤਸਰ ਪਹੁੰਚੇ ਤੇ ਕੰਵਲਜੀਤ ਸਿੰਘ ਲਾਡੀ ਨਾਲ ਦੁੱਖ ਸਾਂਝਾ ਕੀਤਾ, ਤੇ ਜਿਸ ਵਿੱਚ ਹੋਰ ਆਏ ਹੋਏ ਮਹਿਮਾਨਾਂ ਤੇ ਪੱਤਰਕਾਰਾਂ ਜਿਨਾ ਵਿੱਚੋ ਗੁਰਚਰਨ ਸਿੰਘ ਬਿੱਟੂ ,,ਪ੍ਰੈਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ, ਪੱਤਰਕਾਰ ਸੁਨੀਲ ਦੇਵਗਨ, ਪੱਤਰਕਾਰ ਹਰਿੰਦਰ ਸਿੰਘ ਡਡਵਾਲ, ਪੱਤਰਕਾਰ ਭਗਵਾਨ ਸਿੰਘ, ਬਲਵਿੰਦਰ ਸਿੰਘ ਬੱਬੀ, ਪੱਤਰਕਾਰ ਗੁਰਪ੍ਰੀਤ ਸਿੰਘ ਚੰਦੀ, ਪੱਤਰਕਾਰ ਲਖਬੀਰ ਸਿੰਘ ਗਿੱਲ, ਪੱਤਰਕਾਰ ਸੁਖਜਿੰਦਰ ਸਿੰਘ ਸੋਨੂ, ਪੱਤਰਕਾਰ ਗੁਰਪ੍ਰੀਤ ਸਿੰਘ, ਪੱਤਰਕਾਰ ਰਣਜੀਤ ਸਿੰਘ ਪੱਤਰਕਾਰ ਤਰਲੋਚਨ ਸਿੰਘ, ਸੁਖਚੈਨ ਸਿੰਘ ਮਾਸਟਰ, ਦਰਸ਼ਨ ਸਿੰਘ, ਲਾਟ ਸਿੰਘ, ਪ੍ਰਿੰਸਪਾਲ ਸਿੰਘ, ਸਿਮਰਨਜੀਤ ਸਿੰਘ, ਬਿਕਰਮ ਜੀਤ ਸਿੰਘ, ਗੁਰਕੀਰਤ ਸਿੰਘ, ਪ੍ਰਿੰਸਪ੍ਰੀਤ ਸਿੰਘ, ਅਨੰਤਬੀਰ ਸਿੰਘ(ਬੇਟਾ), ਸਾਹਿਬ ਨੂਰ ਸਿੰਘ(ਬੇਟਾ), ਕੁਲਵੰਤ ਸਿੰਘ, ਗੁਰਚਰਨ ਸਿੰਘ ਬਿੱਟੂ, ਕੁਲਦੀਪ ਸਿੰਘ ਭੂਪੀ, ਡਾਕਟਰ ਅਸ਼ਵਨੀ ਸ਼ਰਮਾ, ਪੱਤਰਕਾਰ ਪਰਗਟ ਸਿੰਘ, ਪੱਤਰਕਾਰ ਹਰਜਿੰਦਰ ਸਿੰਘ ਕਲੇਰ, ਕਾਰੀ , ਦਵਿੰਦਰ ਸਹੋਤਾ , ਆਦਿ ਨੇ ਇਸ ਦੁੱਖ ਦੀ ਘੜੀ ਵਿੱਚ ਹਾਜਰੀ ਭਰੀ।

# ਸਕੂਲਾਂ ਵਿੱਚ ਉਸਾਰੂ ਮਾਹੌਲ ਸਿਰਜਣ ਲਈ ਮਾਨ ਸਰਕਾਰ ਨੇ ਚਲਾਈ ਸਿੱਖਿਆ ਕ੍ਰਾਂਤੀ ਮੁਹਿਮ : ਚੇਅਰਮੈਨ ਢਿੱਲੋਂ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਿੱਖਿਆ ਕ੍ਰਾਂਤੀ, ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਲਈ ਅਹਿਮ ਜ਼ਰੀਆ ਸਾਬਤ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਹ ਅੱਜ ਪਿੰਡ ਬਾਲੀਆਂ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਹਾਈ ਸਮਾਰਟ ਸਕੂਲ ਬਾਲੀਆਂ ਦੇ ਪ੍ਰਿੰਸੀਪਲ ਰਜੀਵ ਕੁਮਾਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬਾਲੀਆਂ ਦੇ ਹੈਡ ਟੀਚਰ ਮਨਜੀਤ ਸਿੰਘ ਦੀ ਅਗਵਾਈ ਹੇਠ ਦੋਵਾਂ ਸਕੂਲਾਂ ਵਿੱਚ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੋ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਅਜਿਹਾ ਉਸਾਰੂ ਮਾਹੌਲ ਸਿਰਜਿਆ ਜਾ ਸਕੇ ਜਿਸ ਨਾਲ ਨਵੇਂ ਦਾਖਲਿਆਂ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਉਡੀਕ ਨਾ ਕਰਨੀ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਸਿੱਖਿਆ ਨੂੰ ਅੰਤਰ ਰਾਸ਼ਟਰੀ ਵਿੱਦਿਅਕ ਸੰਸਥਾਵਾਂ ਦੇ ਹਾਣੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਗਿਆ ਹੈ। ਇਸ ਮੌਕੇ ਸਿੱਖਿਆ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ, ਹਰਮਨਜੀਤ ਸਿੰਘ, ਹਰਵਿੰਦਰ ਕੌਰ, ਅਮਰਜੀਤ ਸਿੰਘ, ਮਨਜੀਤ ਕੌਰ, ਅਲਪਨਾ ਸਿੰਗਲਾ, ਨਾਜਰ ਸਿੰਘ, ਸਰਪੰਚ ਕੁਲਦੀਪ ਸਿੰਘ, ਅਮਨਿੰਦਰ ਸਿੰਘ, ਰੰਜੂ ਬਾਲਾ, ਸੁਖਵੰਤ ਸਿੰਘ, ਮਨਪ੍ਰੀਤ ਸਿੰਘ ਸਲੇਮਪੁਰ, ਗਿੰਨੀ ਸਲੇਮਪੁਰ, ਗੁਲਾਬ ਸਿੰਘ ਹਾਜਰ ਸਨ।

# ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸਕੱਤਰ ਰਾਮਵੀਰ ਨੇ ਨਾਭਾ 'ਚ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਨੂੰ ਉੱਚੀਆਂ ਉਡਾਰੀਆਂ ਮਾਰਨ ਲਈ ਪ੍ਰੇਰਿਆ



**ਨਾਭਾ, 24 ਮਈ (ਆਵਾਜ਼ਿ ਕੌਮ ਬਿਊਰੋ)**-ਸੂਚਨਾ ਅਤੇ ਲੋਕ ਸੰਪਰਕ ਵਿਭਾਗ ਤੇ ਪੰਜਾਬ ਮੰਡੀ ਬੋਰਡ ਦੇ ਸਕੱਤਰ ਸ੍ਰੀ ਰਾਮਵੀਰ ਨੇ ਅੱਜ ਸਕੂਲੀ ਵਿਦਿਆਰਥੀਆਂ ਨੂੰ ਮਿੱਥੇ ਟੀਚਿਆਂ ਤੱਕ ਪੁੱਜਣ ਲਈ ਆਪਣੀ ਅਸਲੀ ਤਾਕਤ ਪਛਾਣ ਕੇ ਵੱਧ ਤੋਂ ਵੱਧ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਹ ਪੰਜਾਬ ਸਰਕਾਰ ਦੀ ਨਿਵੇਕਲੀ ਪਹਿਲਕਦਮੀ 'ਸਕੂਲ ਮੈਂਟਰਸ਼ਿਪ' ਪ੍ਰੋਗਰਾਮ ਤਹਿਤ ਨਾਭਾ ਦੇ ਸਕੂਲ ਆਫ਼ ਐਮੀਨੈਂਸ (ਲੜਕਿਆਂ ਦਾ ਸਕੂਲ) ਵਿਖੇ ਵਿਦਿਆਰਥੀਆਂ ਦੇ ਮੈਂਟਰ ਵਜੋਂ ਸੰਬੋਧਨ ਕਰ ਰਹੇ ਸਨ। ਇਸ ਮੌਕੇ ਸ੍ਰੀ ਰਾਮਵੀਰ ਨੇ ਪਟਿਆਲਾ ਜ਼ਿਲ੍ਹੇ 'ਚ ਡਿਪਟੀ ਕਮਿਸ਼ਨਰ ਵਜੋਂ ਨਿਭਾਈ ਸੇਵਾ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜ਼ਿਲ੍ਹੇ ਦੇ ਕਰੀਬ ਪਿੰਡ ਦਾ ਦੌਰਾ ਕੀਤਾ ਹੋਇਆ ਹੈ ਜਿਸ ਕਰਕੇ ਇਹ ਵਿਦਿਆਰਥੀ ਉਨ੍ਹਾਂ ਲਈ ਨਵੇਂ ਨਹੀਂ ਹਨ, ਇਸ ਲਈ ਸਾਰੇ ਬੱਚੇ ਆਪਣੀ ਸ਼ਖ਼ਸੀਅਤ ਉਸਾਰੀ ਲਈ ਉਨ੍ਹਾਂ ਸਮੇਤ ਆਪਣੇ ਅਧਿਆਪਕਾਂ ਨੂੰ ਵੀ ਬਿਨ੍ਹਾਂ ਝਿਜਕੇ ਵੱਧ ਤੋਂ ਵੱਧ ਸਵਾਲ ਪੁੱਛਣ ਲਈ ਅੱਗੇ ਆਉਣ। ਕਈ ਵਿਦਿਆਰਥੀਆਂ ਵੱਲੋਂ ਆਈਏਐਸ ਤੇ ਪੀਸੀਐਸ ਬਣਨ ਦੀ ਇੱਛਾ ਜਾਹਰ ਕਰਨ 'ਤੇ ਸ੍ਰੀ ਰਾਮਵੀਰ ਨੇ ਬੱਚਿਆਂ ਨੂੰ ਸਵੇਰੇ ਸੁਵੱਖਤੇ ਉਠਣ ਦੀ ਆਦਤ ਪਾਉਣ ਸਮੇਤ ਸਫ਼ਲਤਾ ਦੇ ਗੁਰ ਦੱਸਦਿਆਂ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੱਲ੍ਹਾਂ ਮਾਰਨ ਲਈ ਪ੍ਰੇਰਿਤ ਕੀਤਾ ਜਿਸ ਨਾਲ ਉਹ ਸਰੀਰਕ ਤੇ ਦਿਮਾਗੀ ਤੌਰ 'ਤੇ ਤੰਦਰੁਸਤ ਰਹਿਣਗੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਲਈ ਅਸੀਮ ਮੌਕੇ ਹਨ, ਜਿਨ੍ਹਾਂ ਨੂੰ ਪ੍ਰਾਪਤ ਕਰਨ ਲਈ ਲਗਾਤਾਰ ਮਿਹਨਤ ਕਰਨ, ਦ੍ਰਿੜ ਨਿਸ਼ਚਾ ਧਾਰਨ ਅਤੇ ਆਰਾਮ ਪ੍ਰਸਤੀ ਨੂੰ ਤਿਆਗਣ ਦੀ ਲੋੜ ਹੋਵੇਗੀ ।ਉਨ੍ਹਾਂ ਸੱਦਾ ਦਿੱਤਾ ਕਿ ਬੱਚੇ ਇਸ ਮੈਂਟਰਸ਼ਿਪ ਪ੍ਰੋਗਰਾਮ ਤੋਂ ਮਾਰਗਦਰਸ਼ਨ ਲੈਕੇ ਆਪਣੀ ਅਸਲੀ ਤਾਕਤ ਪਛਾਣਨ ਤੇ ਮਿੱਥੇ ਨਿਸ਼ਾਨੇ ਹਾਸਲ ਕਰਨ ਲਈ ਜੁੱਟ ਜਾਣ। ਸੀਨੀਅਰ ਆਈਏਐਸ ਅਧਿਕਾਰੀ ਸ੍ਰੀ ਰਾਮਵੀਰ ਨੇ 1991 'ਚ ਆਪਣੇ 10 ਕਿਲੋਮੀਟਰ ਦੂਰ ਸਕੂਲ ਜਾਣ ਸਮੇਂ ਦੀ ਕਹਾਣੀ ਸੁਣਾਉਂਦਿਆਂ ਦੱਸਿਆ ਕਿ ਇੱਕ ਦਿਨ ਬੱਸਾਂ ਦੀ ਹੜਤਾਲ ਦੇ ਬਾਵਜੂਦ ਉਸਨੂੰ ਕਿਸੇ ਅੰਦਰੂਨੀ ਤਾਕਤ ਨੇ ਪੈਦਲ ਚੱਲ ਕੇ ਸਕੂਲ ਜਾਣ ਲਈ ਪ੍ਰੇਰਿਆ ਅਤੇ ਅੱਜ ਉਸੇ ਤਾਕਤ ਨੇ ਹੀ ਉਨ੍ਹਾਂ ਨੂੰ ਇਸ ਮੁਕਾਮ ਤੱਕ ਪਹੁੰਚਾਇਆ ਹੈ। ਸਕੂਲ ਆਫ਼ ਐਮੀਨੈਂਸ ਨਾਭਾ ਦੇ ਪ੍ਰਿੰਸੀਪਲ ਰਮਨਦੀਪ ਮਦਾਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਨੇ ਸ੍ਰੀ ਰਾਮਵੀਰ ਨੂੰ ਉਨ੍ਹਾਂ ਦੇ ਵਿਦਿਆਰਥੀਆਂ ਦੇ ਮਾਰਗ ਦਰਸ਼ਨ ਲਈ ਤਾਇਨਾਤ ਕੀਤਾ ਹੈ। ਇਸ ਮੌਕੇ ਐਸ.ਡੀ.ਐਮ. ਨਾਭਾ ਡਾ. ਇਸਮਤ ਵਿਜੇ ਸਿੰਘ, ਸਕੂਲ ਦੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।

# ਭਾਖੜਾ ਨਹਿਰ ਵਿੱਚ ਲੀਕੇਜ ਕਾਬੂ 'ਚ

**ਪਟਿਆਲਾ 24 ਮਈ (ਆਵਾਜ਼ਿ ਕੌਮ ਬਿਊਰੋ)**- ਪਸਿਆਣਾ ਵਿਖੇ ਭਾਖੜਾ ਨਹਿਰ ਵਿੱਚ ਆਈ ਅਚਾਨਕ ਲੀਕੇਜ ਦੀ ਸੂਚਨਾਂ ਮਿਲਦੀਆਂ ਹੀ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਫੌਰੀ ਤੌਰ 'ਤੇ ਸਾਈਟ ਦਾ ਦੌਰਾ ਕਰਕੇ ਸਥਿਤੀ ਦਾ ਜਾਇਜਾ ਲਿਆ। ਉਹਨਾਂ ਲੀਕੇਜ ਵਾਲੀ ਥਾਂ 'ਤੇ ਚੱਲ ਰਹੇ ਰੀਪੇਅਰ ਕਾਰਜਾਂ ਦੀ ਨਿਗਰਾਨੀ ਕੀਤੀ ਅਤੇ ਤਕਨੀਕੀ ਅਧਿਕਾਰੀਆਂ ਤੋਂ ਪੂਰੀ ਜਾਣਕਾਰੀ ਲਈ । ਉਹਨਾਂ ਕਿਹਾ ਕਿ ਜਿਵੇਂ ਹੀ ਲੀਕੇਜ ਦੀ ਸੂਚਨਾ ਮਿਲੀ ਜ਼ਿਲ੍ਹਾ ਪ੍ਰਸ਼ਾਸ਼ਨ, ਜਲ ਸਪਲਾਈ ਵਿਭਾਗ ਅਤੇ ਭਾਖੜਾ ਪ੍ਰਬੰਧਨ ਨੇ ਫੁਰਤੀ ਦਿਖਾਈ ਅਤੇ ਤੁਰੰਤ ਕਾਰਵਾਈ ਕਰਕੇ ਲੀਕੇਜ ਨੂੰ ਰੋਕ ਕੇ ਵੱਡਾ ਨੁਕਸਾਨ ਹੋਣ ਤੋਂ ਰੋਕ ਲਿਅ। ਸਿਹਤ ਮੰਤਰੀ ਡਾ ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਹਿਰ ਦੇ ਕੰਢਿਆਂ 'ਤੇ ਸ਼ਤਨਾਜਾ ਜਾਂ ਚਾਵਲ ਨਾਂ ਪਾਇਆ ਜਾਵੇ, ਕਿਉਕਿ ਇਹ ਚੂਹਿਆਂ ਨੂੰ ਆਕਰਸ਼ਿਤ ਕਰਦਾ ਹੈ ਅਤੇ ਪਲੇਗ ਵਰਗੀਆਂ ਘਾਤਕ ਬਿਮਾਰੀਆਂ ਫੈਲਣ ਦਾ ਖਤਰਾ ਬਣ ਜਾਂਦਾ ਹੈ । ਇਹਨਾਂ ਬਿਮਾਰੀਆਂ ਦੇ ਰਾਹੀਂ ਸਿਹਤ ਪ੍ਰਣਾਲੀ 'ਤੇ ਵੀ ਗੰਭੀਰ ਅਸਰ ਪੈਂਦਾ ਹੈ । ਉਹਨਾਂ ਕਿਹਾ ਕਿ ਇਹਨਾਂ ਲੀਕੇਜਿਜ਼. ਰਾਹੀਂ ਨਾਂ ਸਿਰਫ ਜਲ ਸਪਲਾਈ ਤਾਂ ਪ੍ਰਭਾਵਿਤ ਹੁੰਦੀ ਹੀ ਹੈ ਸਗੋਂ ਮੁਨੱਖੀ ਜੀਵਨ , ਪਸ਼ੂਆਂ ਅਤੇ ਫਸਲਾਂ 'ਤੇ ਵੀ ਨੁਕਸਾਨ ਹੋ ਸਕਦਾ ਹੈ।